ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ਨੀਵਾਰ, 22 ਨਵੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੭ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਲੰਬੀ ਛੁੱਟੀ 'ਤੇ ਗਿਆਨੀ ਰਘਬੀਰ ਸਿੰਘ !

**ਅੰਮ੍ਰਿਤਸਰ, 21 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਰਘਬੀਰ ਸਿੰਘ ਨੂੰ ਡਿਊਟੀ ਤੋਂ ਲਾਂਭੇ ਕਰ ਦਿੱਤੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮਿਲੀ ਜਾਣਕਾਰੀ ਦੇ ਅਨੁਸਾਰ ਗਿਆਨੀ ਰਘਬੀਰ ਸਿੰਘ ਨੂੰ ਕਈ ਮਹੀਨਿਆਂ ਦੀ ਲੰਮੀ ਛੁੱਟੀ 'ਤੇ ਭੇਜਿਆ ਗਿਆ ਹੈ। ਗਿਆਨੀ ਰਘਬੀਰ ਸਿੰਘ ਦੀ ਥਾਂ ਗਿਆਨੀ ਅਮਰਜੀਤ ਸਿੰਘ ਸ੍ਰੀ ਦਰਬਾਰ ਸਾਹਿਬ 'ਤੇ ਹੈੱਡ ਗ੍ਰੰਥੀ ਵਜੋਂ ਸੇਵਾ ਨਿਭਾਉਣਗੇ। 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਦਾ ਲੰਮੀ ਛੁੱਟੀ 'ਤੇ ਜਾਣਾ ਪੰਥਕ ਹਲਕਿਆਂ ਵਿੱਚ ਵੱਡੀ ਚਰਚਾ ਦਾ ਵਿਸ਼ਾ ਬਣ ਗਿਆ ਹੈ। ਸੂਤਰਾਂ ਅਨੁਸਾਰ ਉਨ੍ਹਾਂ ਨੂੰ ਜ਼ਬਰੀ ਲੰਮੀ ਛੁੱਟੀ 'ਤੇ ਭੇਜਿਆ ਗਿਆ ਹੈ। 27 ਨਵੰਬਰ ਨੂੰ ਸ਼੍ਰੋਮਣੀ ਕਮੇਟੀ ਦੀ ਅੰਤਰਿੰਗ ਕਮੇਟੀ ਵਿੱਚ ਗਿਆਨੀ ਰਘਬੀਰ ਸਿੰਘ ਬਾਰੇ ਵੱਡਾ ਫੈਸਲਾ ਆ ਸਕਦਾ ਹੈ। ਜਿਸ ਵਿੱਚ ਉਨ੍ਹਾਂ ਦੀਆਂ ਸੇਵਾਵਾਂ ਖਤਮ ਕੀਤੀਆਂ ਜਾ ਸਕਦੀਆਂ ਹਨ। ਗਿਆਨੀ ਰਘਬੀਰ ਸਿੰਘ ਸ੍ਰੀ ਅਕਾਲ ਤਖਤ ਸਾਹਿਬ 'ਤੇ ਜਥੇਦਾਰ ਰਹਿੰਦਿਆਂ 2 ਦਸੰਬਰ ਵਾਲੇ ਸੁਣਾਏ ਫੈਸਲੇ ਤੋਂ ਬਾਅਦ ਕਾਫੀ ਚਰਚਾ ਵਿੱਚ ਆਏ ਸਨ। ਗਿਆਨੀ ਰਘਬੀਰ ਕਈ ਵਾਰ ਮੀਡੀਆ ਅੱਗੇ ਇਹ ਵੀ ਕਹਿੰਦੇ ਨਜ਼ਰ ਆਏ ਕਿ ਮੇਰਾ ਬੈਗ ਤਿਆਰ ਹੈ। ਬਾਦਲ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਵਜ਼ੀਰਾਂ ਨੂੰ ਫਸੀਲ ਤੋਂ ਹੁਕਮ ਸੁਣਾਏ ਜਾਣ ਮਗਰੋਂ ਲਗਾਤਾਰ ਉਨ੍ਹਾਂ ਦੀ ਸੇਵਾਵਾਂ ਖਤਮ ਕਰਨ ਦੀਆਂ ਚਰਚਾਵਾਂ ਚੱਲ ਰਹੀਆਂ ਹਨ।



## ਐਮ. ਪੀ. ਅੰਮ੍ਰਿਤਪਾਲ ਸਿੰਘ ਦੀ ਪੈਰੋਲ ਪਟੀਸ਼ਨ 'ਤੇ ਹਾਈਕੋਰਟ 'ਚ ਹੋਈ ਸੁਣਵਾਈ

# ਹਫ਼ਤੇ ਅੰਦਰ ਫ਼ੈਸਲਾ ਲੈਣ ਦਾ ਹੁਕਮ

**ਚੰਡੀਗੜ੍ਹ, 21 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਖਡੂਰ ਸਾਹਿਬ ਲੋਕ ਸਭਾ ਹਲਕੇ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਵੱਲੋਂ ਸੰਸਦ ਦੇ ਸਰਦ ਰੁੱਤ ਸੈਸ਼ਨ ਵਿੱਚ ਸ਼ਾਮਲ ਹੋਣ ਲਈ ਅਸਥਾਈ ਪੈਰੋਲ ਦੀ ਮੰਗ ਨੂੰ ਲੈ ਕੇ ਅੱਜ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਸੁਣਵਾਈ ਹੋਈ ਹੈ। ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਇੱਕ ਹਫ਼ਤੇ ਦੇ ਅੰਦਰ ਫੈਸਲਾ ਲੈਣ ਦਾ ਹੁਕਮ ਦਿੱਤਾ ਹੈ। ਪੰਜਾਬ ਸਰਕਾਰ ਨੂੰ ਹੁਕਮ ਦਿੱਤਾ ਗਿਆ ਹੈ ਕਿ ਉਹ ਫੈਸਲਾ ਲੈਣ ਕੀ ਪੈਰੋਲ ਦਿੱਤੀ ਜਾ ਸਕਦੀ ਹੈ ਜਾਂ ਫਿਰ ਨਹੀਂ। ਅੰਮ੍ਰਿਤਪਾਲ ਸਿੰਘ ਇਸ ਸਮੇਂ ਰਾਸ਼ਟਰੀ ਸੁਰੱਖਿਆ ਐਕਟ (ਐਨਐਸਏ) ਅਧੀਨ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਨਜ਼ਰਬੰਦ ਹਨ। ਉਨ੍ਹਾਂ ਵੱਲੋਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਇੱਕ ਪਟੀਸ਼ਨ ਦਾਇਰ ਕੀਤੀ ਗਈ ਸੀ, ਜਿਸ ਵਿੱਚ ਜਲਦੀ ਸੁਣਵਾਈ ਦੀ ਬੇਨਤੀ ਕੀਤੀ ਗਈ ਸੀ। ਇਹ ਅਪੀਲ ਚੀਫ਼ ਜਸਟਿਸ ਸ਼ੀਲ ਨਾਗੂ ਦੀ ਅਗਵਾਈ ਵਾਲੇ ਡਿਵੀਜ਼ਨ ਬੈਂਚ ਦੇ ਸਾਹਮਣੇ ਦਾਇਰ ਕੀਤੀ ਗਈ ਸੀ। ਦਰਅਸਲ 'ਚ ਐਮਪੀ ਅੰਮ੍ਰਿਤਪਾਲ ਨੇ ਸੰਸਦ ਦੇ ਮਾਨਸੂਨ ਸੈਸ਼ਨ (1 ਤੋਂ 19 ਦਸੰਬਰ) ਵਿੱਚ ਸ਼ਾਮਲ ਹੋਣ ਲਈ ਪੈਰੋਲ ਦੀ ਮੰਗ ਕੀਤੀ ਸੀ, ਜਿਸ ਲਈ ਉਸਨੇ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ ਸੀ। ਅੰਮ੍ਰਿਤਪਾਲ ਇਸ ਸਮੇਂ ਰਾਸ਼ਟਰੀ ਸੁਰੱਖਿਆ ਐਕਟ (ਐਨਐਸਏ) ਦੇ ਤਹਿਤ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹੈ। ਉਸਨੇ ਪਹਿਲਾਂ ਸੁਪਰੀਮ ਕੋਰਟ ਤੱਕ ਪਹੁੰਚ ਕੀਤੀ ਸੀ ਪਰ ਅਦਾਲਤ ਨੇ ਉਸਨੂੰ ਹਾਈ ਕੋਰਟ ਜਾਣ ਲਈ ਕਿਹਾ ਸੀ। ਚੀਫ ਜਸਟਿਸ ਸ਼ੀਲ ਨਾਗੂ ਅਤੇ ਜਸਟਿਸ ਸੰਜੀਵ ਬੇਰੀ ਦੀ ਹਾਈ ਕੋਰਟ ਦੀ ਬੈਂਚ ਨੇ ਫੈਸਲਾ ਸੁਣਾਇਆ। ਉਨ੍ਹਾਂ ਨੇ ਅੰਮ੍ਰਿਤਪਾਲ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਆਰਐਸ ਬੈਂਸ ਨੂੰ ਵੀ ਸਵਾਲ ਕੀਤਾ ਕਿ ਉਹ ਸੰਸਦ ਵਿੱਚ ਕਿਹੜੇ ਵਿਸ਼ਿਆਂ 'ਤੇ ਬੋਲਣਗੇ ਜਾਂ ਮੂਕ ਦਰਸ਼ਕ ਬਣੇ ਰਹਿਣਗੇ, ਅਤੇ ਉਸਨੇ ਕੀ ਰਿਸਰਚ ਕੀਤੀ ਹੈ। ਅੰਮ੍ਰਿਤਪਾਲ ਦੇ ਵਕੀਲ ਆਰਐਸ ਬੈਂਸ ਨੇ ਜਵਾਬ ਦਿੱਤਾ ਕਿ ਉਹ ਹੜ੍ਹ ਰਾਹਤ ਦੇ ਮੁੱਦੇ 'ਤੇ ਬੋਲਣ ਦੀ ਸੰਭਾਵਨਾ ਰੱਖਦੇ ਹਨ।



## ਐਮ. ਪੀ. ਅੰਮ੍ਰਿਤਪਾਲ ਸਿੰਘ ਦੀ ਮਾਂ ਨੂੰ ਦਿੱਲੀ ਹਵਾਈ ਅੱਡੇ 'ਤੇ ਰੋਕਿਆ ਗਿਆ, ਧੀ ਨੂੰ ਮਿਲਣ ਲਈ ਜਾ ਰਹੀ ਸੀ ਕੈਨੇਡਾ

**ਨਵੀਂ ਦਿੱਲੀ, 21 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਮਾਂ ਬਲਵਿੰਦਰ ਕੌਰ ਨੂੰ ਕੈਨੇਡਾ ਜਾਂਦੇ ਸਮੇਂ ਦਿੱਲੀ ਹਵਾਈ ਅੱਡੇ 'ਤੇ ਰੋਕ ਲਿਆ ਗਿਆ। ਉਹ ਆਪਣੀ ਧੀ ਨੂੰ ਮਿਲਣ ਲਈ ਕੈਨੇਡਾ ਜਾ ਰਹੀ ਸੀ। ਉਸਦਾ ਦਾਅਵਾ ਹੈ ਕਿ ਜਦੋਂ ਉਸਨੇ ਇਸ ਬਾਰੇ ਪੁੱਛਿਆ ਤਾਂ ਅਧਿਕਾਰੀਆਂ ਨੇ ਕਿਹਾ ਕਿ ਉਸਨੂੰ ਅੰਮ੍ਰਿਤਸਰ ਦੇ ਐਸਐਸਪੀ ਦੇ ਹੁਕਮਾਂ 'ਤੇ ਰੋਕਿਆ ਗਿਆ ਸੀ। ਬਲਵਿੰਦਰ ਕੌਰ ਦਾ ਦਾਅਵਾ ਹੈ ਕਿ ਉਸਨੂੰ ਹਵਾਈ ਅੱਡੇ 'ਤੇ ਰੋਕਿਆ ਗਿਆ ਤੇ ਪਰੇਸ਼ਾਨ ਕੀਤਾ ਗਿਆ। ਅਧਿਕਾਰੀਆਂ ਦਾ ਦਾਅਵਾ ਹੈ ਕਿ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਲੁੱਕਆਊਟ ਨੋਟਿਸ ਜਾਰੀ ਕੀਤਾ ਹੈ, ਪਰ ਉਸਦੇ ਖਿਲਾਫ ਕੋਈ ਕੇਸ ਦਰਜ ਨਹੀਂ ਕੀਤਾ ਗਿਆ ਹੈ। ਉਸ ਕੋਲ ਚਾਰ ਸਾਲਾਂ ਤੋਂ ਵੀਜ਼ਾ ਹੈ ਤੇ ਦੁਪਹਿਰ 3:30 ਵਜੇ ਦੁਬਈ ਲਈ ਉਡਾਣ ਭਰਨ ਵਾਲੀ ਸੀ। ਇਸ ਬਾਬਤ ਅੰਮ੍ਰਿਤਪਾਲ ਸਿੰਘ ਦੇ ਚਾਚੇ ਨੇ ਦੱਸਿਆ ਕਿ ਬਲਵਿੰਦਰ ਕੌਰ ਅੱਜ ਦੁਬਈ ਰਾਹੀਂ ਕੈਨੇਡਾ ਜਾ ਰਹੀ ਸੀ। ਉਸਦੀ ਉਡਾਣ ਦੁਪਹਿਰ 3:30 ਵਜੇ ਤੈਅ ਸੀ। ਇਸ ਦੌਰਾਨ, ਉਸਨੂੰ ਦਿੱਲੀ ਹਵਾਈ ਅੱਡੇ 'ਤੇ ਰੋਕ ਦਿੱਤਾ ਗਿਆ। ਅਧਿਕਾਰੀਆਂ ਨੇ ਦੱਸਿਆ ਕਿ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਲੁੱਕਆਊਟ ਨੋਟਿਸ ਜਾਰੀ ਕੀਤਾ ਸੀ, ਜਿਸ ਕਾਰਨ ਉਸਨੂੰ ਰੋਕਿਆ ਗਿਆ। ਉਸਨੇ ਕਿਹਾ ਕਿ ਇਹ ਇੱਕ ਸ਼ਰੇਆਮ ਧੱਕਾ ਹੈ। ਉਸਦੇ ਕੋਲ ਵੀਜ਼ਾ ਸੀ। ਸਾਡੇ ਇੱਕ ਦੋਹਤਾ ਹੋਇਆ ਹੈ ਇਸ ਲਈ ਉਸ ਨੇ ਕੈਨੇਡਾ ਜਾਣਾ ਹੈ। ਜੇਕਰ ਸਾਨੂੰ ਪਹਿਲਾਂ ਹੀ ਨਜ਼ਰਬੰਦੀ ਬਾਰੇ ਪਤਾ ਹੁੰਦਾ, ਤਾਂ ਅਸੀਂ ਟਿਕਟਾਂ 'ਤੇ ਇੰਨੇ ਪੈਸੇ ਖਰਚ ਨਾ ਕਰਦੇ। ਸਾਡੇ ਪਰਿਵਾਰ 'ਤੇ ਇੰਨੀਆਂ ਪਾਬੰਦੀਆਂ ਲਗਾਈਆਂ ਗਈਆਂ ਹਨ। ਉਸਨੇ ਅੱਗੇ ਕਿਹਾ ਕਿ ਅੰਮ੍ਰਿਤਪਾਲ ਦੀ ਮਾਂ ਵਿਰੁੱਧ ਕੋਈ ਐਫਆਈਆਰ ਦਰਜ ਨਹੀਂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਅਸੀਂ ਵਿਦੇਸ਼ ਜਾ ਕੇ ਨਹੀਂ ਰਹਿਣਾ ਚਾਹੁੰਦੇ ਇਹ ਸਾਡਾ ਦੇਸ਼ ਹੈ, ਇਸ ਨੂੰ ਲੈ ਕੇ ਅਸੀਂ ਕਾਨੂੰਨੀ ਲੜਾਈ ਲੜਾਂਗੇ।



## ਐਮ. ਪੀ. ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਪਟੀਸ਼ਨ 'ਤੇ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ

**ਚੰਡੀਗੜ੍ਹ, 21 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਤੇ ਹਰਿਆਣਾ ਹਾਈਕੋਰਟ 'ਚ ਸਾਂਸਦ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਪਟੀਸ਼ਨ 'ਤੇ ਸੁਣਵਾਈ ਹੋਈ। ਸੁਣਵਾਈ ਦੌਰਾਨ ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਪਟੀਸ਼ਨ 'ਤੇ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕੀਤਾ ਹੈ। ਅਦਾਲਤ ਵੱਲੋਂ ਐਸਸੀ ਕਮਿਸ਼ਨ ਨੂੰ ਮਾਮਲੇ 'ਚ ਦਖਲ ਨਾ ਦੇਣ ਦੇ ਵੀ ਹੁਕਮ ਦਿੱਤਾ ਹੈ। ਦੱਸ ਦਈਏ ਕਿ ਰਾਜਾ ਵੜਿੰਗ ਨੇ ਤਰਨਤਾਰਨ ਵਿੱਚ ਆਪਣੇ ਚੋਣ ਪ੍ਰਚਾਰ ਦੌਰਾਨ ਸਾਬਕਾ ਕੇਂਦਰੀ ਮੰਤਰੀ ਬੂਟਾ ਸਿੰਘ ਵਿਰੁੱਧ ਇਤਰਾਜ਼ਯੋਗ ਬਿਆਨ ਦੇਣ ਸਬੰਧੀ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਕੀਤੀ ਜਾ ਰਹੀ ਕਾਰਵਾਈ ਨੂੰ ਚੁਣੌਤੀ ਦਿੱਤੀ ਹੈ। ਪਟੀਸ਼ਨ ਵਿੱਚ ਵੜਿੰਗ ਨੇ ਤਰਨਤਾਰਨ ਉਪ ਚੋਣ ਪ੍ਰਚਾਰ ਦੌਰਾਨ 2 ਨਵੰਬਰ ਨੂੰ ਬੂਟਾ ਸਿੰਘ ਬਾਰੇ ਕੀਤੀ ਗਈ ਟਿੱਪਣੀ ਦੇ ਸਬੰਧ ਵਿੱਚ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਉਨ੍ਹਾਂ ਵਿਰੁੱਧ ਕੀਤੀ ਜਾ ਰਹੀ ਖੁਦਮੁਖਤਿਆਰੀ ਕਾਰਵਾਈ 'ਤੇ ਰੋਕ ਲਗਾਉਣ ਦੀ ਮੰਗ ਕੀਤੀ ਹੈ। ਵੜਿੰਗ ਦਾ ਤਰਕ ਹੈ ਕਿ ਜਦੋਂ 4 ਨਵੰਬਰ ਨੂੰ ਇਸ ਮਾਮਲੇ ਵਿੱਚ ਉਨ੍ਹਾਂ ਵਿਰੁੱਧ ਪਹਿਲਾਂ ਹੀ ਐਫਆਈਆਰ ਦਰਜ ਕੀਤੀ ਜਾ ਚੁੱਕੀ ਹੈ, ਤਾਂ ਕਮਿਸ਼ਨ ਵੱਲੋਂ ਵੱਖਰੀ ਕਾਰਵਾਈ ਸ਼ੁਰੂ ਕਰਨਾ ਗਲਤ ਹੈ। ਰਾਜਾ ਵੜਿੰਗ ਨੇ ਕਮਿਸ਼ਨ ਦੇ ਚੇਅਰਮੈਨ 'ਤੇ ਰਾਜਨੀਤਿਕ ਰੰਜਿਸ਼ ਦੇ ਆਧਾਰ 'ਤੇ ਕਾਰਵਾਈ ਕਰਨ ਦਾ ਇਲਜ਼ਾਮ ਲਗਾਉਂਦੇ ਹੋਏ ਕਿਹਾ ਹੈ ਕਿ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਹੁਣ ਲਗਾਤਾਰ ਉਨ੍ਹਾਂ ਵਿਰੁੱਧ ਬਿਆਨ ਦੇ ਰਹੇ ਹਨ।



## ਪੰਜਾਬ ਸਰਕਾਰ ਨੂੰ ਪੰਜਾਬ ਤੇ ਹਰਿਆਣਾ ਹਾਈਕੋਰਟ ਤੋਂ ਵੱਡਾ ਝਟਕਾ; ਸ਼੍ਰੋਮਣੀ ਅਕਾਲੀ ਦਲ ਦੇ ਆਗੂ ਨਛੱਤਰ ਸਿੰਘ ਗਿੱਲ ਨੂੰ ਮਿਲੀ ਅੰਤਰਿਮ ਜ਼ਮਾਨਤ

**ਚੰਡੀਗੜ੍ਹ, 21 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਆਈਟੀ ਵਿੰਗ ਦੇ ਪ੍ਰਧਾਨ ਨਛੱਤਰ ਸਿੰਘ ਗਿੱਲ ਨੂੰ ਵੱਡੀ ਰਾਹਤ ਦਿੱਤੀ ਗਈ ਹੈ। ਦੱਸ ਦਈਏ ਕਿ ਹਾਈਕੋਰਟ ਨੇ ਸ਼੍ਰੋਮਣੀ ਅਕਾਲੀ ਦਲ ਦੇ ਆਈਟੀ ਵਿੰਗ ਨਛੱਤਰ ਸਿੰਘ ਗਿੱਲ ਨੂੰ ਅੰਤਰਿਮ ਜ਼ਮਾਨਤ ਦਿੱਤੀ ਗਈ ਹੈ। ਜਿਸ ਕਾਰਨ ਪੰਜਾਬ ਦੀ ਮਾਨ ਸਰਕਾਰ ਨੂੰ ਵੱਡਾ ਝਟਕਾ ਲੱਗਿਆ ਹੈ। ਮਿਲੀ ਜਾਣਕਾਰੀ ਮੁਤਾਬਿਕ ਪੰਜਾਬ ਤੇ ਹਰਿਆਣਾ ਹਾਈਕੋਰਟ 'ਚ ਸ਼੍ਰੋਮਣੀ ਅਕਾਲੀ ਦਲ ਦੇ ਐਡਵੋਕੇਟ ਅਰਸ਼ਦੀਪ ਸਿੰਘ ਕਲੇਰ ਵੱਲੋਂ ਪਟੀਸ਼ਨ ਦਾਇਰ ਕੀਤੀ ਸੀ। ਜਿਸ ਮਗਰੋਂ ਹਾਈਕੋਰਟ ਵੱਲੋਂ ਫੈਸਲਾ ਸੁਣਾਇਆ ਗਿਆ। ਇਸ ਤੋਂ ਇਲਾਵਾ ਹਾਈਕੋਰਟ ਨੇ ਨਛੱਤਰ ਸਿੰਘ ਗਿੱਲ ਦੀ ਗ੍ਰਿਫਤਾਰੀ ਨੂੰ ਗੈਰ ਕਾਨੂੰਨੀ ਕਰਾਰ ਦਿੱਤਾ ਹੈ।

## ਦਿੱਲੀ ਧਮਾਕੇ ਦੀ ਅੰਤਰਰਾਸ਼ਟਰੀ ਸਾਜ਼ਿਸ਼ ਬੇਨਕਾਬ ! ਤੁਰਕੀ 'ਚ ਸੀਰੀਆਈ ਆਤੰਕੀ ਨਾਲ ਡਾ. ਉਮਰ ਦੀ ਗੁਪਤ ਮੀਟਿੰਗ ਦਾ ਵੱਡਾ ਖੁਲਾਸਾ !

**ਨਵੀਂ ਦਿੱਲੀ, 21 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਕਾਰ ਧਮਾਕੇ ਕੇਸ ਵਿੱਚ ਜਾਂਚ ਏਜੰਸੀਆਂ ਨੇ ਕਈ ਵੱਡੇ ਖੁਲਾਸੇ ਕੀਤੇ ਹਨ। ਪਤਾ ਲੱਗਿਆ ਹੈ ਕਿ ਇਸ ਧਮਾਕੇ ਦਾ ਮਾਸਟਰਮਾਈਂਡ ਅੱਤਵਾਦੀ ਡਾ. ਉਮਰ 2022 ਵਿੱਚ ਤੁਰਕੀ ਗਿਆ ਸੀ, ਜਿੱਥੇ ਉਸ ਨੇ ਇੱਕ ਸੀਰੀਆਈ ਆਤੰਕੀ ਨਾਲ ਮੁਲਾਕਾਤ ਕੀਤੀ ਸੀ। ਇਸ ਮੁਲਾਕਾਤ ਦੌਰਾਨ ਡਾ. ਮੁਜ਼ੰਮਿਲ ਸ਼ਕੀਲ ਗਨਈ ਅਤੇ ਡਾ. ਮੁਜ਼ਫ਼ਫਰ ਰੈਦਰ ਵੀ ਉਸ ਦੇ ਨਾਲ ਸਨ। ਇਹ ਮੁਲਾਕਾਤ ਉਨ੍ਹਾਂ ਦੇ ਪਾਕਿਸਤਾਨੀ ਹੈਂਡਲਰ ਉਕਾਸ਼ਾ ਦੇ ਹੁਕਮ 'ਤੇ ਕਰਵਾਈ ਗਈ ਸੀ। ਟਾਈਮਜ਼ ਆਫ਼ ਇੰਡੀਆ ਦੀ ਰਿਪੋਰਟ ਮੁਤਾਬਕ, ਤਿੰਨੇ ਅੱਤਵਾਦੀ ਲਗਭਗ 20 ਦਿਨ ਤੁਰਕੀਏ ਵਿੱਚ ਰਹੇ। ਉਹ ਆਪਣੇ ਪਾਕਿਸਤਾਨੀ ਮਾਸਟਰਮਾਈਂਡ ਉਕਾਸ਼ਾ ਨਾਲ ਮਿਲਣਾ ਚਾਹੁੰਦੇ ਸਨ, ਜੋ ਪਾਕਿਸਤਾਨ-ਅਫਗਾਨਿਸਤਾਨ ਸਰਹੱਦ 'ਤੇ ਰਹਿੰਦਾ ਹੈ। ਹਾਲਾਂਕਿ ਉਹ ਉਨ੍ਹਾਂ ਨਾਲ ਨਹੀਂ ਮਿਲ ਸਕਿਆ, ਪਰ ਉਸ ਨੇ ਉਨ੍ਹਾਂ ਨੂੰ ਸੀਰੀਆਈ ਆਤੰਕੀ ਨਾਲ ਮਿਲਣ ਦਾ ਹੁਕਮ ਦਿੱਤਾ। ਰਿਪੋਰਟ ਅਨੁਸਾਰ, ਡਾ. ਮੁਜ਼ਫ਼ਫਰ ਯੂਏਈ ਰਾਹੀਂ ਅਫਗਾਨਿਸਤਾਨ ਗਿਆ ਅਤੇ ਅਲ-ਕਾਇਦਾ ਵਿੱਚ ਸ਼ਾਮਲ ਹੋ ਗਿਆ। ਉੱਧਰ ਉਕਾਸ਼ਾ ਨੇ ਡਾ. ਉਮਰ ਨੂੰ ਭਾਰਤ ਵਾਪਸ ਆ ਕੇ ਜੈਸ਼-ਏ-ਮੁਹੰਮਦ ਦੀ ਵੱਡੀ ਯੋਜਨਾ ਨੂੰ ਅੰਜਾਮ ਦੇਣ ਲਈ ਕਿਹਾ। ਭਾਰਤ ਆਉਣ ਤੋਂ ਬਾਅਦ ਡਾ. ਉਮਰ ਨੇ ਅਲ-ਫਲਾਹ ਯੂਨੀਵਰਸਿਟੀ ਜੋਇਨ ਕੀਤੀ ਅਤੇ ਉੱਥੇ ਹੀ ਇੱਕ ਆਤੰਕੀ ਮੋਡੀਊਲ ਤਿਆਰ ਕੀਤਾ, ਜੋ ਪੂਰੇ ਭਾਰਤ ਵਿੱਚ ਹਮਲੇ ਕਰਨ ਦੀ ਤਿਆਰੀ ਕਰ ਰਿਹਾ ਸੀ। NIA ਦੇ ਮੁਤਾਬਕ, ਗ੍ਰਿਫ਼ਤਾਰ ਕੀਤੇ ਗਏ ਤਿੰਨ ਡਾਕਟਰ ਅਤੇ ਮੌਲਵੀ ਮੁਫ਼ਤੀ ਇਰਫ਼ਾਨ ਅਹਿਮਦ ਵਾਗੇ ਦਿੱਲੀ ਕਾਰ ਧਮਾਕੇ ਵਿੱਚ ਵੱਡੀ ਭੂਮਿਕਾ ਨਿਭਾ ਰਹੇ ਸਨ। ਉਨ੍ਹਾਂ ਦਾ ਮਕਸਦ ਦੇਸ਼ ਭਰ ਵਿੱਚ ਇਸੇ ਤਰ੍ਹਾਂ ਦੇ ਹਮਲੇ ਕਰਨਾ ਸੀ। ਇਸ ਤੋਂ ਪਹਿਲਾਂ NIA ਨੇ ਪਲੰਬਰ ਅਮੀਰ ਰਸ਼ੀਦ ਅਲੀ ਅਤੇ ਜਸੀਰ ਬਿਲਾਲ ਵਾਨੀ ਨੂੰ ਗ੍ਰਿਫ਼ਤਾਰ ਕੀਤਾ ਸੀ। ਅਮੀਰ ਨੇ ਧਮਾਕੇ ਵਿੱਚ ਵਰਤੀ ਗਈ ਕਾਰ ਖਰੀਦਣ ਵਿੱਚ ਮਦਦ ਕੀਤੀ ਸੀ, ਜਦਕਿ ਜਸੀਰ 'ਤੇ ਡਰੋਨ ਨੂੰ ਰਾਕੇਟ ਵਿੱਚ ਤਬਦੀਲ ਕਰਨ ਲਈ ਤਕਨੀਕੀ ਮਦਦ ਦੇਣ ਦਾ ਗੰਭੀਰ ਦੋਸ਼ ਹੈ। ਜਾਂਚ ਦੌਰਾਨ ਪਤਾ ਲੱਗਿਆ ਕਿ ਡਾ. ਉਮਰ ਧਮਾਕੇ ਵਿੱਚ ਵਰਤੀ ਗਈ ਕਾਰ ਖਰੀਦਣ ਤੋਂ ਇੱਕ ਹਫ਼ਤਾ ਪਹਿਲਾਂ ਪੰਪੋਰ ਗਿਆ ਸੀ ਤਾਂ ਜੋ ਪੈਸਿਆਂ ਦਾ ਇੰਤਜ਼ਾਮ ਕੀਤਾ ਜਾ ਸਕੇ। ਇਸ ਤੋਂ ਬਾਅਦ ਉਹ ਅਮੀਰ ਦੇ ਨਾਲ ਹਰਿਆਣਾ ਗਿਆ ਅਤੇ ਅਮੀਰ ਦੇ ਨਾਮ 'ਤੇ ਕਾਰ ਖਰੀਦੀ। ਧਮਾਕੇ ਤੋਂ ਕੁਝ ਦਿਨ ਪਹਿਲਾਂ ਅਮੀਰ ਵਾਪਸ ਪੰਪੋਰ ਲੌਟ ਗਿਆ ਸੀ। ਇਹ ਸਾਰੇ ਦੋਸ਼ੀ ਸਭ ਤੋਂ ਪਹਿਲਾਂ ਜੰਮੂ-ਕਸ਼ਮੀਰ ਪੁਲਿਸ ਵੱਲੋਂ ਗ੍ਰਿਫ਼ਤਾਰ ਕੀਤੇ ਗਏ ਸਨ। ਜਾਂਚ ਦੌਰਾਨ ਅਲ-ਫਲਾਹ ਯੂਨੀਵਰਸਿਟੀ ਤੋਂ ਕੱਟੜਪੰਥੀ ਪੋਸਟਰ ਅਤੇ ਸਮੱਗਰੀ ਵੀ ਬਰਾਮਦ ਕੀਤੀ ਗਈ। ਡਾ. ਮੁਜ਼ੰਮਿਲ, ਡਾ. ਅਦੀਲ ਅਤੇ ਡਾ. ਉਮਰ ਟੈਲੀਗ੍ਰਾਮ ਰਾਹੀਂ ਪਾਕਿਸਤਾਨ ਦੇ ਹੈਂਡਲਰ ਫ਼ੈਸਲ, ਹਾਸ਼ਿਮ ਅਤੇ ਉਕਾਸ਼ਾ ਨਾਲ ਜੁੜੇ ਹੋਏ ਸਨ। ਇਹ ਹੈਂਡਲਰ ਉਨ੍ਹਾਂ ਨੂੰ ਬੰਬ ਬਣਾਉਣ ਦੇ ਵੀਡੀਓ, ਕੱਟੜਪੰਥੀ ਸਮੱਗਰੀ ਅਤੇ ਓਪਰੇਸ਼ਨ ਸੰਬੰਧੀ ਹੁਕਮ ਭੇਜਦੇ ਰਹਿੰਦੇ ਸਨ।



## ਜਥੇਦਾਰ ਸ੍ਰੀ ਅਕਾਲ ਤਖਤ, ਪੰਥ ਨੂੰ ਜਵਾਬਦੇਹ, ਨਾ ਕਿ ਸਿਰੋਂ ਮੋਨੇ ਤੇ ਦਾਹੜੀ ਕੱਟੇ ਮੁੱਖ ਮੰਤਰੀ ਨੂੰ : ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ





**ਸ੍ਰੀ ਆਨੰਦਪੁਰ ਸਾਹਿਬ, 21 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਬੀਤੇ ਕੱਲ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਜਥੇਦਾਰ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ 'ਤੇ ਚੁੱਕੇ ਗਏ ਸਵਾਲਾਂ 'ਤੇ ਅੱਜ ਪ੍ਰਤੀਕਿਰਿਆ ਦਿੰਦਿਆਂ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਿਰੋਂ ਮੋਨੇ ਤੇ ਦਾੜੀ ਕੱਟੇ ਮੁੱਖ ਮੰਤਰੀ ਨੂੰ ਸ੍ਰੀ ਅਕਾਲ ਤਖਤ ਸਾਹਿਬ ਦਾ ਜਥੇਦਾਰ ਜਵਾਬਦੇਹ ਨਹੀਂ ਹੈ। ਉਨ੍ਹਾਂ ਆਖਿਆ ਕਿ ਅੱਜ ਸਮੁੱਚਾ ਪੰਥ ਸ੍ਰੀ ਆਨੰਦਪੁਰ ਸਾਹਿਬ ਵਿਖੇ ਸ਼ਤਾਬਦੀਆਂ ਮਨਾ ਰਿਹਾ ਤੇ ਜੇਕਰ ਗੁਰੂ ਦਾ ਇਹ ਪੰਥ ਉਹਨਾਂ ਨੂੰ ਕੋਈ ਸਵਾਲ ਕਰੇਗਾ ਤਾਂ ਜਥੇਦਾਰ ਗੁਰੂ ਦੇ ਪੰਥ ਨੂੰ ਜਵਾਬਦੇਹ ਹਨ। ਜਥੇਦਾਰ ਗੜਗੱਜ ਨੇ ਕਿਹਾ ਕਿ ਬਹੁਤ ਸਰਕਾਰਾਂ ਆਈਆਂ ਤੇ ਬਹੁਤ ਸਰਕਾਰਾਂ ਗਈਆਂ ਉਹਨਾਂ ਨੇ ਕਦੇ ਸਰਕਾਰਾਂ ਦੀ ਪਰਵਾਹ ਨਹੀਂ ਕੀਤੀ। ਉਹਨਾਂ ਆਖਿਆ ਕਿ ਸਾਡੇ ਲਈ ਅਸਲੀ ਸਰਕਾਰ ਗੁਰੂ ਕਲਗੀਧਰ ਦੀ ਸਰਕਾਰ ਹੈ। ਇਸ ਮੌਕੇ ਉਨ੍ਹਾਂ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਵੀ ਮੌਜੂਦ ਸਨ। ਦੱਸ ਦਈਏ ਕਿ CM ਮਾਨ ਨੇ ਬੀਤੇ ਦਿਨ ਸੀਐਮ ਮਾਨ ਨੇ ਹਮਲਾ ਕਰਦਿਆਂ ਕਿਹਾ ਸੀ ਕਿ ਇਨ੍ਹਾਂ ਲੋਕਾਂ ਨੇ ਹਮੇਸ਼ਾ ਧਰਮ ਦੇ ਨਾਂ 'ਤੇ ਵੋਟਾਂ ਮੰਗੀਆਂ ਹਨ ਅਤੇ ਜਦੋਂ ਵੀ ਇਨ੍ਹਾਂ 'ਤੇ ਕੋਈ ਮੁਸੀਬਤ ਆਉਂਦੀ ਹੈ ਜਾਂ ਕੋਈ ਇਨ੍ਹਾਂ ਦੀ ਨਿੰਦਾ ਕਰਦਾ ਹੈ, ਤਾਂ ਇਹ ਧਰਮ ਨੂੰ ਆਪਣੀ ਢਾਲ ਵਜੋਂ ਵਰਤਦੇ ਹਨ। ਇਹ ਲੋਕ ਆਪਣੀਆਂ ਗਲਤੀਆਂ ਨੂੰ ਛੁਪਾਉਣ ਲਈ ਧਰਮ ਨੂੰ ਅੱਗੇ ਕਰ ਦਿੰਦੇ ਹਨ। ਇਸ ਦੇ ਨਾਲ ਹੀ ਉਨ੍ਹਾਂ ਨੇ ਖੁੱਲ੍ਹੀ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਆਉਣ ਵਾਲੇ ਸੈਸ਼ਨ ਵਿੱਚ ਆ ਕੇ ਇਨ੍ਹਾਂ ਦੇ ਸਾਰੇ ਕੱਚੇ-ਚਿੱਠੇ ਖੋਲ੍ਹਣਗੇ। ਉਨ੍ਹਾਂ ਨੇ ਸਾਫ਼ ਕੀਤਾ ਕਿ ਹੁਣ ਧਰਮ ਦੇ ਨਾਂ 'ਤੇ ਰਾਜਨੀਤੀ ਕਰਨ ਵਾਲਿਆਂ ਦੀ ਅਸਲੀਅਤ ਜਨਤਾ ਦੇ ਸਾਹਮਣੇ ਲਿਆਂਦੀ ਜਾਵੇਗੀ।

# ਸੱਦਾ ਪੱਤਰ

# 8ਵੀਂ ਬਰਸੀ ਦੀ ਮਿੱਠੀ ਯਾਦ ਮੌਕੇ

## ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦਾ ਭੋਗ 19 ਦਸੰਬਰ ਨੂੰ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

## 8ਵੀਂ ਬਰਸੀ ਤੇ ਮਿੱਠੀ ਯਾਦ ਮੌਕੇ

ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਅਰੰਭ ਸ੍ਰੀ ਅਖੰਡਪਾਠ ਸਾਹਿਬ 19 ਦਸੰਬਰ 2025 ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਅਤੇ ਭੋਗ ਸ੍ਰੀ ਅਖੰਡਪਾਠ ਸਾਹਿਬ 21 ਦਸੰਬਰ 2025 ਦਿਨ ਐਤਵਾਰ ਸਵੇਰੇ 10 ਵਜੇ ਪਾਏ ਜਾਣਗੇ

**ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਉਪਰੰਤ ਗੁਰਦੁਆਰਾ ਸਾਹਿਬ ਦਾ ਹਜ਼ੂਰੀ ਜਥਾ ਕੀਰਤਨ ਕਰੇਗਾ। ਸਿੱਖ ਪ੍ਰਚਾਰਕ ਬਾਬਾ ਬਘੇਲ ਸਿੰਘ ਜੀ ਗੁਰਬਾਣੀ ਕਥਾ ਦੁਆਰਾ ਨਿਹਾਲ ਕਰਨਗੇ। ਭਾਈ ਹਰਮੇਲ ਸਿੰਘ ਦਿਲਬਰ ਦਾ ਢਾਡੀ ਜੱਥਾ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ।**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਅੱਠਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

--- ✶ ਗੁਰਦੁਆਰਾ ਸਾਹਿਬ ਦਾ ਪਤਾ ✶----

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**

-- ✶ ਸਤਿਗੁਰੂ ਦੇ ਭਾਣੇ ਵਿੱਚ ✶--

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |


Contact : 07830202647 (Jarnail Singh Johal), 07976210161 (Raghbir Singh)

ਆਵਾਜ਼ਿ ਕੌਮ
AWAZE QAUM
International Newspaper & WEB TV



# ਤਿਲਕ ਜੰਞੂ ਰਾਖਾ ਪ੍ਰਭ ਤਾ ਕਾ॥ ਕੀਨੋ ਬਡੋ ਕਲੂ ਮਹਿ ਸਾਕਾ।
# ਸਾਧਨ ਹੇਤਿ ਇਤੀ ਜਿਨਿ ਕਰੀ॥ ਸੀਸੁ ਦੀਆ ਪਰੁ ਸੀ ਨ ਉਚਰੀ॥

## 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ


# ਗੁਰਮਤਿ ਸਮਾਗਮ

**GURU NANAK GURDWARA WILLENHALL 65-67 WALSAL ROAD (WV13 2RD)**

**30 ਨਵੰਬਰ 2025 ਦਿਨ ਐਤਵਾਰ ਨੂੰ 3 ਵਜੇ ਸ੍ਰੀ ਸਹਿਜ ਪਾਠ ਦੇ ਭੋਗ ਪੈਣ ਉਪਰੰਤ ਦੀਵਾਨ ਸਜਾਏ ਜਾਣਗੇ**


ਭਾਈ ਅੰਮ੍ਰਿਤਪਾਲ ਸਿੰਘ ਢੱਪਈ
(3:30 ਵਜੇ)


ਭਾਈ ਕਮਲਜੀਤ ਸਿੰਘ ਜੀ
ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ
(4:30 ਵਜੇ)

ਰਹਿਰਾਸ ਸਾਹਿਬ ਜੀ ਦੇ ਜਾਪ 5:30 ਵਜੇ ਤੋ 6:00 ਵਜੇ ਤੱਕ ਹੋਣਗੇ

ਗੁਰੂ ਕਾ ਲੰਗਰ ਅਤੁੱਟ ਵਰਤੇਗਾ


ਪੰਥ ਪ੍ਰਸਿੱਧ ਕਵੀਸ਼ਰੀ ਜਥਾ
ਜਾਗੋਵਾਲਾ ਜਥਾ
(6 ਵਜੇ)


ਭਾਈ ਜਗਤਾਰ ਸਿੰਘ ਜੀ
ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ
(7 ਵਜੇ)


**ਸੇਵਾ : ਸਮੂਹ ਨੌਜਵਾਨ ਸੇਵਾਦਾਰਾਂ, ਇੰਟਰਨੈਸ਼ਨਲ ਸਟੂਡੈਂਟਸ ਵੱਲੋਂ, ਗੁਰਦੁਆਰਾ ਪ੍ਰਬੰਧਕਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ**

**ਸੰਪਰਕ :- ਭਾਈ ਸਤਨਾਮ ਸਿੰਘ ਜੀ ਸੰਘਾ 07532825588 ਭਾਈ ਸੁਖਬੀਰ ਸਿੰਘ ਜੀ 07442671204**



## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net



**ਆਵਾਜ਼ਿ ਕੌਮ**
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ


ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★






SANJHA PUNJAB

VEG & NON-VEG INDIAN

TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

SANJHA PUNJAB

VEG & NON-VEG INDIAN

0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

**Contact :**
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'




**ਅੱਜ 22 ਨਵੰਬਰ ਨੂੰ ਬਰਸੀ ’ਤੇ ਵਿਸ਼ੇਸ਼**

# ਸੰਘਰਸ਼ਸ਼ੀਲ ਆਗੂ ਸਨ ਮਾਸਟਰ ਤਾਰਾ ਸਿੰਘ

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040



20ਵੀਂ ਸਦੀ ਦੇ ਉੱਘੇ ਸਿੱਖ ਆਗੂਆਂ ਵਿੱਚੋਂ ਇਕ ਸਨ, ਮਾਸਟਰ ਤਾਰਾ ਸਿੰਘ । ਜਿਨ੍ਹਾਂ ਸਮੁੱਚਾ ਜੀਵਨ ਸ਼੍ਰੋਮਣੀ ਅਕਾਲੀ ਦਲ ਅਤੇ ਦੇਸ਼ ਵਿੱਚ ਵੱਸਦੇ ਸਮੁੱਚੇ ਸਿੱਖ-ਹਿੱਤਾਂ ਦੇ ਵੱਡੇ ਹਿੱਤਾਂ ਲਈ ਸੰਘਰਸ਼ ਕੀਤਾ । ਮਾਸਟਰ ਜੀ ਦਾ ਜਨਮ ਲਹਿੰਦੇ ਪੰਜਾਬ (ਪਾਕਿਸਤਾਨ) ਦੇ ਜ਼ਿਲ੍ਹਾ ਰਾਵਲਪਿੰਡੀ ਦੇ ਹਰਿਆਲ ਪਿੰਡ ਵਿੱਚ ਪਿਤਾ ਬਖ਼ਸ਼ੀ ਮੂਲ ਚੰਦ ਮਲਹੋਤਰਾ (ਜੋ ਕਿੱਤੇ ਵਜੋਂ ਪਟਵਾਰੀ ਸਨ) ਅਤੇ ਮਾਤਾ ਮੂਲਾਂ ਦੇਵੀ ਦੇ ਗ੍ਰਹਿ 24 ਜੂਨ, 1885 ਈ: ਨੂੰ ਹੋਇਆ । ਮਾਸਟਰ ਜੀ ਦਾ ਪਹਿਲਾ ਨਾਂਅ ਨਾਨਕ ਚੰਦ ਸੀ, ਪਰ ਸਿੰਘ ਸਭਾ ਲਹਿਰ ਅਤੇ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣਾ ਦੇ ਪ੍ਰਭਾਵ ਵਿੱਚ 1902 ਈ: ਵਿੱਚ ਅੰਮ੍ਰਿਤ ਛੱਕ ਕੇ ਸਿੰਘ ਸਜ ਗਏ । ਹੁਣ ਆਪ ਨਾਨਕ ਚੰਦ ਤੋਂ ਤਾਰਾ ਸਿੰਘ ਬਣ ਗਏ । ਮੁੱਢਲੀ ਸਿੱਖਿਆ ਉਨ੍ਹਾਂ ਪਿੰਡ ਦੇ ਮਦਰੱਸੇ ਤੋਂ ਪ੍ਰਾਪਤ ਕੀਤੀ । ਮਾਸਟਰ ਜੀ ਨੇ ਉੱਚ ਸਿੱਖਿਆ ਖ਼ਾਲਸਾ ਕਾਲਜ ਅੰਮ੍ਰਿਤਸਰ ਤੋਂ ਪ੍ਰਾਪਤ ਕੀਤੀ । ਇਥੋਂ ਗ੍ਰੈਜੂਏਸ਼ਨ ਕਰਨ ਤੋਂ ਪਿੱਛੋਂ ਲਾਹੌਰ ਤੋਂ ਬੀ।ਟੀ। ਪਾਸ ਕੀਤੀ । ਟੀਚਰ ਟ੍ਰੇਨਿੰਗ ਲਈ ਬੈਚੂਲਰ ਦੀ ਡਿਗਰੀ ਪ੍ਰਾਪਤ ਹੋਣ ਤੋਂ ਬਾਅਦ ਮਾਸਟਰ ਤਾਰਾ ਸਿੰਘ ਖ਼ਾਲਸਾ ਹਾਈ ਸਕੂਲ ਦੇ ਹੈੱਡਮਾਸਟਰ ਵਜੋਂ ਨਿਯੁਕਤ ਹੋਏ ।


ਆਵਾਜ਼ਿ ਕੌਮ AWAZE QAUM
International Newspaper & WEB TV

ਗੁਰਦੁਆਰਾ ਸੁਧਾਰ ਲਹਿਰ ਅਜਿਹੀ ਲਹਿਰ ਸੀ, ਜਿਸ ਦਾ ਅਸਰ ਹਰ ਸਿੱਖ ਨੌਜਵਾਨ ਨੇ ਕਬੂਲ ਕੀਤਾ । ਮਾਸਟਰ ਜੀ ਵੀ ਇਸ ਲਹਿਰ ਵਿੱਚ ਕੁੱਦ ਪਏ । ਛੇਤੀ ਹੀ ਅੰਗ੍ਰੇਜ਼ ਹਕੂਮਤ ਨੇ ਬਾਕੀ ਅਕਾਲੀ ਆਗੂਆਂ ਵਾਂਗ ਮਾਸਟਰ ਜੀ ਨੂੰ ਵੀ ਗ੍ਰਿਫ਼ਤਾਰ ਕਰ ਲਿਆ । ਜਦੋਂ ਬਾਕੀ ਲੀਡਰਾਂ ਨਾਲ ਮਾਸਟਰ ਜੀ ਜੇਲ੍ਹ ਤੋਂ ਬਾਹਰ ਆਏ, ਉਸ ਸਮੇਂ ਅੰਗ੍ਰੇਜ਼ ਸਰਕਾਰ ਵੱਲੋਂ ਗੁਰਦੁਆਰਾ ਐਕਟ-1925 ਈ: ਵਿੱਚ ਗੁਰਦੁਆਰਾ ਸਾਹਿਬ ਦੇ ਪ੍ਰਬੰਧ ਲਈ ਲਾਗੂ ਕੀਤਾ । ਅਕਾਲੀ ਦਲ ਨੂੰ ਇਸੇ ਐਕਟ ਨੇ ਦੋ ਹਿੱਸਿਆਂ ਵਿੱਚ ਵੰਡ ਦਿੱਤਾ । ਮਾਸਟਰ ਜੀ ਦੂਜੇ ਧੜੇ ਨਾਲ ਜੁੜ ਗਏ । ਜਿਹੜਾ ਧੜਾ ਇਸ ਐਕਟ ਨੂੰ ਮੰਨਣ ਤੋਂ ਇਨਕਾਰੀ ਸੀ । ਜਦੋਂ 1926 ਈ: ਵਿੱਚ ਦੂਜੇ ਧੜੇ ਦੇ ਆਗੂ ਜੇਲ੍ਹ ਵਿੱਚੋਂ ਬਾਹਰ ਆਏ ਤਾਂ ਆਪ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਣਾਇਆ ਗਿਆ । ਇਸ ਤੋਂ ਪਿੱਛੋਂ ਸਮੇਂ-ਸਮੇਂ ਮਾਸਟਰ ਜੀ ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਜੋਂ ਆਪਣੇ ਫਰਜ਼ ਨਿਭਾਉਂਦੇ ਰਹੇ ।

ਦੇਸ਼ ਦੀ ਵੰਡ ਤੋਂ ਬਾਅਦ ਫ਼ਰਵਰੀ, 1949 ਈ: ਵਿੱਚ ਜਦੋਂ ਦਿੱਲੀ ਵਿੱਚ ਆਪ ਅਕਾਲੀ ਕਾਨਫਰੰਸ ਵਿੱਚ ਹਿੱਸਾ ਲੈਣ ਜਾ ਰਹੇ ਸਨ ਤਾਂ ਅਜ਼ਾਦ ਦੇਸ਼ ਵਿੱਚ ਦਿੱਲੀ ਵਿੱਚ ਦਾਖਲ ਹੋਣ ਤੋਂ ਪਹਿਲਾਂ ਨਰੇਲਾ ਸਟੇਸ਼ਨ ‘ਤੇ ਗ੍ਰਿਫ਼ਤਾਰ ਕਰ ਲਿਆ ਗਿਆ । ਰਿਹਾਈ ਤੋਂ ਪਿੱਛੋਂ ਆਪ ਨੇ ਭਾਸ਼ਾ ‘ਤੇ ਆਧਾਰਿਤ ਪੰਜਾਬੀ ਸੂਬੇ ਲਈ ਸੰਘਰਸ਼ ਦਾ ਐਲਾਨ ਕਰ ਦਿੱਤਾ । 1960 ਈ: ਵਿੱਚ ਹੋਈਆਂ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਵਿੱਚ ਮਾਸਟਰ ਜੀ ਦੀ ਅਗਵਾਈ ਵਿੱਚ ਅਕਾਲੀ ਦਲ ਨੇ 140 ਸੀਟਾਂ ਵਿੱਚੋਂ 136 ਸੀਟਾਂ ਅਕਾਲੀ ਦਲ ਲਈ ਜਿੱਤੀਆਂ । ਆਪ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਚੁਣੇ ਗਏ । ਛੇਤੀ ਹੀ ਪ੍ਰਧਾਨਗੀ ਛੱਡ ਕੇ ਪੰਜਾਬੀ ਸੂਬੇ ਦੇ ਅੰਦੋਲਨ ਨੂੰ ਸ਼ੁਰੂ ਕਰ ਦਿੱਤਾ ।

ਅੰਮ੍ਰਿਤਸਰ ਵਿੱਚ ਪੰਜਾਬੀ ਸੂਬਾ ਕਨਵੈਨਸ਼ਨ ਵਿੱਚ ਪੰਜਾਬੀ ਸੂਬਾ ਬਣਾਉਣ ਲਈ ਮਤਾ ਪਾਸ ਕਰਵਾਇਆ । ਦਿੱਲੀ ਵਿੱਚ ਪ੍ਰਭਾਵਸ਼ਾਲੀ ਜਲੂਸ ਕੱਢਣ ਦਾ ਐਲਾਨ ਕੀਤਾ । ਇਸ ਜਲੂਸ ਵਿੱਚ ਸ਼ਾਮਿਲ ਹੋਣ ਤੋਂ ਪਹਿਲਾਂ ਮਾਸਟਰ ਜੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ । ਪਰ ਗ੍ਰਿਫ਼ਤਾਰੀ ਪਿੱਛੋਂ ਸਿੱਖਾਂ ਨੇ ਪੰਜਾਬੀ ਸੂਬੇ ਦੀ ਮੰਗ ਲਈ ਸ਼ਾਨਦਾਰ ਜਲੂਸ ਕੱਢਿਆ । 4 ਜਨਵਰੀ, 1961 ਈ: ਨੂੰ ਰਿਹਾਅ ਹੋ ਕੇ ਸੰਤ ਬਾਬਾ ਫਤਹਿ ਸਿੰਘ ਵੱਲੋਂ ਸ਼ੁਰੂ ਕੀਤਾ ਮਰਨ ਵਰਤ ਖੁੱਲ੍ਹਵਾਇਆ ।

ਮਾਸਟਰ ਜੀ ਵੱਲੋਂ ਸੱਚਾ ਢੰਡੋਰਾ ਅਤੇ ਪ੍ਰਦੇਸੀ ਖਾਲਸਾ ਸਪਤਾਹਿਕ ਮੈਗਜ਼ੀਨ ਵੀ ਸ਼ੁਰੂ ਕੀਤੇ ਗਏ, ਜੋ ਪਿੱਛੋਂ ਜਾ ਕੇ ਅਕਾਲੀ ਅਖ਼ਬਾਰ ਦੇ ਰੂਪ ਵਿੱਚ ਬਦਲ ਗਏ । 1961 ਈ: ਵਿੱਚ ਜਥੇਦਾਰ ਅਖ਼ਬਾਰ ਛੱਪਣਾ ਸ਼ੁਰੂ ਹੋਇਆ । ਉਰਦੂ ਵਿੱਚ ਪੰਥਕ ਹਿੱਤਾਂ ਲਈ ਅਤੇ ਮਹਾਸ਼ਾ ਪ੍ਰੈੱਸ ਦੇ ਜਵਾਬ ਲਈ ਪ੍ਰਭਾਤ ਅਖ਼ਬਾਰ ਵੀ ਕੱਢਿਆ । 1946 ਈ: ਵਿੱਚ ਆਪ ਜੀ ਵੱਲੋਂ ਸ਼ੁਰੂ ਕੀਤਾ ਗਿਆ ਸੰਤ ਸਿਪਾਹੀ ਮਾਸਿਕ ਪੱਤਰ ਹੁਣ ਤੱਕ ਛੱਪ ਰਿਹਾ ਹੈ । ਮਾਸਟਰ ਤਾਰਾ ਸਿੰਘ ਅਜਿਹੀ ਸ਼ਖ਼ਸੀਅਤ ਸਨ, ਜਿਨ੍ਹਾਂ ਦਾ ਪੂਰਾ ਜੀਵਨ ਸਿੱਖ ਹਿੱਤਾਂ ਲਈ ਸੰਘਰਸ਼ ਕਰਦਿਆਂ ਬੀਤਿਆ । ਮਾਸਟਰ ਜੀ ਆਪਣੇ ਲੱਖਾਂ ਸਨੇਹੀਆਂ ਤੇ ਪਿਆਰਿਆਂ ਨੂੰ 22 ਨਵੰਬਰ, 1967 ਈ: ਨੂੰ ਸਦੀਵੀ ਵਿਛੋੜਾ ਦੇ ਗਏ । ਅੱਜ ਕੇਵਲ ਉਨ੍ਹਾਂ ਦੀ ਯਾਦ ਹੀ ਬਾਕੀ ਹੈ।



ਧੰਨ ਧੰਨ ਸਾਹਿਬ ਸ਼੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ, ਭਾਈ ਸਤੀ ਦਾਸ ਜੀ, ਭਾਈ ਮਤੀ ਦਾਸ ਜੀ ਅਤੇ ਭਾਈ ਦਿਆਲ ਦਾਸ ਜੀ ਦੀ

# 350 ਸਾਲਾ ਮਹਾਨ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁ: ਸ਼੍ਰੀ ਸੀਸ ਗੰਜ ਸਾਹਿਬ ਜੀ ( ਦਿੱਲੀ ) ਵਿਖੇ ਜਥੇਬੰਦੀ ਦਮਦਮੀ ਟਕਸਾਲ ਵੱਲੋਂ ਮੁਖ ਲੰਗਰ 'ਚ ਮਹਾਨ ਗੁਰੂ ਕੇ ਲੰਗਰਾਂ ਦੀਆਂ ਸੇਵਾਵਾਂ ਨਿਰੰਤਰ ਜਾਰੀ
















ਧੰਨ ਧੰਨ ਸਾਹਿਬ ਸ਼੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ , ਭਾਈ ਸਤੀ ਦਾਸ ਜੀ , ਭਾਈ ਮਤੀ ਦਾਸ ਜੀ ਅਤੇ ਭਾਈ ਦਿਆਲ ਦਾਸ ਜੀ ਦੀ 350 ਸਾਲਾ ਮਹਾਨ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁ: ਸ਼੍ਰੀ ਸੀਸ ਗੰਜ ਸਾਹਿਬ ਜੀ ( ਦਿੱਲੀ ) ਵਿਖੇ ਜਥੇਬੰਦੀ ਦਮਦਮੀ ਟਕਸਾਲ ਵੱਲੋਂ ਮੁਖ ਲੰਗਰ 'ਚ ਮਹਾਨ ਗੁਰੂ ਕੇ ਲੰਗਰਾਂ ਦੀਆਂ ਸੇਵਾਵਾਂ ਅੱਜ ਮਿੱਤੀ 21 ਨਵੰਬਰ 2025 ਨੂੰ ਆਰੰਭ ਕੀਤੀਆਂ ਗਈਆਂ ਜੋ ਨਿਰੰਤਰ 25 ਤਰੀਕ ਤੱਕ ਚੱਲਦੀਆਂ ਉਪਰੰਤ 26 ਨਵੰਬਰ ਨੂੰ ਗੁ: ਸ਼੍ਰੀ ਰਕਾਬ ਗੰਜ ਸਾਹਿਬ ਜੀ ਵਿਖੇ ਗੁਰੂ ਸਾਹਿਬ ਜੀ ਦੀ ਕਿਰਪਾ ਸਦਕਾ ਲੰਗਰਾਂ ਦੀਆਂ ਸੇਵਾਂਵਾਂ ਕੀਤੀਆਂ ਜਾਣਗੀਆਂ।

(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ, ਯੂ. ਕੇ.)

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਕੈਬਨਿਟ ਮੰਤਰੀ ਹਰਪਾਲ ਚੀਮਾ ਨੇ 11 ਪਿੰਡਾਂ ਦੇ

# 308 ਹੜ੍ਹ ਪੀੜਤਾਂ ਨੂੰ ਮੁਆਵਜ਼ਾ ਰਾਸ਼ੀ ਦੇ ਮਨਜ਼ੂਰੀ ਪੱਤਰ ਸੌਂਪੇ



**ਲਹਿਰਾਗਾਗਾ ( ਰਣਜੀਤ ਸਿੰਘ ਪੇਧਨੀ )**-ਸੀਬਾ ਸਕੂਲ, ਲਹਿਰਾਗਾਗਾ ਵਿਖੇ ਵਿੱਤ ਅਤੇ ਯੋਜਨਾ ਮੰਤਰੀ ਸ੍ਰ. ਹਰਪਾਲ ਸਿੰਘ ਚੀਮਾ ਨੇ ਭਾਰੀ ਮੀਂਹ ਨਾਲ ਹੋਏ ਨੁਕਸਾਨ ਸਬੰਧੀ ਹਲਕਾ ਦਿੜ੍ਹਬਾ ਦੇ 11 ਪਿੰਡਾਂ ਦੇ 308 ਹੜ੍ਹ ਪੀੜਤਾਂ ਨੂੰ ਨੁਕਸਾਨੀਆਂ ਫਸਲਾਂ ਸਬੰਧੀ 01 ਕਰੋੜ 16 ਲੱਖ 58 ਹਜ਼ਾਰ 938 ਰੁਪਏ ਦੀ ਮੁਆਵਜ਼ਾ ਰਾਸ਼ੀ ਦੇ ਮਨਜ਼ੂਰੀ ਪੱਤਰ ਸੌਂਪੇ। ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਕੀਤੇ ਐਲਾਨ ਮੁਤਾਬਕ ਮੁਆਵਜ਼ਾ ਦਿੱਤਾ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਹੜ੍ਹ ਪ੍ਰਭਾਵਿਤ ਲੋਕਾਂ ਦੀ ਹਰ ਸੰਭਵ ਸਹਾਇਤਾ ਕੀਤੀ ਅਤੇ ਹੁਣ ਉਹਨਾਂ ਦੀ ਜ਼ਿੰਦਗੀ ਮੁੜ ਲੀਹ 'ਤੇ ਲੈ ਕੇ ਆਉਣ ਲਈ ਮੁਆਵਜ਼ਾ ਰਾਸ਼ੀ ਵੰਡੀ ਜਾ ਰਹੀ ਹੈ। ਪਿਛਲੀਆਂ ਸਰਕਾਰਾਂ ਵੇਲੇ ਲੋਕਾਂ ਨੂੰ ਮੁਆਵਜ਼ਾ ਲੈਣ ਲਈ ਕਈ ਕਈ ਸਾਲ ਸਰਕਾਰੀ ਦਫ਼ਤਰਾਂ ਦੇ ਚੱਕਰ ਲਾਉਣੇ ਪੈਂਦੇ ਸਨ। ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਇਹ ਫੈਸਲਾ ਕੀਤਾ ਸੀ ਕਿ ਤੈਅ ਸਮੇਂ ਵਿੱਚ ਗਰਦੌਰੀਆਂ ਕਰਵਾ ਕੇ ਮੁਆਵਜ਼ਾ ਰਾਸ਼ੀ ਹੜ੍ਹ ਪੀੜਤਾਂ ਦੇ ਖਾਤਿਆਂ ਵਿੱਚ ਪਾਈ ਜਾਵੇ। ਪੰਜਾਬ ਸਰਕਾਰ ਨੇ ਜੋ ਵੀ ਐਲਾਨ ਕੀਤਾ ਸੀ, ਉਹ ਤੈਅ ਸਮੇਂ ਵਿੱਚ ਪੂਰਾ ਕਰ ਕੇ ਦਿਖਾਇਆ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਵਿਕਾਸ ਲਈ ਦਿਨ ਰਾਤ ਇੱਕ ਕਰ ਕੇ ਕੰਮ ਕਰ ਰਹੀ ਹੈ ਤੇ ਹਰ ਕਿਸਮ ਦੇ ਹਾਲਾਤ ਵਿੱਚ ਸੂਬੇ ਦੇ ਲੋਕਾਂ ਨਾਲ ਖੜ੍ਹੀ ਹੈ।ਉਹਨਾਂ ਕਿਹਾ ਕਿ ਜੇਕਰ ਮੁਆਵਜ਼ੇ ਸਬੰਧੀ ਕਿਸੇ ਨੂੰ ਕੋਈ ਦਿੱਕਤ ਦਰਪੇਸ਼ ਹੈ ਤਾਂ ਉਹ ਫੌਰੀ ਉਹਨਾਂ ਦੇ ਧਿਆਨ ਵਿੱਚ ਲੈਂਦੀ ਜਾਵੇ, ਉਹ ਫੌਰੀ ਉਸ ਦਾ ਹਰ ਸੰਭਵ ਹੱਲ ਕੀਤਾ ਜਾਵੇਗਾ।

ਇਸ ਮੌਕੇ ਐਸ.ਡੀ.ਐਮ. ਸੂਬਾ ਸਿੰਘ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ ਅਤੇ ਵੱਡੀ ਗਿਣਤੀ ਪਿੰਡਾਂ ਦੇ ਲੋਕ ਹਾਜ਼ਰ ਸਨ।

### ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਨੇ

# ਬੱਚਿਆਂ ਦਾ ਵਿਦਿਅਕ ਟੂਰ ਲਗਾਇਆ







**ਚੌਂਕ ਮਹਿਤਾ, 21 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**- ਇਲਾਕੇ ਦੇ ਨਾਮਵਰ ਸੰਸਥਾ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਅਤੇ ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ ਮਹਿਤਾ ਚੌਂਕ ਨੇ ਬੱਚਿਆਂ ਦੇ ਗਿਆਨ ਵਿੱਚ ਵਾਧਾ ਕਰਨ ਲਈ ਬੱਚਿਆਂ ਦਾ ਵਿਦਿਅਕ ਟੂਰ ਲਗਵਾਇਆ ਗਿਆ।ਇਸ ਟੂਰ ਦੌਰਾਨ ਬੱਚਿਆਂ ਨੂੰ ਸਾਇੰਸ ਸਿਟੀ ਕਪੂਰਥਲਾ, ਜੰਗ -ਏ - ਆਜ਼ਾਦੀ ਕਰਤਾਰਪੁਰ ਅਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਫਗਵਾੜਾ ਵਿਖੇ ਲਿਜਾਇਆ ਗਿਆ। ਸਾਇੰਸ ਸਿਟੀ ਕਪੂਰਥਲਾ ਵਿਖੇ ਬੱਚਿਆਂ ਨੇ ਸਾਇੰਸ ਅਤੇ ਟੈਕਨੋਲੋਜੀ ਬਾਰੇ ਵਿਸ਼ੇਸ਼ ਜਾਣਕਾਰੀ ਪ੍ਰਾਪਤ ਕੀਤੀ ।ਜੰਗ-ਏ-ਆਜ਼ਾਦੀ ਕਰਤਾਰਪੁਰ ਵਿਖੇ ਬੱਚਿਆਂ ਨੂੰ ਅਧਿਆਪਕਾਂ ਦੁਆਰਾ ਆਪਣੇ ਦੇਸ਼ ਭਗਤਾਂ ਦੁਆਰਾ ਆਜ਼ਾਦੀ ਵਿੱਚ ਪਾਏ ਯੋਗਦਾਨ ਬਾਰੇ ਜਾਣੂ ਕਰਵਾਇਆ ਗਿਆ।ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਬੱਚਿਆਂ ਨੇ ਖੇਤੀਬਾੜੀ ਵਿਭਾਗ ਵਿੱਚ ਖੇਤੀਬਾੜੀ ਦੇ ਨਵੇਂ ਢੰਗ ਅਤੇ ਟੈਕਨੋਲੋਜੀ ਬਾਰੇ ਜਾਣਕਾਰੀ ਹਾਸਿਲ ਕੀਤੀ ਅਤੇ ਖੇਡ ਵਿਭਾਗ ਵਿੱਚ ਖੇਡਾਂ ਸਬੰਧੀ ਆਪਣੇ ਗਿਆਨ ਵਿੱਚ ਵਾਧਾ ਕੀਤਾ ।ਸੰਸਥਾ ਦੇ ਚੇਅਰਮੈਨ ਸ੍ਰ: ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਇਹ ਟੂਰ ਬੱਚਿਆਂ ਦੇ ਗਿਆਨ ਵਿੱਚ ਵਾਧਾ ਕਰਨ ਲਈ ਲਗਾਏ ਗਏ ਹਨ। ਇਹਨਾਂ ਟੂਰਾਂ ਤੇ ਮੈ.ਅਨੂਦੀਪ ਕੌਰ, ਮੈ.ਬਲਜੀਤ ਕੌਰ, ਮੈ.ਹਰਪ੍ਰੀਤ ਕੌਰ, ਸਰ ਹੀਰਾ ਸਿੰਘ ਰੰਧਾਵਾ ,ਸਰ ਬਲਜਿੰਦਰ ਸਿੰਘ ਵਿਦਿਆਰਥੀਆ ਨਾਲ ਗਏ।

# ਦਾਨ ਕੀਤਾ ਖੂਨ ਕਿਸੇ ਨੂੰ ਜ਼ਿੰਦਗੀ ਦਿੰਦਾ ਹੈ ਅਤੇ ਅੱਖਾਂ ਮਨੁੱਖ ਨੂੰ ਸੰਸਾਰ ਵਿਖਾਉਂਦੀਆਂ ਹਨ : ਪੰਜੋਲੀ



**ਨਵੀਂ ਦਿੱਲੀ, 21 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਨੌਵੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗਬਹਾਦਰ ਜੀ , ਭਾਈ ਮਤੀ ਦਾਸ ਜੀ , ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿੱਤ ਪਿੰਡ ਪੰਜੋਲੀ ਕਲਾਂ ਦੇ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਯਾਦਗਾਰੀ ਭਵਨ ਵਿੱਚ ਅੱਖਾਂ ਦਾ ਫ੍ਰੀ ਚੈੱਕ ਅੱਪ ਕੈਂਪ ਅਤੇ ਖੂਨ ਦਾਨ ਕੈਂਪ ਲਗਾਇਆ ਗਿਆ । ਸ਼੍ਰੋਮਣੀ ਗੁਰਦੂਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਦੱਸਿਆ ਕਿ 300 ਦੇ ਕਰੀਬ ਸੰਗਤਾਂ ਨੇ ਅੱਖਾਂ ਚੈੱਕ ਕਰਵਾਈਆਂ ਅਤੇ ਪੰਜਾਹ ਦੇ ਕਰੀਬ ਦਾਨੀ ਸੱਜਣਾਂ ਨੇ ਖੂਨਦਾਨ ਕੀਤਾ । ਸਰਦਾਰ ਪੰਜੋਲੀ ਨੇ ਦੱਸਿਆ ਕਿ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਯਾਦਗਾਰੀ ਸੁਸਾਇਟੀ , ਗੁਰਦਆਰਾ ਖ਼ਾਲਸਾ ਦਰਬਾਰ ਪੰਜੋਲੀ ਕਲਾਂ, ਗ੍ਰਾਮ ਪੰਚਾਇਤ ਪੰਜੋਲੀ ਕਲਾਂ ਅਤੇ ਸ਼ਹੀਦ ਕਰਤਾਰ ਸਿੰਘ ਸਰਾਭਾ ਵੈਲਫੇਅਰ ਐਡ ਸਪੋਰਟਸ ਕਲੱਬ ਪੰਜੋਲੀ ਕਲਾਂ ਨੇ ਸਾਂਝੇ ਰੂਪ ਵਿੱਚ ਸ੍ਰੀ ਗੁਰੂ ਤੇਗ. ਬਹਾਦਰ ਪਾਤਸ਼ਾਹ ਜੀ , ਭਾਈ ਮਤੀ ਦਾਸ ਜੀ , ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿੱਤ 17 ਨਬੰਵਰ ਨੂੰ ਧਰਮ ਹੇਤਿ ਸਾਕਾ ਜਿੰਨ ਕੀਆ ਨਾਟਕ ਦਿਖਾਇਆ ਗਿਆ 21 ਨਬੰਵਰ ਨੂੰ ਖੂਨ ਦਾਨ ਕੈਂਪ ਅਤੇ ਅੱਖਾਂ ਦਾ ਫ੍ਰੀ ਚੈੱਕ ਅੱਪ ਲਾਇਆ ਗਿਆ 22 ਨਬੰਵਰ ਨੂੰ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਯਾਦਗਾਰੀ ਭਵਨ ਵਿੱਚ ਇੱਕ ਸੈਮੀਨਰ ਕੀਤਾ ਜਾ ਰਿਹਾ ਹੈ । ਇਸੇ ਤਰਾ 23 ਨਵੰਬਰ ਨੂੰ ਗੁਰਦੂਆਰਾ ਸ੍ਰੀ ਖ਼ਾਲਸਾ ਦਰਬਾਰ ਪੰਜੋਲੀ ਕਲਾਂ ਵਿੱਚ ਗੁਰਮਤਿ ਸਮਾਗਮ ਕੀਤੇ ਜਾ ਰਹੇ ਹਨ । ਜਿਸ ਵਿੱਚ ਕੀਰਤਨੀ ਜਥੇ ਗੁਰਬਾਣੀ ਦਾ ਰੱਸਭਿੰਨਾ ਕੀਰਤਨ ਕਰਨਗੇ ਅਤੇ ਢਾਡੀ ਜਥੇ ਸ਼ਹੀਦਾਂ ਦਾ ਲਹੂ ਭਿੱਜਿਆ ਇਤਿਹਾਸ ਪੇਸ਼ ਕਰਨਗੇ । ਅੱਜ ਦਾ ਖੂਨ ਦਾਨ ਕੈਂਪ ਲਾਇਫ ਲਾਇਨ ਬਲੱਡ ਬੈਂਕ ਪਟਿਆਲਾ ਡਾਕਟਰ ਅਰੋੜਾ ਅਤੇ ਡਾਕਟਰ ਅਰਸਪਰੀਤ ਕੌਰ ਦੀ ਟੀਮ ਨੇ ਲਾਇਆ , ਅੱਖਾਂ ਦਾ ਕੈਂਪ ਢਿੱਲੋਂ ਹਸਪਤਾਲ ਸਰਹਿੰਦ ਦੀ ਟੀਮ ਵੱਲੋਂ ਲਾਇਆ ਗਿਆ । ਅੱਜ ਦੇ ਖੂਨ ਦਾਨ ਕੈਂਪ ਵਿੱਚ ਹੋਰਨਾਂ ਤੋ ਇਲਾਵਾ ਸਰਦਾਰ ਨਿਸ਼ਾਨ ਸਿੰਘ ਚੀਮਾ , ਸਰਦਾਰ ਕੁਲਦੀਪ ਸਿੰਘ ਪੋਲਾ , ਸਰਦਾਰ ਦੇਵਿੰਦਰ ਸਿੰਘ ਬਹਿਲੋਲਪੁਰ , ਸਰਦਾਰ ਹਰਵਿੰਦਰ ਸਿੰਘ ਬਦੋਛੀ ,ਸਰਦਾਰ ਸੁਖਦੇਵ ਸਿੰਘ ਨੰਬਰਦਾਰ, ਸਰਦਾਰ ਸਤਿਨਾਮ ਸਿੰਘ ਬਾਠ , ਸਰਦਾਰ ਮਲਕੀਤ ਸਿੰਘ ਪੰਜੋਲੀ , ਸਰਦਾਰ ਜਤਿੰਦਰ ਸਿੰਘ ਲਾਡੀ , ਗਿਆਨ ਸਿੰਘ ਧਾਰੀਵਾਲ ,ਸਰਦਾਰ ਲਖਬੀਰ ਸਿੰਘ ਧਾਰੀਵਾਲ , ਸਰਦਾਰ ਅਮਨਪ੍ਰੀਤ ਸਿੰਘ ਅਮਨਾ , ਸਰਦਾਰ ਹਰਵਿੰਦਰ ਸਿੰਘ ਗੋਲਡੀ , ਸਰਦਾਰ ਨਵਪ੍ਰੀਤ ਸਿੰਘ ਨਬੀ , ਸਰਦਾਰ ਪਰਬਦੀਪ ਸਿੰਘ ਬਾਠ , ਸਰਦਾਰ ਸੁਖਬੀਰ ਸਿੰਘ ਬਾਠ , ਸਰਦਾਰ ਗੁਰਪ੍ਰੀਤ ਸਿੰਘ ਗਿੱਲ , ਸਰਦਾਰ ਹਰਪ੍ਰੀਤ ਸਿੰਘ ਹੈਪੀ , ਸਰਦਾਰ ਜਸ਼ਨਪ੍ਰੀਤ ਸਿੰਘ ਧੀਮਾਨ, ਸਰਦਾਰ ਪੰਚਮ ਸਿੰਘ , ਸਰਦਾਰ ਬਲਵੀਰ ਸਿੰਘ ਬੀਰੀ , ਅਦਿ ਸ਼ਾਮਲ ਹੋਏ।

# ਕੈਬਨਿਟ ਮੰਤਰੀ ਅਮਨ ਅਰੋੜਾ ਨੇ ਸੁਨਾਮ ਮੰਡੀ 'ਚ ਕਰੀਬ 1.02 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਸ਼ੈੱਡ ਦਾ ਰੱਖਿਆ ਨੀਂਹ ਪੱਥਰ

## ਮੰਡੀਆਂ ਸਾਡੀ ਅਰਥਵਿਵਸਥਾ ਦਾ ਧੁਰਾ; ਪਹਿਲ ਦੇ ਆਧਾਰ 'ਤੇ ਕੀਤੇ ਜਾਣਗੇ ਮੰਡੀਆਂ 'ਚ ਵਿਕਾਸ ਕਾਰਜ: ਅਮਨ ਅਰੋੜਾ



**ਸੁਨਾਮ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਅੱਜ ਸੁਨਾਮ ਮੰਡੀ ਵਿੱਚ ਕਰੀਬ 1.02 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਸ਼ੈੱਡ ਦਾ ਨੀਂਹ ਪੱਥਰ ਰੱਖ ਕੇ ਕੰਮ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਸੁਨਾਮ ਮੰਡੀ ਦੇ ਆੜਤੀਆਂ ਤੇ ਕਿਸਾਨਾਂ ਦੀ ਇਹ ਮੰਗ ਸੀ ਕਿ ਇਥੇ ਵੱਡਾ ਸ਼ੈੱਡ ਬਣਾਇਆ ਜਾਵੇ, ਜਿਸ 'ਤੇ ਕਾਰਵਾਈ ਕਰਦਿਆਂ 200 ਫੁੱਟ ਲੰਬਾਈ ਅਤੇ 75 ਫੁੱਟ ਚੌੜਾਈ ਵਾਲਾ ਕਰੀਬ 1 ਕਰੋੜ 02 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਸ਼ੈੱਡ ਦਾ ਅੱਜ ਨੀਂਹ ਪੱਥਰ ਰੱਖਿਆ ਗਿਆ ਹੈ, ਜੋ ਪੰਜ ਮਹੀਨਿਆਂ ਵਿੱਚ ਬਣ ਕੇ ਤਿਆਰ ਹੋ ਜਾਵੇਗਾ। ਉਹਨਾਂ ਕਿਹਾ ਕਿ ਮੰਡੀਆਂ ਸਾਡੀ ਅਰਥ ਵਿਵਸਥਾ ਦਾ ਧੁਰਾ ਹਨ, ਆੜਤੀਆਂ, ਕਿਸਾਨ ਭਰਾਵਾਂ ਤੇ ਮਜ਼ਦੂਰਾਂ ਦਾ ਸਿੱਧਾ ਸਬੰਧ ਮੰਡੀਆਂ ਨਾਲ ਹੈ ਤੇ ਸ਼ਹਿਰ ਦੀ ਅਰਥਵਿਵਸਥਾ ਮੰਡੀਆਂ ਵਿੱਚੋਂ ਹੀ ਚੱਲਦੀ ਹੈ। ਉਹਨਾਂ ਕਿਹਾ ਕਿ ਬਹੁਗਿਣਤੀ ਪੈਸਾ ਆਰ.ਡੀ.ਐਫ ਦੇ ਰੂਪ ਵਿੱਚ ਮੰਡੀਆਂ ਵਿੱਚੋਂ ਹੀ ਆਉਂਦਾ ਹੈ, ਜਿਸ ਨਾਲ ਵਿਕਾਸ ਕਾਰਜ ਕੀਤੇ ਜਾਂਦੇ ਹਨ, ਇਸ ਲਈ ਜ਼ਰੂਰੀ ਹੈ ਕਿ ਜਿਥੋਂ ਅਰਥਵਿਵਸਥਾ ਚੱਲਦੀ ਹੈ, ਉਸ ਖੇਤਰ ਦਾ ਵਿਕਾਸ ਤੇਜ਼ੀ ਨਾਲ ਕੀਤਾ ਜਾਵੇ। ਕੈਬਨਿਟ ਮੰਤਰੀ ਨੇ ਕਿਹਾ ਕਿ ਸੁਨਾਮ ਹਲਕੇ ਦੇ ਵਿਕਾਸ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ ਤੇ ਆਉਣ ਵਾਲੇ ਦਿਨਾਂ ਵਿੱਚ ਸੁਨਾਮ ਵਿੱਚ ਹੋਰ ਵੱਡੇ ਵਿਕਾਸ ਕਾਰਜ ਵੀ ਸ਼ੁਰੂ ਕੀਤੇ ਜਾਣਗੇ। ਉਹਨਾਂ ਕਿਹਾ ਕਿ ਸੁਨਾਮ ਨੂੰ ਨਮੂਨੇ ਦੇ ਸ਼ਹਿਰ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ। ਇਸ ਮੌਕੇ ਸ਼੍ਰੀ ਅਮਨ ਅਰੋੜਾ ਨੇ ਪੱਤਰਕਾਰਾਂ ਦੇ ਸਵਾਲਾਂ ਦਾ ਜਵਾਬ ਦਿੰਦਿਆਂ ਕਿਹਾ ਕਿ ਸ਼ਹਿਰ ਵਿੱਚ ਕੈਮਰੇ ਲਗਾਉਣ ਦੀ ਤਜਵੀਜ਼ ਬਣ ਚੁੱਕੀ ਹੈ, ਜਿਸ ਦਾ ਕੰਮ ਜਲਦੀ ਹੀ ਸ਼ੁਰੂ ਕਰ ਦਿੱਤਾ ਜਾਵੇਗਾ ਅਤੇ ਸੁਨਾਮ ਦੀ ਟਰੈਫ਼ਿਕ ਸਮੱਸਿਆ ਦੇ ਹੱਲ ਲਈ ਵੀ ਪਲਾਨ ਤਿਆਰ ਕੀਤਾ ਗਿਆ ਹੈ, ਜਿਸ ਨੂੰ ਜਲਦੀ ਹੀ ਅਮਲੀਜਾਮਾ ਪਹਿਨਾਇਆ ਜਾਵੇਗਾ। ਇਸ ਮੌਕੇ ਮੁਕੇਸ਼ ਜੁਨੇਜਾ ਚੇਅਰਮੈਨ, ਪ੍ਰਿਤਪਾਲ ਹਾਂਡਾ ਅਤੇ ਮੁਨੀਸ਼ ਸੋਨੀ (ਸਾਬਕਾ ਚੇਅਰਮੈਨ), ਕਿਸ਼ੋਰ ਚੰਦ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ, ਰਾਜਨ ਹੋਡਲਾ, ਅਮਰੀਕ ਧਾਲੀਵਾਲ, ਤਰਸੇਮ ਕੁਲਾਰ, ਮਾਸਟਰ ਰਚਨਾ ਰਾਮ, ਰਜਿੰਦਰ ਬਬਲੀ ਬਘੀਰਥ ਗੀਰਾ (ਸਾਰੇ ਸਾਬਕਾ ਪ੍ਰਧਾਨ), ਯਾਦਵਿੰਦਰ ਰਾਜਾ, ਪ੍ਰਧਾਨ ਟਰੱਕ ਯੂਨੀਅਨ, ਮਨਿੰਦਰ ਲਖਮੀਰਵਾਲਾ, ਮਨਪ੍ਰੀਤ ਬਾਂਸਲ, ਪੁਰਸ਼ੋਤਮ ਬਾਵਾ, ਲਾਭ ਨੀਲੋਵਾਲ ਅਤੇ ਸ਼ਹਿਰ ਵਾਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਕੈਬਿਨਟ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਹਲਕਾ ਦਿੜ੍ਹਬਾ ਦੇ 70 ਲੋੜਵੰਦ ਪਰਿਵਾਰਾਂ ਨੂੰ

# ਆਵਾਸ ਯੋਜਨਾ ਤਹਿਤ 01 ਕਰੋੜ 75 ਲੱਖ ਰੁਪਏ ਦੇ ਮਨਜ਼ੂਰੀ ਪੱਤਰ ਸੌਂਪੇ





**ਦਿੜ੍ਹਬਾ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਦੇ ਆਮ ਲੋਕਾਂ ਦੇ ਭਲਾਈ-ਕੇਂਦਰਤ ਵਿਕਾਸ ਏਜੰਡੇ ਨੂੰ ਅੱਗੇ ਵਧਾਉਂਦੇ ਹੋਏ ਕੈਬਿਨਟ ਮੰਤਰੀ ਸ. ਹਰਪਾਲ ਸਿੰਘ ਚੀਮਾ ਨੇ ਅੱਜ ਸਬ-ਡਵੀਜ਼ਨਲ ਕੰਪਲੈਕਸ, ਦਿੜ੍ਹਬਾ ਵਿਖੇ ਆਵਾਸ ਯੋਜਨਾ ਤਹਿਤ ਹਲਕਾ ਦਿੜ੍ਹਬਾ ਦੇ 70 ਲਾਭਪਾਤਰੀ ਪਰਿਵਾਰਾਂ ਨੂੰ ਮਨਜ਼ੂਰੀ ਪੱਤਰ ਵੰਡੇ। ਇਸ ਯੋਜਨਾ ਅਧੀਨ ਪ੍ਰਤੀ ਪਰਿਵਾਰ 02.50 ਲੱਖ ਰੁਪਏ ਦੇ ਅਨੁਸਾਰ ਕੁੱਲ 01 ਕਰੋੜ 75 ਲੱਖ ਰੁਪਏ ਦੀ ਵਿੱਤੀ ਸਹਾਇਤਾ ਮਨਜ਼ੂਰ ਕੀਤੀ ਗਈ ਹੈ। ਸਮਾਗਮ ਨੂੰ ਸੰਬੋਧਨ ਕਰਦਿਆਂ ਕੈਬਿਨਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਗ਼ਰੀਬ ਅਤੇ ਲੋੜਵੰਦ ਪਰਿਵਾਰਾਂ ਦੀਆਂ ਮੁੱਢਲੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਆਵਾਸ ਯੋਜਨਾ ਕੇਵਲ ਵਿੱਤੀ ਸਹਾਇਤਾ ਹੀ ਨਹੀਂ, ਬਲਕਿ ਲੱਖਾਂ ਪਰਿਵਾਰਾਂ ਲਈ ਇੱਜ਼ਤਮੰਦ ਜੀਵਨ ਵੱਲ ਇੱਕ ਮਜ਼ਬੂਤ ਕਦਮ ਹੈ। ਸਰਕਾਰ ਦਾ ਟੀਚਾ ਇਹ ਯਕੀਨੀ ਬਣਾਉਣਾ ਹੈ ਕਿ ਹਰ ਹੱਕਦਾਰ ਪਰਿਵਾਰ ਨੂੰ ਆਪਣਾ ਪੱਕਾ ਘਰ ਮਿਲੇ ਅਤੇ ਉਹ ਸੁਖ-ਚੈਨ ਨਾਲ ਆਪਣੀ ਜ਼ਿੰਦਗੀ ਬਿਤਾ ਸਕਣ।

ਉਨ੍ਹਾਂ ਕਿਹਾ ਕਿ ਲਾਭਪਾਤਰੀਆਂ ਦੀ ਚੋਣ ਪੂਰੀ ਤਰ੍ਹਾਂ ਪਾਰਦਰਸ਼ੀ ਅਤੇ ਮੈਰਿਟ-ਆਧਾਰਿਤ ਪ੍ਰਕਿਰਿਆ ਰਾਹੀਂ ਕੀਤੀ ਗਈ ਹੈ। ਇਸ ਨਾਲ ਇਹ ਯਕੀਨੀ ਬਣਾਇਆ ਗਿਆ ਹੈ ਕਿ ਸਹਾਇਤਾ ਸਿਰਫ ਉਹਨਾਂ ਤੱਕ ਪਹੁੰਚੇ, ਜੋ ਇਸ ਦੇ ਹੱਕਦਾਰ ਹਨ। ਉਨ੍ਹਾਂ ਨੇ ਵਿਭਾਗੀ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਯੋਜਨਾ ਅਧੀਨ ਹੋਰ ਬਾਕੀ ਰਹਿ ਗਏ ਹੱਕਦਾਰ ਪਰਿਵਾਰਾਂ ਦੀ ਪ੍ਰਕਿਰਿਆ ਵੀ ਤੁਰੰਤ ਪੂਰੀ ਕੀਤੀ ਜਾਵੇ।

ਕੈਬਿਨਟ ਮੰਤਰੀ ਨੇ ਇਹ ਵੀ ਦੱਸਿਆ ਕਿ ਆਵਾਸ ਯੋਜਨਾ ਦੇ ਨਾਲ-ਨਾਲ ਹੋਰ ਸਮਾਜਿਕ ਭਲਾਈ ਯੋਜਨਾਵਾਂ ਨੂੰ ਵੀ ਤੇਜ਼ੀ ਨਾਲ ਜਾਰੀ ਕੀਤਾ ਜਾ ਰਿਹਾ ਹੈ, ਤਾਂ ਜੋ ਦਿੜ੍ਹਬਾ ਸਮੇਤ ਪੂਰੇ ਸੂਬੇ ਵਿੱਚ ਹਰ ਲੋੜਵੰਦ ਨਾਗਰਿਕ ਨੂੰ ਸਰਕਾਰ ਦੀਆਂ ਸਕੀਮਾਂ ਦਾ ਲਾਭ ਸਮੇਂ ਸਿਰ ਮਿਲ ਸਕੇ।

ਮੀਡੀਆ ਵੱਲੋਂ ਪੁੱਛੇ ਸਵਾਲ ਦੇ ਜਵਾਬ ਵਿੱਚ ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਸਬੰਧੀ ਗੁਰੂ ਸਾਹਿਬ ਦੀ ਚਰਨ ਛੋਹ ਪ੍ਰਾਪਤ ਪਿੰਡਾਂ ਨੂੰ 50-50 ਲੱਖ ਰੁਪਏ ਦੀ ਵਿਸ਼ੇਸ਼ ਗਰਾਂਟ ਦਿੱਤੀ ਗਈ ਹੈ, ਜਿਸ ਤਹਿਤ ਹਲਕਾ ਦਿੜ੍ਹਬਾ ਦੇ 07 ਪਿੰਡਾਂ ਨੂੰ 03 ਕਰੋੜ 50 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਗਈ ਹੈ।

> **ਗੁਰੂ ਤੇਗ ਬਹਾਦਰ ਸਾਹਿਬ ਦੀ ਚਰਨ ਛੋਹ ਪ੍ਰਾਪਤ ਪਿੰਡਾਂ ਨੂੰ 50-50 ਲੱਖ ਰੁਪਏ ਦੀ ਵਿਸ਼ੇਸ਼ ਗਰਾਂਟ ਤਹਿਤ ਹਲਕਾ ਦਿੜ੍ਹਬਾ ਦੇ 07 ਪਿੰਡਾਂ ਨੂੰ 03 ਕਰੋੜ 50 ਲੱਖ ਰੁਪਏ ਦੀ ਗ੍ਰਾਂਟ ਮਿਲੀ**

ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 23 ਨਵੰਬਰ ਤੋਂ ਲੈ ਕੇ 25 ਨਵੰਬਰ ਤਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਵੱਡੇ ਪੱਧਰ ਉੱਤੇ ਸਮਾਗਮ ਕਰਵਾਏ ਜਾ ਰਹੇ ਹਨ, ਜਿੱਥੇ ਪੰਜਾਬ ਸਰਕਾਰ ਵੱਲੋਂ ਸੰਗਤ ਲਈ ਸਾਰੇ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ। ਉਹਨਾਂ ਨੇ ਸੰਗਤ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਗਿਣਤੀ ਵਿੱਚ ਅਨੰਦਪੁਰ ਸਾਹਿਬ ਸਾਹਿਬ ਵਿਖੇ ਸਮਾਗਮਾਂ ਵਿੱਚ ਹਾਜ਼ਰੀ ਭਰਨ।

ਕੈਬਨਿਟ ਮੰਤਰੀ ਨੇ ਇਹ ਵੀ ਦੱਸਿਆ ਕਿ ਦਿੜ੍ਹਬਾ ਵਿਖੇ ਕਰੀਬ 08 ਕਰੋੜ ਰੁਪਏ ਦੀ ਲਾਗਤ ਨਾਲ ਅਧਿਕਾਰੀਆਂ ਲਈ ਸਰਕਾਰੀ ਰਿਹਾਇਸ਼ੀ ਮਕਾਨ ਬਣਾਏ ਜਾ ਰਹੇ ਹਨ, ਜਿਸ ਨਾਲ ਸਬ ਡਵੀਜ਼ਨਲ ਵਿੱਚ ਸਰਕਾਰੀ ਕੰਮ ਕਾਜ ਸਬੰਧੀ ਕਾਰਜ ਕੁਸ਼ਲਤਾ ਵਿੱਚ ਵਾਧਾ ਹੋਵੇਗਾ।

ਇਸ ਮੌਕੇ ਕਈ ਜ਼ਿਲ੍ਹਾ ਅਤੇ ਸਥਾਨਕ ਅਧਿਕਾਰੀ ਵੀ ਹਾਜ਼ਰ ਸਨ, ਜਿਨ੍ਹਾਂ ਨੇ ਇਹ ਭਰੋਸਾ ਦਿੱਤਾ ਕਿ ਸਰਕਾਰੀ ਸਕੀਮਾਂ ਦੀ ਕਾਮਯਾਬੀ ਲਈ ਸਮਰਪਿਤ ਤੌਰ 'ਤੇ ਕੰਮ ਜਾਰੀ ਰੱਖਿਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਪਿੰਡ ਮੰਗਵਾਲ, ਭਿੰਡਰਾਂ ਤੇ ਬਾਲੀਆਂ ਵਿਖੇ ਕਰੀਬ 01 ਕਰੋੜ 05 ਲੱਖ ਰੁਪਏ ਦੀ ਲਾਗਤ ਨਾਲ ਉਸਾਰੇ ਜਾਣ ਵਾਲੇ ਖੇਡ ਮੈਦਾਨਾਂ ਦੇ ਨਿਰਮਾਣ ਕਾਰਜਾਂ ਦੀ ਸ਼ੁਰੂਆਤ








**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਨੌਜਵਾਨ ਪੀੜ੍ਹੀ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਅਤੇ ਪਿੰਡ ਪੱਧਰ 'ਤੇ ਖੇਡਾਂ ਦੇ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਸ਼ੁਰੂ ਕੀਤੀ ਗਈ "ਹਰ ਪਿੰਡ ਖੇਡ ਮੈਦਾਨ" ਮੁਹਿੰਮ ਤਹਿਤ ਹਲਕਾ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਵੱਲੋਂ ਪਿੰਡ ਮੰਗਵਾਲ ਵਿਖੇ 58.34 ਲੱਖ ਰੁਪਏ, ਪਿੰਡ ਬਾਲੀਆਂ ਵਿਖੇ 18.57 ਲੱਖ ਰੁਪਏ ਅਤੇ ਪਿੰਡ ਭਿੰਡਰਾਂ ਵਿਖੇ 27.80 ਲੱਖ ਰੁਪਏ ਦੀ ਲਾਗਤ ਨਾਲ ਉਸਾਰੇ ਜਾਣ ਵਾਲੇ ਆਧੁਨਿਕ ਖੇਡ ਮੈਦਾਨਾਂ ਦੇ ਨਿਰਮਾਣ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ। ਇਨ੍ਹਾਂ ਖੇਡ ਮੈਦਾਨਾਂ ਵਿੱਚ ਨੌਜਵਾਨਾਂ ਲਈ ਵੱਖ ਵੱਖ ਖੇਡਾਂ ਦੀਆਂ ਸੁਵਿਧਾਵਾਂ ਮੁਹੱਈਆ ਕਰਵਾਈਆਂ ਜਾਣਗੀਆਂ। ਇਸ ਕਦਮ ਨਾਲ ਪਿੰਡਾਂ ਦੇ ਨੌਜਵਾਨਾਂ ਨੂੰ ਖੇਡਾਂ ਵਿੱਚ ਆਪਣੀ ਪ੍ਰਤਿਭਾ ਨਿਖਾਰਨ ਦਾ ਮੌਕਾ ਮਿਲੇਗਾ ਅਤੇ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਤੰਦਰੁਸਤ ਜੀਵਨ ਬਤੀਤ ਕਰ ਸਕਣਗੇ। ਹਲਕਾ ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮਕਸਦ ਹਰ ਪਿੰਡ ਵਿੱਚ ਸ਼ਾਨਦਾਰ ਖੇਡ ਮੈਦਾਨ ਬਣਾਉਣਾ ਹੈ ਤਾਂ ਜੋ ਨੌਜਵਾਨਾਂ ਨੂੰ ਆਪਣੇ ਘਰ ਦੇ ਨੇੜੇ ਹੀ ਖੇਡਾਂ ਲਈ ਉੱਚ ਪੱਧਰੀ ਢਾਂਚਾ ਪ੍ਰਾਪਤ ਹੋਵੇ। ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਵਿੱਚ ਕੋਈ ਕਮੀ ਨਹੀਂ ਛੱਡੀ ਜਾ ਰਹੀ ਅਤੇ ਹਲਕਾ ਸੰਗਰੂਰ ਵਿੱਚ ਵਿਕਾਸ ਕਾਰਜ ਜੰਗੀ ਪੱਧਰ ਉੱਤੇ ਜਾਰੀ ਹਨ। ਇਸ ਮੌਕੇ ਪਿੰਡਾਂ ਦੀਆਂ ਪੰਚਾਇਤਾਂ, ਆਮ ਆਦਮੀ ਪਾਰਟੀ ਦੇ ਆਗੂ, ਸਮਾਜ ਸੇਵੀ, ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਰਹੇ ਜਿਨ੍ਹਾਂ ਨੇ ਇਸ ਕਦਮ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।


ਆਵਾਜ਼ਿ ਕੌਮ AWAZE QAUM International Newspaper & WEB TV

## ਪੁਸਤਕ ਲੋਕ ਅਰਪਣ ਸਮਾਗਮ ਅਤੇ ਕਵੀ ਦਰਬਾਰ 29 ਨਵੰਬਰ ਨੂੰ

# ਸੈਮੀਨਾਰ ਹਾਲ ਪੰਜਾਬੀ ਭਵਨ ਲੁਧਿਆਣਾ ਵਿਖੇ ਹੋਵੇਗਾ




**ਲੁਧਿਆਣਾ, 21 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸੋਚਦਾ ਸਾਹਿਤਿਕ ਮੰਚ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਲੁਧਿਆਣਾ ਇਕਾਈ ਦੇ ਸਹਿਯੋਗ ਨਾਲ ਪੁਸਤਕ ਲੋਕ ਅਰਪਣ ਸਮਾਗਮ ਅਤੇ ਕਵੀ ਦਰਬਾਰ ਮਿਤੀ 29 ਨਵੰਬਰ 2025 ਨੂੰ ਸੈਮੀਨਾਰ ਹਾਲ ਪੰਜਾਬੀ ਭਵਨ ਲੁਧਿਆਣਾ ਵਿਖੇ ਆਪ ਸਭ ਮਿੱਤਰਾਂ ਦੋਸਤਾਂ ਨਾਲ ਅਸੀਂ ਇਹ ਖੁਸ਼ੀ ਸਾਂਝੀ ਕਰ ਰਹੇ ਹਾਂ ਕਿ ਸਾਡੇ ਬਹੁਤ ਹੀ ਪਿਆਰੇ ਮਿੱਤਰ ਸਰਦਾਰ ਪ੍ਰਗਟ ਸਿੰਘ ਗਿੱਲ ਬਾਗੀ ਜੀ , ਵੱਡੀ ਭੈਣ ਇੰਦਰਜੀਤ ਕੌਰ ਵਡਾਲਾ ਜੀ ਅਤੇ ਛੋਟਾ ਵੀਰ ਸਰਦਾਰ ਬੇਅੰਤ ਸਿੰਘ ਗਿੱਲ ਜੀ ਦੀਆਂ ਮੌਲਿਕ ਕਿਤਾਬਾਂ ਅਸੀਂ ਲੋਕ ਅਰਪਣ ਕਰਨ ਜਾ ਰਹੇ ਹਾਂ । ਸੈਮੀਨਾਰ ਹਾਲ ਪੰਜਾਬੀ ਭਵਨ ਵਿਖੇ ਸਮਾਂ ਸਵੇਰੇ 9.30 ਵਜੇ

ਬਾਗ਼ੀ ਸੀ ,ਬਾਗ਼ੀ ਹਾਂ ,ਬਾਗੀ ਹੀ ਰਹਾਂਗਾ ,(ਪ੍ਰਗਟ ਸਿੰਘ ਗਿੱਲ ਜੀ )

ਜਿਉਂਦੀ ਲਾਸ਼( ਇੰਦਰਜੀਤ ਕੌਰ ਵਡਾਲਾ ਜੀ )

ਸ਼ਾਂਤੀ, ਜੋ ਪਰਿਵਾਰ ਨੇ ਕਦੇ ਨਹੀਂ ਚਾਹੀ (ਬੇਅੰਤ ਸਿੰਘ ਗਿੱਲ ਜੀ)

ਵਿਖੇ ਲੋਕ ਅਰਪਣ ਕੀਤੀਆਂ ਜਾਣਗੀਆਂ ,ਤੇ ਕਵੀ ਦਰਬਾਰ ਕਰਵਾਇਆ ਜਾਵੇਗਾ

ਆਪ ਸਭ ਦੀ ਉਡੀਕ ਵਿੱਚ

ਪੰਜਾਬ ਸੋਚਦਾ ਸਾਹਿਤਿਕ ਮੰਚ

**-ਸੰਪਰਕ ਨੰਬਰ** 9872617880, +61435406713

ਆਵਾਜ਼ਿ ਕੌਮ AWAZE QAUM International Newspaper & WEB TV

# ਹਰਜਿੰਦਰ ਸਿੰਘ ਦਿਲਗੀਰ ਨੂੰ ਯੂਨੀਵਰਸਿਟੀ ਮੰਚ ਦੇਣਾ ਸਿੱਖ ਭਾਵਨਾਵਾਂ ਨਾਲ ਖਿਲਵਾੜ: ਪ੍ਰੋ. ਸਰਚਾਂਦ ਸਿੰਘ ਖ਼ਿਆਲਾ

## ਪੰਜਾਬ ਯੂਨੀਵਰਸਿਟੀ ਨੂੰ 22 ਨਵੰਬਰ ਵਾਲੀ ਕਾਨਫ਼ਰੰਸ ਤੁਰੰਤ ਰੱਦ ਕਰਨ ਦੀ ਕੀਤੀ ਮੰਗ



**ਚੰਡੀਗੜ੍ਹ, 21 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖ਼ਿਆਲਾ ਨੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿੱਚ 22 ਨਵੰਬਰ 2025 ਨੂੰ "ਗੁਰੂ ਨਾਨਕ ਰੀਸਰਚ ਇੰਸਟੀਚਿਊਟ, ਬਰਮਿੰਘਮ (ਯੂ.ਕੇ.)" ਦੇ ਬੈਨਰ ਹੇਠ ਵਿਵਾਦਪੂਰਨ ਵਿਅਕਤੀ ਹਰਜਿੰਦਰ ਸਿੰਘ ਦਿਲਗੀਰ ਵੱਲੋਂ ਆਯੋਜਿਤ ਕੀਤੀ ਜਾ ਰਹੀ ਕਾਨਫ਼ਰੰਸ ਨੂੰ ਤੁਰੰਤ ਰੱਦ ਕਰਨ ਦੀ ਮੰਗ ਕੀਤੀ ਹੈ। ਉਹਨਾਂ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਨੂੰ ਪੱਤਰ ਲਿਖ ਕੇ ਕਿਹਾ ਕਿ ਸ਼੍ਰੀ ਅਕਾਲ ਤਖ਼ਤ ਸਾਹਿਬ, ਜੋ ਸਿੱਖ ਪੰਥ ਦਾ ਸਰਵਉੱਚ ਅਸਥਾਨ ਹੈ ਅਤੇ ਸੰਸਾਰ ਭਰ ਦਾ ਸਿੱਖ ਸਮਾਜ ਇੱਥੋਂ ਗੁਰਮਤਿ ਦੀ ਰੋਸ਼ਨੀ ਵਿਚ ਜਾਰੀ ਆਦੇਸ਼ ਨੂੰ ਸਮਰਪਿਤ ਹੈ, ਨੇ 27 ਜੁਲਾਈ 2017 ਨੂੰ ਜਾਰੀ ਕੀਤੇ ਆਪਣੇ ਲਿਖਤੀ ਹੁਕਮਨਾਮੇ ਵਿੱਚ ਸਪਸ਼ਟ ਕੀਤਾ ਸੀ ਕਿ ਦਿਲਗੀਰ ਦੀਆਂ ਲਿਖਤਾਂ ਵਿੱਚ ਇਤਰਾਜ਼ਯੋਗ ਸਮਗਰੀ ਨੂੰ ਲੈ ਕੇ ਸੰਗਤਾਂ ਵਿੱਚ ਭਾਰੀ ਰੋਸ ਨੂੰ ਮੁੱਖ ਰੱਖਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਵਿਦਵਾਨਾਂ ਦੀ ਕਮੇਟੀ ਦੁਆਰਾ ਪੜਤਾਲ ਕਰਵਾਈ ਗਈ ,ਅਤੇ ਪੜਤਾਲੀਆ ਰਿਪੋਰਟ ਵਿੱਚ ਦਿਲਗੀਰ ਦੀਆਂ ਲਿਖਤਾਂ ਵਿੱਚ ਸਿੱਖ ਪੰਥਕ ਮਰਿਆਦਾਵਾਂ, ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ, ਅੰਮ੍ਰਿਤ, ਨਿੱਤਨੇਮ, ਅਰਦਾਸ, ਦਸਮ ਗ੍ਰੰਥ ਦੀ ਬਾਣੀ ਅਤੇ ਧਾਰਮਿਕ ਅਸਥਾਨਾਂ ਦੀ ਪਵਿੱਤਰਤਾ ਆਦਿ ਸਬੰਧੀ ਬਹੁਤ ਹੀ ਨੀਵੇਂ ਪੱਧਰ ਅਤੇ ਇਤਰਾਜ਼ਯੋਗ ਸ਼ਬਦਾਂ ਦੀ ਵਰਤੋਂ ਸਪਸ਼ਟ ਤੌਰ 'ਤੇ ਸਾਬਤ ਹੋਈ। ਜਿਸ ਨੂੰ ਮੁੱਖ ਰੱਖ ਕੇ ਸ਼੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਸਿੰਘ ਸਾਹਿਬਾਨਾਂ ਨੇ ਦੀਰਘ ਵਿਚਾਰ ਕਰਨ ਉਪਰ ਫ਼ੈਸਲਾ ਕਰਦਿਆਂ ਸਿੱਖ ਸੰਗਤ ਨੂੰ ਆਦੇਸ਼ ਕੀਤਾ ਕਿ ਜਿੰਨੀ ਦੇਰ ਤੱਕ ਹਰਜਿੰਦਰ ਦਿਲਗੀਰ ਸ਼੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋ ਕੇ ਆਪਣਾ ਸਪਸ਼ਟੀਕਰਨ ਨਹੀਂ ਦੇ ਦਿੰਦੇ ਉਹਨਾਂ ਚਿਰ ਸਿੱਖ ਸੰਗਤਾਂ ਉਸ ਨੂੰ ਮੂੰਹ ਨਾ ਲਾਉਣ ਅਤੇ ਕਿਸੇ ਵੀ ਧਾਰਮਿਕ, ਸਮਾਜਿਕ, ਰਾਜਨੀਤਿਕ ਸਟੇਜ ਉੱਪਰ ਉਸ ਨੂੰ ਨਾ ਬੋਲਣ ਦਿੱਤਾ ਜਾਵੇ ਤੇ ਉਸ ਦੀਆਂ ਲਿਖੀਆਂ ਕਿਤਾਬਾਂ ਉੱਪਰ ਵੀ ਪੂਰਨ ਤੌਰ ਤੇ ਰੋਕ ਲਗਾਈ ਗਈ। ਪ੍ਰੋ. ਖ਼ਿਆਲਾ ਨੇ ਦੱਸਿਆ ਕਿ "8 ਸਾਲ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਦਿਲਗੀਰ ਕਦੇ ਵੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਨਹੀਂ ਹੋਇਆ। ਨਾ ਉਸ ਨੇ ਆਪਣੀਆਂ ਲਿਖਤਾਂ ਬਾਰੇ ਸਪਸ਼ਟੀਕਰਨ ਦਿੱਤਾ, ਨਾ ਹੀ ਖਿਮਾ ਮੰਗੀ। ਅਜਿਹੇ ਵਿਅਕਤੀ ਨੂੰ ਪੰਜਾਬ ਯੂਨੀਵਰਸਿਟੀ ਜਿਹੀ ਮਾਣਯੋਗ ਸਿੱਖਿਅਕ ਸੰਸਥਾ ਵੱਲੋਂ ਮੰਚ ਪ੍ਰਦਾਨ ਕਰਨਾ ਸਿੱਖ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਨਾਲ ਖੁੱਲ੍ਹਾ ਖਿਲਵਾੜ ਦੇ ਬਰਾਬਰ ਹੈ।" ਉਹਨਾਂ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਜੋ ਵਿਅਕਤੀ ਸਿੱਖ ਧਰਮ ਦੇ ਮੂਲ ਸਿਧਾਂਤਾਂ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਬਾਣੀ, ਸਿੱਖ ਇਤਿਹਾਸ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਹਸਤੀ ਤੱਕ ਨੂੰ ਚੁਨੌਤੀ ਦੇ ਚੁੱਕਾ ਹੋਵੇ, ਉਸ ਤੋਂ ਗੁਰਮਤ ਅਨੁਕੂਲ ਵਿਚਾਰਾਂ ਦੀ ਉਮੀਦ ਕਰਨਾ ਬੇਕਾਰ ਹੈ। ਪ੍ਰੋ. ਖ਼ਿਆਲਾ ਨੇ ਚੇਤਾਵਨੀ ਦਿੰਦੇ ਹੋਏ ਕਿਹਾ ਕਿ "ਜੇਕਰ ਪੰਜਾਬ ਯੂਨੀਵਰਸਿਟੀ ਇਸ ਵਿਵਾਦਪੂਰਨ ਕਾਨਫ਼ਰੰਸ ਨੂੰ ਰੱਦ ਨਹੀਂ ਕਰਦੀ, ਤਾਂ ਸਿੱਖ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚੇਗੀ ਅਤੇ ਕਿਸੇ ਵੀ ਅਣਚਾਹੀ ਘਟਨਾ ਦੀ ਪੂਰੀ ਜ਼ਿੰਮੇਵਾਰੀ ਯੂਨੀਵਰਸਿਟੀ ਪ੍ਰਸ਼ਾਸਨ ਤੇ ਹੀ ਹੋਵੇਗੀ।" ਉਹਨਾਂ ਯੂਨੀਵਰਸਿਟੀ ਪ੍ਰਸ਼ਾਸਨ ਤੋਂ ਤੁਰੰਤ ਦਖ਼ਲ ਦੀ ਮੰਗ ਕਰਦਿਆਂ ਕਿਹਾ ਕਿ ਮਾਮਲੇ ਦੀ ਸੰਵੇਦਨਸ਼ੀਲਤਾ ਅਤੇ ਸਿੱਖ ਸੰਗਤ ਦੇ ਆਦਰ ਨੂੰ ਮੁੱਖ ਰੱਖਦਿਆਂ ਦਿਲਗੀਰ ਨੂੰ ਯੂਨੀਵਰਸਿਟੀ ਦਾ ਮੰਚ ਨਾ ਦਿੱਤਾ ਜਾਵੇ। ਅਤੇ ਉਸ ਦੁਆਰਾ ਕਰਵਾਈ ਜਾਣ ਵਾਲੀ ਇਹ ਕਾਨਫ਼ਰੰਸ ਤੁਰੰਤ ਰੱਦ ਕੀਤੀ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

ਸ਼੍ਰੀ ਅਕਾਲ ਤਖਤ ਸਾਹਿਬ ਤੇ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਦੇ ਕੰਪਨੀ ਬਾਗ ਵਿੱਚ ਬਣੇ ਨਜਾਇਜ਼ ਤੌਰ ਤੇ ਤਿੰਨ ਕਲੱਬਾਂ ਨੂੰ ਬਾਹਰ ਕੱਢਣ ਦੇ ਲਈ

# ਅਕਾਲ ਸੇਵਾ ਫਾਊਂਡੇਸ਼ਨ ਵੱਲੋਂ ਦਿੱਤਾ ਗਿਆ ਮੰਗ ਪੱਤਰ : ਸਰਬਜੀਤ ਸਿੰਘ ਸੋਨੂੰ ਜੰਡਿਆਲਾ

**ਚੌਕ ਮਹਿਤਾ, 21 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ੍ਰੀ ਅਕਾਲ ਤਖਤ ਸਾਹਿਬ ਤੇ ਪਹੁੰਚ ਕੇ ਅਕਾਲ ਸੇਵਾ ਫਾਊਂਡੇਸ਼ਨ ਤੇ ਆਗੂਆਂ ਵੱਲੋਂ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਦੇ ਬਣੇ ਕੰਪਨੀ ਬਾਗ ਵਿੱਚ ਜੋ ਨਜਾਇਜ਼ ਤੌਰ ਤੇ ਤਿੰਨ ਕਲੱਬ ਬਣੇ ਹੋਏ ਨੇ ਉਹਨਾਂ ਨੂੰ ਬਾਹਰ ਕੱਢਣ ਦੇ ਲਈ ਦਿੱਤਾ ਮੰਗ ਪੱਤਰ ਪਿਛਲੇ ਲੰਮੇ ਸਮੇਂ ਤੋਂ ਪੁਰਾਤਨ ਵਿਰਾਸਤਾਂ ਨੂੰ ਬਚਾਉਣ ਦੇ ਲਈ ਅਕਾਲ ਸੇਵਾ ਫਾਊਂਡੇਸ਼ਨ ਦੇ ਮੈਂਬਰ ਕਰ ਰਹੇ ਨੇ ਸੰਘਰਸ਼ ਗੱਲਬਾਤ ਕਰਦੇ ਹੋਏ ਸਮਾਜ ਸੇਵੀ ਤੇ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਦੱਸਿਆ ਕਿ ਪਿਛਲੇ ਲੰਮੇ ਸਮੇਂ ਤੋਂ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਦੀਆਂ ਪੁਰਾਤਨ ਵਿਰਾਸਤਾਂ ਨੂੰ ਬਚਾਉਣ ਦੇ ਲਈ ਸੰਘਰਸ਼ ਕਰ ਰਹੇ ਹਾਂ ਪਰ ਬੜੇ ਦੁੱਖ ਦੀ ਗੱਲ ਹੈ ਕਿ ਅੰਮ੍ਰਿਤਸਰ ਦਾ ਕੰਪਨੀ ਬਾਗ ਜਿਸ ਵਿੱਚ ਨਜਾਇਜ਼ ਤੌਰ ਤੇ ਤਿੰਨ ਕਲੱਬ ਬਣੇ ਹੋਏ ਨੇ ਜਿਨਾਂ ਨੂੰ ਬਾਹਰ ਕੱਢਣ ਦੇ ਲਈ ਏਐਸਆਈ ਵੱਲੋਂ ਤੇ ਇੱਕ ਐਨਜੀਓ ਵੱਲੋਂ ਮਾਨਯੋਗ ਕੋਰਟ ਵਿੱਚ ਕੇਸ ਚੱਲ ਰਿਹਾ ਹੈ ਇਹਨਾਂ ਕਲੱਬਾਂ ਨੂੰ ਬਾਹਰ ਕੱਢਣ ਦੇ ਲਈ ਪਰ ਦੁੱਖ ਦੀ ਗੱਲ ਹੈ ਕੀ ਪੁਰਾਤਨ ਵਿਰਾਸਤਾਂ ਦੇ ਨਾਲ ਛੇੜਛਾੜ ਕੋਈ ਵੀ ਨਹੀਂ ਕਰ ਸਕਦਾ ਪਰ ਜਦੋਂ ਅਜਿਹੇ ਕਲੱਬਾਂ ਵਾਲੇ ਖੁੱਲਿਆਮ ਕਾਨੂੰਨ ਦੀਆਂ ਧੱਜੀਆਂ ਉਡਾ ਰਹੇ ਹੁਣ ਤਾਂ ਉਸ ਵੇਲੇ ਹੱਕ ਸੱਚ ਦੀ ਲੜਾਈ ਲੜਨ ਦੇ ਲਈ ਸਾਨੂੰ ਸਭ ਨੂੰ ਅੱਗੇ ਆਉਣਾ ਚਾਹੀਦਾ ਹੈ ਸਿੱਖ ਕੌਮ ਦੇ ਮਹਾਨ ਜਰਨੈਲ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਨੇ ਜੋ ਸਾਨੂੰ ਵਿਸ਼ਾਲ ਰਾਜ ਬਖਸ਼ਿਆ ਸੀ ਅਸੀਂ ਉਸ ਦੀਆਂ ਨਿਸ਼ਾਨੀਆਂ ਵੀ ਨਹੀਂ ਸਾਂਭ ਸਕਦੇ ਬੜੇ ਦੁੱਖ ਦੀ ਗੱਲ ਹੈ ਕੀ ਜੇਕਰ ਅੱਜ ਸਮਰ ਪੈਲਸ ਦੇ ਆਲੇ ਦੁਆਲੇ ਵੇਖੀਏ ਤਾਂ ਰਾਤ ਨੂੰ ਕਿਸੇ ਵੇਲੇ ਲਾਈਟਾਂ ਹੀ ਨਹੀਂ ਜੱਗਦੀਆਂ ਤੇ ਆਲੇ ਦੁਆਲੇ ਦਰਵਾਜ਼ਿਆਂ ਦੀਆਂ ਜਾਲੀਆਂ ਟੁੱਟ ਚੁੱਕੀਆਂ ਨੇ ਤੇ ਜਾਣ ਵਾਲੇ ਰਸਤਿਆਂ ਵਿੱਚ ਵੀ ਲੱਕੜਾਂ ਲੱਥ ਚੁੱਕੀਆਂ ਨੇ ਜਿਸ ਰਾਜੇ ਨੇ ਗੁਰੂ ਘਰ ਮੰਦਰ ਮਜ਼ੇਦਾਂ ਵਿੱਚ ਸੋਨੇ ਦੀ ਸੇਵਾ ਕਰਾਈ ਹੋਵੇ ਤੇ ਅੱਜ ਉਸ ਦੀਆਂ ਯਾਦਗਾਰਾਂ ਵੱਲ ਕਿਸੇ ਦਾ ਧਿਆਨ ਨਾ ਹੋਵੇ ਬੜੇ ਅਫਸੋਸ ਦੀ ਗੱਲ ਹੈ ਇਹ ਸਾਰੇ ਮਸਲੇ ਨੂੰ ਤੇ ਸੰਗਤਾਂ ਦੀਆਂ ਭਾਵਨਾਵਾਂ ਨੂੰ ਮੁੱਖ ਰੱਖਦਿਆਂ ਹੋਇਆਂ ਅਕਾਲ ਸੇਵਾ ਫਾਊਂਡੇਸ਼ਨ ਨੇ ਸ਼੍ਰੀ ਅਕਾਲ ਤਖਤ ਸਾਹਿਬ ਤੇ ਪਹੁੰਚ ਕੇ ਸਰਦਾਰ ਬਗੀਚਾ ਸਿੰਘ ਜੀ ਨੂੰ ਜਥੇਦਾਰ ਸਾਹਿਬ ਦੇ ਨਾਮ ਦਾ ਇੱਕ ਮੰਗ ਪੱਤਰ ਦਿੱਤਾ ਗਿਆ ਤੇ ਉਸੇ ਵਿੱਚ ਨਜਾਇਜ਼ ਤੌਰ ਤੇ ਬਣੇ ਹੋਏ ਤਿੰਨ ਕਲੱਬਾਂ ਨੂੰ ਬਾਹਰ ਕੱਢਣ ਦੀ ਮੰਗ ਕੀਤੀ ਗਈ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਮੰਗ ਕੀਤੀ ਕਿ ਉਹ ਮਾਣਯੋਗ ਕੋਟ ਵਿੱਚ ਇੱਕ ਕੇਸ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਲੱਬਾਂ ਦੇ ਖਿਲਾਫ ਦਾਇਰ ਕਰਨ ਤੇ ਅੱਗੇ ਹੋ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਹ ਸਿੱਖ ਕੌਮ ਦੀਆਂ ਵਿਰਾਸਤਾਂ ਦੀ ਲੜਾਈ ਲੜੇ ਤੇ ਇਸ ਤੋਂ ਇਲਾਵਾ ਅੰਮ੍ਰਿਤਸਰ ਦੀ ਪਵਿੱਤਰ ਨਹਿਰ ਜਿਸ ਨੂੰ ਸਿੱਖਾਂ ਵਾਲੀ ਨਹਿਰ ਕਿਹਾ ਜਾਂਦਾ ਹੈ ਜਿੱਥੋਂ ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ ਤੇ ਪੰਜ ਪਵਿੱਤਰ ਸਰੋਵਰਾਂ ਨੂੰ ਜਲ ਜਾਂਦਾ ਹੈ ਉੱਥੇ ਵੀ ਵਹਿਮਾਂ ਭਰਮਾਂ ਵਿੱਚ ਫਸੇ ਹੋਏ ਲੋਕ ਜੋ ਨਹਿਰ ਵਿੱਚ ਗੰਦਗੀ ਪਾਉਣ ਤੋਂ ਬਾਜ ਨਹੀਂ ਆ ਰਹੇ ਇਸ ਬਾਰੇ ਵੀ ਇੱਕ ਮੰਗ ਪੱਤਰ ਦਿੱਤਾ ਗਿਆ ਤੇ ਵਿਸ਼ੇਸ਼ ਤੌਰ ਤੇ ਮੰਗ ਕੀਤੀ ਗਈ ਕਿ ਜਥੇਦਾਰ ਸਾਹਿਬ ਵੱਲੋਂ ਇੱਕ ਸੰਦੇਸ਼ ਜਾਰੀ ਕੀਤਾ ਜਾਵੇ ਕਿ ਪਵਿੱਤਰ ਪਾਣੀ ਵਿੱਚ ਗੰਦਗੀ ਲੋਕ ਨਾ ਪਾਉਣ ਕਿਉਂਕਿ ਪਾਣੀ ਸਾਡਾ ਜੀਵਨ ਹੈ ਪਾਣੀ ਵਿੱਚ ਗੰਦਗੀ ਪਾਉਣਾ ਪਾਪ ਹੈ ਪਰਮਾਤਮਾ ਵੱਲੋਂ ਦਿੱਤੀ ਹੋਈ ਇੱਕ ਅਨਮੋਲ ਦਾਤ ਹੈ ਪਾਣੀ ਜਿਸ ਦੀ ਸਾਨੂੰ ਕਦਰ ਕਰਨੀ ਚਾਹੀਦੀ ਹੈ। ਆਖਰ ਵਿੱਚ ਗੱਲਬਾਤ ਕਰਦੇ ਹੋਏ ਸਿੱਖ ਆਗੂ ਸਰਬਜੀਤ ਸਿੰਘ ਸੋਨੂ ਜੰਡਿਆਲਾ ਨੇ ਜਥੇਦਾਰ ਸ਼੍ਰੀ ਅਕਾਲ ਤਖਤ ਸਾਹਿਬ ਨੂੰ ਬੇਨਤੀ ਕੀਤੀ ਕਿ ਉਹ ਇੱਕ ਵਾਰੀ ਕੰਪਨੀ ਬਾਗ ਵਿੱਚ ਜਾ ਕੇ ਹਾਲਾਤਾਂ ਦਾ ਜਾਇਜ਼ਾ ਜਰੂਰ ਲੈਣ ਕਿਉਂਕਿ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਦੇ ਬੁੱਤ ਤੇ ਲੱਗੇ ਹੋਏ ਨਿਸ਼ਾਨ ਸਾਹਿਬ ਦੇ ਆਲੇ ਦੁਆਲੇ ਦੇ ਹਾਲਾਤ ਵੇਖ ਕੇ ਮਨ ਨੂੰ ਬਹੁਤ ਦੁੱਖ ਲੱਗਦਾ ਹੈ ਇਸ ਕਰਕੇ ਇੱਕ ਵਾਰ ਮੌਕੇ ਤੇ ਪਹੁੰਚ ਕੇ ਜਰੂਰ ਵੇਖਿਆ ਜਾਵੇ ਕਿ ਸਾਡੀਆਂ ਸਿੱਖ ਕੌਮ ਦੀਆਂ ਵਿਰਾਸਤਾਂ ਦੇ ਹਾਲਾਤ ਦਿਨੋ ਦਿਨ ਕੈਸੇ ਹੋ ਰਹੇ ਨੇ ਜਥੇਦਾਰ ਸਾਹਿਬ ਦੇ ਦਫਤਰ ਇੰਚਾਰਜ ਬਗੀਚਾ ਸਿੰਘ ਖਾਲਸਾ ਜੀ ਨੇ ਕਿਹਾ ਕਿ ਬਹੁਤ ਜਲਦ ਇਸ ਵਿਸ਼ੇ ਤੇ ਤੁਹਾਨੂੰ ਬੁਲਾ ਕੇ ਸਿੰਘ ਸਾਹਿਬ ਨਾਲ ਇਸ ਮਸਲੇ ਤੇ ਵਿਚਾਰ ਵਟਾਂਦਰਾ ਕੀਤਾ ਜਾਵੇਗਾ।



ਸਰਬੱਤ ਦਾ ਭਲਾ ਟਰੱਸਟ ਵੱਲੋਂ ਬੁਤਾਲਾ 'ਚ ਲੈਬ ਅਤੇ ਡਾਇਗਨੋਸਟਿਕ ਸੈਂਟਰ ਦਾ

# ਡਾ.ਐਸ.ਪੀ.ਸਿੰਘ ਉਬਰਾਏ ਨੇ ਕੀਤਾ ਉਦਘਾਟਨ



**ਚੌਕ ਮਹਿਤਾ, 21 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦੁਬਈ ਦੇ ਉੱਘੇ ਕਾਰੋਬਾਰੀ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੁੱਖੀ ਡਾ.ਐੱਸ.ਪੀ.ਸਿੰਘ ਓਬਰਾਏ ਵੱਲੋਂ ਕਸਬਾ ਬੁਤਾਲਾ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ 'ਸੰਨੀ ਓਬਰਾਏ ਕਲੀਨੀਕਲ ਲੈਬ ਅਤੇ ਡਾਇਗਨੋਸਟਿਕ ਸੈਂਟਰ' ਦਾ ਉਦਘਾਟਨ ਕੀਤਾ ਗਿਆ। ਕਸਬਾ ਬੁਤਾਲਾ ਦੀ ਪੰਚਾਇਤ, ਐਨ.ਆਰ.ਆਈ. ਵੀਰਾਂ ਅਤੇ ਇਲਾਕਾ ਨਿਵਾਸੀਆਂ ਦੇ ਵੱਡੇ ਸਹਿਯੋਗ ਸਦਕਾ ਖੋਲ੍ਹੀ ਗਈ ਇਸ ਲੈਬਾਰਟਰੀ ਦੇ ਉਦਘਾਟਨ ਮੌਕੇ ਟਰੱਸਟ ਦੀਆਂ ਸਿਹਤ ਸੇਵਾਵਾਂ ਦੇ ਡਾਇਰੈਕਟਰ ਡਾ. ਦਲਜੀਤ ਸਿੰਘ ਗਿੱਲ ਅਤੇ ਪੰਜਾਬ ਪ੍ਰਧਾਨ ਸੁਖਜਿੰਦਰ ਸਿੰਘ ਹੇਰ ਵੀ ਮੌਜੂਦ ਸਨ। ਇਸ ਮੌਕੇ ਡਾ.ਐੱਸ.ਪੀ. ਸਿੰਘ ਓਬਰਾਏ ਨੇ ਪੰਜਾਬ ਸਮੇਤ ਹੋਰਨਾਂ ਸੂਬਿਆਂ 'ਚ ਸਰਬੱਤ ਦਾ ਭਲਾ ਟਰੱਸਟ ਵੱਲੋਂ ਨਿਭਾਈਆਂ ਜਾ ਰਹੀਆਂ ਵੱਖ-ਵੱਖ ਸੇਵਾਵਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਟਰੱਸਟ ਵੱਲੋਂ ਸਥਾਪਤ ਕੀਤੀ ਗਈ ਬਹੁਤ ਹੀ ਘੱਟ ਖ਼ਰਚੇ ਵਾਲੀ ਇਸ ਲੈਬਾਰਟਰੀ ਨਾਲ ਕਸਬਾ ਬੁਤਾਲਾ ਅਤੇ ਨੇੜਲੇ ਬਹੁਤ ਸਾਰੇ ਪਿੰਡਾਂ ਨੂੰ ਵੱਡੀ ਸਹੂਲਤ ਮਿਲੇਗੀ। ਉਨ੍ਹਾਂ ਨੇ ਦੱਸਿਆ ਕਿ ਟਰੱਸਟ ਵੱਲੋਂ ਹੁਣ ਤੱਕ ਪੰਜਾਬ ਤੇ ਹਰਿਆਣਾ ਸਮੇਤ ਹੋਰਨਾਂ ਸੂਬਿਆਂ 'ਚ 150 ਦੇ ਕਰੀਬ ਲੈਬਾਰਟਰੀਆਂ ਖੋਲ੍ਹੀਆਂ ਜਾ ਚੁੱਕੀਆਂ ਹਨ, ਜਿਨ੍ਹਾਂ ਅੰਦਰ ਹਰ ਸਾਲ ਲਗਭਗ 25 ਲੱਖ ਦੇ ਕਰੀਬ ਲੋਕ ਕੇਵਲ ਲਾਗਤ ਦਰਾਂ 'ਤੇ ਆਪਣੇ ਟੈਸਟ ਕਰਵਾ ਕੇ ਲਾਭ ਲੈ ਰਹੇ ਹਨ। ਡਾ. ਉਬਰਾਏ ਨੇ ਬੁਤਾਲਾ ਦੇ ਸਰਪੰਚ ਸੁਖਵਿੰਦਰ ਸਿੰਘ ਅਤੇ ਉਨ੍ਹਾਂ ਦੀ ਟੀਮ ਵੱਲੋਂ ਦਿੱਤੇ ਗਏ ਸਹਿਯੋਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਲਾਕੇ ਦੀ ਲੋੜ ਮੁਤਾਬਿਕ ਬਹੁਤ ਹੀ ਜਲਦ ਟਰੱਸਟ ਵੱਲੋਂ ਇੱਥੇ ਇੱਕ ਆਧੁਨਿਕ ਡੈਂਟਲ ਕਲੀਨਿਕ ਅਤੇ ਫਿਜ਼ਿਓਥਰੈਪੀ ਸੈਂਟਰ ਵੀ ਖੋਲ੍ਹਿਆ ਜਾਵੇਗਾ। ਇਸ ਦੌਰਾਨ ਬੁਤਾਲਾ ਪੰਚਾਇਤ ਵੱਲੋਂ ਡਾ. ਉਬਰਾਏ ਤੇ ਉਨ੍ਹਾਂ ਦੀ ਸਮੁੱਚੀ ਟੀਮ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸ਼ਿਸ਼ਪਾਲ ਸਿੰਘ ਲਾਡੀ, ਜਨਰਲ ਸਕੱਤਰ ਮਨਪ੍ਰੀਤ ਸੰਧੂ, ਜਗਦੇਵ ਸਿੰਘ ਛੀਨਾ, ਅਮਨਦੀਪ ਚੀਮਾ ਤੋਂ ਇਲਾਵਾ ਪ੍ਰਸ਼ਾਂਤ ਰਈਆ, ਜਗਜੀਤ ਬਿਆਸ, ਬਲਤੇਜ ਸਿੰਘ, ਗੁਰਮੀਤ ਸਿੰਘ, ਹਰਜੀਤ ਸਿੰਘ, ਨਿਰਵੈਰ ਸਿੰਘ, ਚਰਨਜੀਤ ਸਿੰਘ, ਲਖਵਿੰਦਰ ਸਿੰਘ, ਗਗਨਦੀਪ ਸਿੰਘ, ਸੁਖਜੀਤ ਸਿੰਘ, ਜਗਜੀਤ ਸਿੰਘ, ਗੁਰਪ੍ਰੀਤ ਸਿੰਘ ਬੱਲ, ਜਗਰੂਪ ਸਿੰਘ, ਪ੍ਰਧਾਨ ਗਿਆਨ ਸਿੰਘ, ਨਵਰਾਜ ਸਿੰਘ, ਸੂਬੇਦਾਰ ਅਮਨਦੀਪ ਸਿੰਘ, ਯਾਦਵਿੰਦਰ ਸਿੰਘ ਸਾਹਬੀ, ਸਾਬਕਾ ਸਰਪੰਚ ਸੰਤੋਖ ਸਿੰਘ, ਹੈੱਡਮਾਸਟਰ ਅਰਵਿੰਦਰ ਸਿੰਘ, ਹੈੱਡਮਾਸਟਰ ਹਰਸ਼ਰਨ ਸਿੰਘ, ਗੁਰਪ੍ਰੀਤ ਸਿੰਘ ਗੋਪੀ, ਪ੍ਰਭਜੋਤ ਸਿੰਘ ਚਾਹਲ, ਬਲਵਿੰਦਰ ਸਿੰਘ, ਪ੍ਰਭਜੀਤ ਸਿੰਘ ਖਾਲਸਾ ਆਦਿ ਸਮੇਤ ਵੱਡੀ ਗਿਣਤੀ ਵਿਚ ਇਲਾਕਾ ਨਿਵਾਸੀ ਮੌਜੂਦ ਸਨ।

# ਬਲਤੇਜ ਪੰਨੂ ਦੇ ਜਰਨਲ ਸਕੱਤਰ ਬਨਣ ਤੇ ਆਮ ਆਦਮੀ ਪਾਰਟੀ ਵਿੱਚ ਖੁਸ਼ੀ ਦੀ ਲਹਿਰ : ਡਾ. ਨਿਸ਼ਾਨ ਸਿੰਘ ਅਰਜਨ ਮਾਂਗਾ



**ਚੌਕ ਮਹਿਤਾ , 21 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**- ਹਲਕਾ ਮਜੀਠਾ ਦੇ ਮੀਡੀਆ ਕੋਆਰਡੀਨੇਟਰ ਡਾ, ਨਿਸ਼ਾਨ ਸਿੰਘ ਅਰਜਨ ਮਾਗਾ ਨੇ ਆਮ ਆਦਮੀ ਪਾਰਟੀ ਪੰਜਾਬ ਦੇ ਇਨਚਾਰਜਸ੍ਰੀ ਮਨੀਸ਼ ਸਿਸੋਦੀਆ ਜੀ ਅਤੇ ਪਾਰਟੀ ਪ੍ਰਧਾਨ ਅਮਨ ਅਰੋੜਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹਨਾਂ ਨੇ ਪੰਜਾਬ ਦੇ ਪਾਰਟੀ ਦੇ ਜਨਰਲ ਸਕੱਤਰ ਸ੍ਰੀ ਬਲਤੇਜ ਪੰਨੂ ਨੂੰ ਨਿਯੁਕਤ ਕਰਕੇ ਪਾਰਟੀ ਵਿੱਚ ਨਵੀਂ ਜਾਨ ਫੂਕੀ ਹੈ ਇੱਕ ਪੜੇ ਲਿਖੇ ਅਤੇ ਤਜਰਬੇਕਾਰ ਜਨਰਲ ਸਕੱਤਰ ਪਾਰਟੀ ਨੂੰ ਨਵੀਂ ਦਿਸ਼ਾ ਦੇਣਗੇ ਅਤੇ ਪਾਰਟੀ ਹੋਰ ਬੁਲੰਦੀਆਂ ਤੇ ਪਹੁੰਚੇਗੀ।

# ਭਗਵੰਤ ਮਾਨ ਦਾ ਬਿਆਨ ਸਿੱਖ ਮਰਿਯਾਦਾ ਦੀ ਸਮਝ ਤੋਂ ਸੱਖਣੇ ਹੋਣ ਦੀ ਨਿਸ਼ਾਨੀ : ਸਰਨਾ



**ਨਵੀਂ ਦਿੱਲੀ, 21 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਗੁਰੂ ਤੇਗ ਬਹਾਦਰ ਸਾਹਿਬ ਨੂੰ ਸ਼ਤਾਬਦੀ ਮੌਕੇ ਸ਼ਰਧਾਂਜਲੀ ਦੇਣ ਵੇਲੇ ਇੱਕ ਵਚਨਬੱਧ ਸਿੱਖ ਦੇ ਅਨੁਸ਼ਾਸਨ ਅਤੇ ਸਰੂਪ ਨਾਲ ਜੋੜਨ ਦੀ ਅਪੀਲ ਕੀਤੀ ਹੈ, ਕਿਹਾ ਹੈ ਕਿ 350ਵੀਂ ਸ਼ਹੀਦੀ ਪੁਰਬ ਮਹਿਜ਼ ਇਕ ਰਵਾਇਤ ਸਮਾਗਮ ਕਰਨ ਲਈ ਨਹੀਂ ਸਗੋਂ ਹਰ ਕਿਸੇ ਨੂੰ ਆਪਣੇ ਅੰਦਰ ਝਾਕਣ ਦਾ ਮੌਕਾ ਵੀ ਹੈ ਕਿ ਉਹਨਾਂ ਦੀ ਕਹਿਣੀ ਕੀ ਹੈ ਤੇ ਕਰਨੀ ਕੀ ਹੈ ਤੇ ਉਹ ਮਰਿਆਦਾ ਦੀ ਕਿੰਨੀ ਕੁ ਸਮਝ ਰੱਖਦੇ ਹਨ। ਉਹਨਾਂ ਨੂੰ ਮੁੱਖ ਮੰਤਰੀ ਦੀ ਕੁਰਸੀ ਮਿਲਣ ਦਾ ਮਤਲਬ ਇਹ ਨਹੀਂ ਕਿ ਉਹ ਹੁਣ ਸਿੱਖ ਪਰੰਪਰਾਵਾਂ ਦੀ ਵੀ ਵਿਆਖਿਆ ਆਪਣੇ ਹਿਸਾਬ ਨਾਲ ਕਰਨਗੇ। ਸਰਨਾ ਨੇ ਕਿਹਾ ਕਿ ਮਾਨ ਦੇ ਹਾਲੀਆ ਭਾਸ਼ਣਾਂ ਵਿੱਚ ਨੌਵੀਂ ਪਾਤਸ਼ਾਹੀ ਦੀ ਵਿਰਾਸਤ 'ਤੇ ਬੋਲਦਿਆਂ ਜੋ ਵਿਚਾਰ ਦਿੱਤੇ ਹਨ ਉਹ ਦੱਸਦੇ ਹਨ ਕਿ ਇਹ ਸਿੱਖ ਸਮਝ ਤੋ ਕਿੰਨੇ ਸੱਖਣੇ ਹਨ, ਫਿਰ ਵੀ ਇਹ ਪਲ ਮੁੱਖ ਮੰਤਰੀ ਨੂੰ ਆਪਣੀ ਰਹਿਤ 'ਤੇ ਵਿਚਾਰ ਕਰਨ ਦਾ ਮੌਕਾ ਹਨ। ਉਨ੍ਹਾਂ ਨੇ ਮੁੱਖ ਮੰਤਰੀ ਨੂੰ ਗੁਰੂ ਗੋਬਿੰਦ ਸਿੰਘ ਸਾਹਿਬ ਦੁਆਰਾ ਭੇਟ ਕੀਤੇ ਗਏ ਪੂਰੇ ਸਰੂਪ ਨੂੰ ਗਲੇ ਲਗਾਉਣ ਦੀ ਅਪੀਲ ਕੀਤੀ ਤੇ ਸਿੱਖਾਂ ਦੇ ਮਸਲਿਆਂ ਤੇ ਵਿਚਾਰ ਦੇਣ ਤੋਂ ਪਹਿਲਾਂ ਸਿੱਖ ਰਹਿਤ ਨੂੰ ਆਪਣੇ ਜੀਵਨ ਵਿੱਚ ਧਾਰਨ ਕਰਨ ਦੀ ਅਪੀਲ ਕੀਤੀ। ਸਰਨਾ ਨੇ ਕਿਹਾ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹਾਦਤ ਨੇ ਸਦੀਆਂ ਤੋਂ ਸਾਡੇ ਲੋਕਾਂ ਦੀ ਜ਼ਮੀਰ ਨੂੰ ਢਾਲਿਆ ਹੈ। ਜਦੋਂ ਮੁੱਖ ਮੰਤਰੀ ਅਜਿਹੀ ਵਿਰਾਸਤ 'ਤੇ ਬੋਲਦੇ ਹਨ, ਤਾਂ ਪੰਥ ਕੁਦਰਤੀ ਤੌਰ 'ਤੇ ਉਨ੍ਹਾਂ ਦੇ ਸ਼ਬਦਾਂ ਅਤੇ ਉਨ੍ਹਾਂ ਦੇ ਚੱਲਣ ਦੇ ਤਰੀਕੇ ਵਿਚਕਾਰ ਇਕਸਾਰਤਾ ਦੀ ਮੰਗ ਕਰਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਖਾਲਸੇ ਦਾ ਸਵਰੂਪ ਪਹਿਰਾਵੇ ਤੋਂ ਵੱਧ ਹੈ। ਸਰਨਾ ਨੇ ਜ਼ੋਰ ਦੇ ਕੇ ਕਿਹਾ ਕਿ ਮੇਰੀ ਅਪੀਲ ਸਿੱਖ ਭਾਈਚਾਰੇ ਲਈ ਚਿੰਤਾ ਤੋਂ ਉੱਠਦੀ ਹੈ, ਨਾ ਕਿ ਪੱਖਪਾਤੀ ਦੁਸ਼ਮਣੀ ਤੋਂ। ਉਨ੍ਹਾਂ ਕਿਹਾ ਕਿ ਜਨਤਕ ਜੀਵਨ ਵਿੱਚ ਸਾਨੂੰ ਖੁਦ ਨੂੰ ਵੀ ਉੱਚ ਆਦਰਸ਼ ਧਾਰਨ ਕਰਨੇ ਚਾਹੀਦੇ ਜਦੋਂ ਅਸੀ ਸਿੱਖ ਇਤਿਹਾਸ ਦੇ ਹਵਾਲੇ ਦਿੰਦੇ ਹਾਂ ਤੇ ਮਰਿਯਾਦਾ ਬਾਰੇ ਵਿਚਾਰ ਦਿੰਦੇ ਹਾਂ। ਉਨ੍ਹਾਂ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹੀਦੀ ਸ਼ਤਾਬਦੀ ਮੌਕੇ ਸਾਨੂੰ ਆਤਮ-ਨਿਰੀਖਣ ਲਈ ਪ੍ਰੇਰਿਤ ਹੋਣਾ ਚਾਹੀਦਾ ਹੈ। "ਜਦੋਂ ਅਸੀਂ ਮੰਚ ਤੋਂ ਸ਼ਹੀਦਾਂ ਬਾਰੇ ਵਿਚਾਰ ਰੱਖਦੇ ਹਾਂ ਤਾਂ ਸਾਨੂੰ ਉਨ੍ਹਾਂ ਸ਼ਬਦਾਂ ਦੇ ਪਿੱਛੇ ਆਪਣੇ ਜੀਵਨ ਨੂੰ ਵੀ ਗੰਭੀਰਤਾ ਨਾਲ ਉੱਚਾ ਚੱਕਣ ਦੀ ਲੋੜ ਹੈ।

# 27 ਨਵੰਬਰ ਨੂੰ ਲਗਾਇਆ ਜਾਵੇਗਾ ਜਿਲ੍ਹ ਪੱਧਰੀ ਕਿਸਾਨ ਸਿਖਲਾਈ ਕੈਂਪ - ਮੁੱਖ ਖੇਤੀਬਾੜੀ ਅ.ਫਸਰ

**ਜੰਡਿਆਲਾ ਗੁਰੂ 21 ਨਵੰਬਰ ( ਕੁਲਵੰਤ ਸਿੰਘ ਵਿਰਦੀ)** ਮੁੱਖ ਖੇਤੀਬਾੜੀ ਅਫ਼ਸਰ ਸ: ਗੁਰਸਾਹਿਬ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਹਾੜ੍ਹੀ 2025 ਦੀਆਂ ਫਸਲਾਂ ਦੀ ਕਾਸ਼ਤ ਸਬੰਧੀ ਤਕਨੀਕੀ ਜਾਣਕਾਰੀ ਦੇਣ ਲਈ ਜਿਲਾ ਪੱਧਰੀ ਕਿਸਾਨ ਸਿਖਲਾਈ ਕੈਂਪ 27 ਨਵੰਬਰ 2025 ਦਿਨ ਵੀਰਵਾਰ ਨੂੰ ਸਵੇਰੇ 10 ਵਜੇ ਤੋਂ ਲੈ ਕੇ ਬਾਅਦ ਦੁਪਹਿਰ 1.00 ਵਜੇ ਤੱਕ ਦਾਣਾ ਮੰਡੀ ਗਹਿਰੀ, ਜੀ. ਟੀ. ਰੋਡ, ਜੰਡਿਆਲਾ ਗੁਰੂ ਵਿਖੇ ਲਗਾਇਆ ਜਾ ਰਿਹਾ ਹੈ।



ਉਨਾਂ ਦੱਸਿਆ ਕਿ ਸ. ਹਰਭਜਨ ਸਿੰਘ ਈ.ਟੀ.ਓ., ਕੈਬਨਿਟ ਮੰਤਰੀ ਲੋਕ ਨਿਰਮਾਣ ਵਿਭਾਗ, ਪੰਜਾਬ ਸਰਕਾਰ ਇਸ ਸਮਾਰੋਹ ਦੇ ਮੁੱਖ ਮਹਿਮਾਨ ਹੋਣਗੇ ਅਤੇ ਸਮਾਰੋਹ ਦਾ ਉਦਘਾਟਨ ਕਰਨਗੇ ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਇਸ ਕੈਂਪ ਵਿੱਚ ਕਿਸਾਨਾਂ ਨੂੰ ਹਾੜ੍ਹੀ ਦੀਆਂ ਫਸਲਾਂ ਬਾਰੇ ਮਾਹਿਰਾਂ ਵਲੋਂ ਨਵੀਨਤਮ ਅਤੇ ਤਕਨੀਕੀ ਜਾਣਕਾਰੀ ਦਿੱਤੀ ਜਾਣੀ ਹੈ। ਇਸ ਮੌਕੇ ਵੱਖ-ਵੱਖ ਵਿਭਾਗਾਂ ਵੱਲੋਂ ਨੁਮਾਇਸ਼ ਅਤੇ ਪ੍ਰਦਰਸ਼ਨੀਆਂ ਵੀ ਲਗਾਈਆਂ ਜਾਣਗੀਆਂ। ਉਨਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਇਸ ਕੈਂਪ ਦਾ ਵੱਧ ਤੋਂ ਵੱਧ ਲਾਹਾ ਲੈਣ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗੁਰੂ ਤੇਗ ਬਹਾਦਰ ਦੀ ਚਰਨ ਛੋਹ ਪ੍ਰਾਪਤ ਧਰਤੀ ਤਲਵੰਡੀ ਸਾਬੋ

ਤੇਗ ਬਹਾਦਰ ਕੇ ਚਲਤ, ਭਇਓ ਜਗਤ ਮੇ ਸੋਕ।
ਹੈ ਹੈ ਸਭ ਜਗ ਭਇਓ, ਜੈ ਜੈ ਸੁਰਲੋਕ।

ਸੰਸਾਰ ਨੂੰ ਅਮਨ ਏਕਤਾ, ਭਾਈਚਾਰਾ, ਤਿਆਗ, ਵੈਰਾਗ ਅਤੇ ਕੁਰਬਾਨੀ ਦਾ ਸੁਨੇਹਾ ਦੇਣ ਵਾਲੇ, ਹਿੰਦ ਦੇ ਵਾਲੀ ਸਤਿਗੁਰੂ ਤੇਗ ਬਹਾਦਰ ਜੀ ਦੇ ਮਨਾਏ ਜਾ ਰਹੇ ਸਾਢੇ ਤਿੰਨ ਸੌ ਸਾਲਾ ਪੁਰਬ ਨੂੰ, ਕੌਮ ਬੜੀ ਰੀਝ ਅਤੇ ਸ਼ਾਨੋ ਸ਼ੌਕਤ ਨਾਲ਼ ਮਨਾ ਰਹੀ ਹੈ। ਤਲਵੰਡੀ ਸਾਬੋ ਦੀ ਧਰਤੀ ਦਾ ਵਸ਼ਿੰਦਾ ਹੋਣ ਕਰਕੇ ਆਪਣਾ ਫਰਜ਼ ਸਮਝਦਾ ਖੋਜ਼ ਕਾਰਜਾਂ ਤੇ ਆਪਣਾ ਯੋਗਦਾਨ ਪਾ ਰਿਹਾ ਹਾਂ। ਉਮੀਦ ਹੈ ਪੜ੍ਹ ਕੇ ਸੁਝਾਵਾਂ ਦੇ ਨਾਲ਼-ਨਾਲ਼ ਹੌਸਲਾ ਦੇ ਕੇ ਨਿਵਾਜੋਗੇ ਤਾਂ ਕਿ ਕਲਮ ਨਿਰੰਤਰ ਚਲਦੀ ਰਹੇ। ਧੰਨਵਾਦ ਜੀ।

ਤਲਵੰਡੀ ਸਾਬੋ ਨੂੰ ਜੋ ਵਰਦਾਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਬਖ਼ਸ਼ੇ, ਉਹ ਅਸਲ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਪਹਿਲਾਂ ਤੋਂ ਹੀ ਦਿੱਤੇ ਆਸ਼ੀਰਵਾਦ ਸਨ। ਦਸਮ ਪਾਤਸ਼ਾਹ ਜੀ ਨੇ ਉਨ੍ਹਾਂ ਵਰਦਾਨਾਂ ਨੂੰ ਅਮਲੀ ਰੂਪ ਦਿੱਤਾ ਅਤੇ ਗੁਰੂ ਕੀ ਕਾਸ਼ੀ ਦੀ ਸਥਾਪਨਾ ਕੀਤੀ। ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਭਵਿੱਖਬਾਣੀ ਅਨੁਸਾਰ, 31 ਸਾਲ ਬਾਅਦ 1705 ਈ. ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਤਲਵੰਡੀ ਸਾਬੋ ਆਏ। ਸੈਫ਼ਾਬਾਦ (ਮੌਜੂਦਾ ਕ.ਲਿਾ ਬਹਾਦਰਗੜ੍ਹ, ਪਟਿਆਲਾ) ਦੇ ਨਵਾਬ ਨਾਲ ਗੋਸ਼ਟੀ ਦੌਰਾਨ ਉਨ੍ਹਾਂ ਨੇ ਫਰਮਾਇਆ: "ਸਰਫਦੀਨ! ਜੰਗਲ ਦੇਸ਼ ਵਿੱਚ ਸਾਡੀ ਗੁਪਤ ਕਾਸ਼ੀ ਹੈ, ਅਸੀਂ ਉਥੇ ਜਾ ਕੇ ਉਸਨੂੰ ਪ੍ਰਗਟ ਕਰਾਂਗੇ।" ਇਸ ਬਚਨ ਤੋਂ ਸਪਸ਼ਟ ਹੁੰਦਾ ਹੈ ਕਿ ਸਤਿਗੁਰੂ ਜੀ ਤਲਵੰਡੀ ਸਾਬੋ ਪੁੱਜੇ ਸਨ, ਜਿੱਥੇ ਉਨ੍ਹਾਂ ਨੇ ਨੌਵੇਂ ਗੁਰੂ ਜੀ ਦੇ ਆਸ਼ੀਰਵਾਦਾਂ ਨੂੰ ਹਕੀਕਤ ਦਾ ਰੂਪ ਦਿੱਤਾ। ਸਿੱਖ ਧਰਮ ਦੇ ਨੌਵੇਂ ਗੁਰੂ, ਸ਼੍ਰੀ ਗੁਰੂ ਤੇਗ ਬਹਾਦਰ ਜੀ ਨੇ ਆਪਣੇ ਧਰਮ ਪ੍ਰਚਾਰ ਦੌਰਿਆਂ ਦੌਰਾਨ ਮਾਲਵਾ ਖੇਤਰ ਦੀ ਯਾਤਰਾ ਕੀਤੀ ਅਤੇ ਤਲਵੰਡੀ ਸਾਬੋ ਪਿੰਡ ਵਿੱਚ ਵੀ ਤਲਵੰਡੀ ਸਾਬੋ ਦਾ ਪੁਰਾਣਾ ਨਾਮ ਕੰਮਾ ਜਾਂ ਕਾਂਗੜ ਸੀ। ਇਸ ਇਲਾਕੇ ਨੂੰ ਪਹਿਲਾਂ ਲੱਖੀ ਜੰਗਲ ਵੀ ਕਿਹਾ ਜਾਂਦਾ ਸੀ। ਇਸ ਪਵਿੱਤਰ ਅਸਥਾਨ ਨੂੰ ਤਿੰਨ ਮਹਾਨ ਗੁਰੂ ਸਾਹਿਬਾਨ ਦੀ ਚਰਨ ਛੋਹ ਪ੍ਰਾਪਤ ਹੈ। ਗੁਰੂ ਨਾਨਕ ਦੇਵ ਜੀ ਆਪਣੀ ਦੂਜੀ ਉਦਾਸੀ ਦੌਰਾਨ ਬਠਿੰਡਾ ਤੋਂ ਸਿਰਸਾ ਜਾਂਦੇ ਸਮੇਂ ਇੱਥੇ ਠਹਿਰੇ ਸਨ। ਇਸ ਸਥਾਨ ਨਾਲ ਸਬੰਧਤ ਸਰੋਵਰ ਨੂੰ ਨਾਨਕਸਰ ਸਰੋਵਰ ਕਿਹਾ ਜਾਂਦਾ ਹੈ। 1675 ਈਸਵੀ ਵਿੱਚ, ਗੁਰੂ ਤੇਗ ਬਹਾਦਰ ਜੀ ਵੀ ਇਸ ਅਸਥਾਨ 'ਤੇ ਬਿਰਾਜੇ ਅਤੇ ਕੁਝ ਦਿਨ ਠਹਿਰੇ ਸਨ। ਉਨ੍ਹਾਂ ਨੇ ਇੱਥੇ ਇੱਕ ਤਲਾਬ ਪੁੱਟਣ ਦੀ ਸ਼ੁਰੂਆਤ ਵੀ ਕਰਵਾਈ ਸੀ, ਜਿਸ ਨੂੰ ਬਾਅਦ ਵਿੱਚ ਗੁਰੂਸਰ ਸਰੋਵਰ ਵਜੋਂ ਜਾਣਿਆ ਗਿਆ।

ਦਸਮ ਪਿਤਾ ਦਾ ਆਗਮਨ ਅਤੇ ਨਿਵਾਸ (1705-1706 ਈਸਵੀ)

ਇਸ ਅਸਥਾਨ ਦਾ ਸਭ ਤੋਂ ਵੱਡਾ ਮਹੱਤਵ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਨਿਵਾਸ ਕਾਰਨ ਹੈ। ਆਨੰਦਪੁਰ ਸਾਹਿਬ ਦੀਆਂ ਜੰਗਾਂ, ਚਮਕੌਰ ਦੀ ਗੜ੍ਹੀ ਅਤੇ ਮੁਕਤਸਰ ਦੀ ਆਖ਼ਰੀ ਲੜਾਈ (40 ਮੁਕਤਿਆਂ ਦੀ ਸ਼ਹਾਦਤ) ਤੋਂ ਬਾਅਦ, ਗੁਰੂ ਜੀ ਸੰਗਤਾਂ ਨੂੰ ਉਪਦੇਸ਼ ਦਿੰਦੇ ਹੋਏ ਤਲਵੰਡੀ ਸਾਬੋ ਪਹੁੰਚੇ। ਜਦੋਂ ਗੁਰੂ ਜੀ ਇੱਥੇ ਪਹੁੰਚੇ, ਤਾਂ ਉਨ੍ਹਾਂ ਨੇ ਉੱਚੇ ਟਿੱਬੇ 'ਤੇ ਆ ਕੇ ਆਰਾਮ (ਦਮ) ਲਿਆ ਅਤੇ ਆਪਣੇ ਜੰਗੀ ਕਮਰਕੱਸੇ ਨੂੰ ਖੋਲ੍ਹਦਿਆਂ ਫੁਰਮਾਇਆ ਕਿ ਇਹ ਆਪਣਾ 'ਆਨੰਦਪੁਰ ਵਾਲਾ ਦਮਦਮਾ' ਹੈ। ਇਸੇ ਕਰਕੇ ਇਸ ਸਥਾਨ ਦਾ ਨਾਮ ਦਮਦਮਾ ਸਾਹਿਬ ਪੈ ਗਿਆ, ਜਿਸ ਦਾ ਅਰਥ ਹੈ 'ਵਿਸ਼ਰਾਮ ਸਥਾਨ' ।ਗੁਰੂ ਜੀ ਨੇ ਇੱਥੇ ਲਗਭਗ ਸਵਾ ਨੌਂ ਮਹੀਨੇ (ਕੁਝ ਸ੍ਰੋਤਾਂ ਅਨੁਸਾਰ ਲਗਭਗ ਇੱਕ ਸਾਲ) ਨਿਵਾਸ ਕੀਤਾ।

ਤਲਵੰਡੀ ਸਾਬੋ ਵਿਖੇ ਗੁਰੂ ਜੀ ਨੇ ਮਹਾਨ ਧਾਰਮਿਕ ਅਤੇ ਸਾਹਿਤਕ ਕਾਰਜ ਕੀਤੇ, ਜਿਸ ਕਾਰਨ ਇਸ ਨੂੰ 'ਗੁਰੂ ਕੀ ਕਾਸ਼ੀ' ਦਾ ਵਰਦਾਨ ਪ੍ਰਾਪਤ ਹੋਇਆ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਪੂਰਨਤਾ (ਦਮਦਮੀ ਬੀੜ): ਇਹ ਸਭ ਤੋਂ ਮਹੱਤਵਪੂਰਨ ਕਾਰਜ ਸੀ। ਗੁਰੂ ਜੀ ਨੇ ਭਾਈ ਮਨੀ ਸਿੰਘ ਜੀ ਤੋਂ ਆਦਿ ਗ੍ਰੰਥ ਸਾਹਿਬ ਜੀ ਦੀ ਪੁਨਰ-ਸੰਪਾਦਨਾ ਕਰਵਾਈ। ਇਸ ਵਿੱਚ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸਾਰੀ ਬਾਣੀ ਦਰਜ ਕੀਤੀ ਗਈ। ਇਹ ਬੀੜ (ਦਮਦਮੀ ਬੀੜ) ਹੀ ਅੱਜ ਸਮੁੱਚੀ ਦੁਨੀਆ ਵਿੱਚ ਪ੍ਰਚਲਿਤ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਦਾ ਆਧਾਰ ਹੈ।

ਗੁਰੂ ਜੀ ਨੇ ਇੱਥੇ ਗੁਰਬਾਣੀ ਦੇ ਅਰਥ ਬੋਧ (ਸੰਥਿਆ) ਦੀ ਸੰਪਰਦਾਇ ਦੀ ਸ਼ੁਰੂਆਤ ਕੀਤੀ। 48 ਸਿੰਘਾਂ ਨੇ ਗੁਰੂ ਜੀ ਦੇ ਮੁਖਾਰਬਿੰਦ ਤੋਂ ਗੁਰਬਾਣੀ ਦੀ ਕਥਾ ਸੁਣੀ ਅਤੇ ਗਿਆਨ ਪ੍ਰਾਪਤ ਕੀਤਾ। ਬਾਬਾ ਦੀਪ ਸਿੰਘ ਜੀ ਵਰਗੇ ਮਹਾਨ ਵਿਦਵਾਨ ਇੱਥੋਂ ਹੀ ਤਿਆਰ ਹੋਏ, ਜਿਨ੍ਹਾਂ ਨੂੰ 'ਗਿਆਨੀਆਂ ਦੀ ਟਕਸਾਲ' ਦਾ ਮੁਖੀ ਬਣਾਇਆ ਗਿਆ। ਗੁਰੂ ਗੋਬਿੰਦ ਸਿੰਘ ਜੀ ਨੇ ਇਸ ਸਥਾਨ ਨੂੰ ਖ਼ਾਲਸਾ ਪੰਥ ਦੇ ਪੰਜਵੇਂ ਤਖ਼ਤ ਵਜੋਂ ਐਲਾਨਿਆ। ਗੁਰੂ ਜੀ ਨੇ ਇੱਥੋਂ ਹੀ ਸਿੱਖ ਸੰਗਤਾਂ ਲਈ ਹੁਕਮਨਾਮੇ ਜਾਰੀ ਕੀਤੇ। ਤਲਵੰਡੀ ਸਾਬੋ ਦੀ ਚੌਧਰ ਉਸ ਸਮੇਂ ਭਾਈ ਡੱਲਾ (ਰਾਏ ਡੱਲਾ) ਦੇ ਕੋਲ ਸੀ।

ਭਾਈ ਡੱਲਾ ਨੇ ਗੁਰੂ ਜੀ ਦਾ ਬਹੁਤ ਆਦਰ-ਮਾਣ ਕੀਤਾ।

ਗੁਰੂ ਜੀ ਨੇ ਭਾਈ ਡੱਲੇ ਨੂੰ ਉਸ ਦੀ ਬਹਾਦਰੀ ਅਤੇ ਨਿਸ਼ਚਾ ਪਰਖਣ ਤੋਂ ਬਾਅਦ ਅੰਮ੍ਰਿਤ ਛਕਾ ਕੇ 'ਡੱਲ ਸਿੰਘ' ਬਣਾਇਆ।


ਗੁਰੂ ਜੀ ਤੋਂ ਬਾਅਦ ਦਾ ਪ੍ਰਬੰਧ:

ਅਕਤੂਬਰ 1706 ਦੇ ਆਸ-ਪਾਸ, ਗੁਰੂ ਗੋਬਿੰਦ ਸਿੰਘ ਜੀ ਨੇ ਦੱਖਣ ਵੱਲ ਕੂਚ ਕਰਨ ਤੋਂ ਪਹਿਲਾਂ, ਬਾਬਾ ਦੀਪ ਸਿੰਘ ਜੀ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਦਾ ਪਹਿਲਾ ਜਥੇਦਾਰ ਨਿਯੁਕਤ ਕੀਤਾ। ਬਾਬਾ ਦੀਪ ਸਿੰਘ ਜੀ ਨੇ ਇੱਥੇ ਬਹੁਤ ਸਮਾਂ ਰਹਿ ਕੇ ਗੁਰਬਾਣੀ ਦੇ ਕਈ ਹੋਰ ਪਾਵਨ ਸਰੂਪ (ਦਮਦਮੀ ਬੀੜ ਦੇ ਉਤਾਰੇ) ਤਿਆਰ ਕੀਤੇ/ਕਰਵਾਏ ਅਤੇ ਧਰਮ ਪ੍ਰਚਾਰ ਦੀ ਸੇਵਾ ਨਿਭਾਈ। ਤਖ਼ਤ ਸ੍ਰੀ ਦਮਦਮਾ ਸਾਹਿਬ ਅੱਜ ਵੀ ਸਾਨੂੰ ਧਰਮ ਦੀ ਰੱਖਿਆ ਲਈ ਸੰਘਰਸ਼ ਅਤੇ ਗਿਆਨ ਦੀ ਸ਼ਕਤੀ ਦੀ ਯਾਦ ਦਿਵਾਉਂਦਾ ਹੈ। ਇਹ ਸਿੱਖ ਕੌਮ ਦੇ ਪੰਜ ਤਖ਼ਤਾਂ ਵਿੱਚੋਂ ਇੱਕ ਹੋਣ ਦੇ ਨਾਤੇ, ਸਮੁੱਚੀ ਕੌਮ ਲਈ ਅਧਿਆਤਮਕ ਅਤੇ ਵਿਦਿਅਕ ਮਾਰਗਦਰਸ਼ਨ ਦਾ ਸ੍ਰੋਤ ਬਣਿਆ ਹੋਇਆ ਹੈ।



**-ਖੁਸ਼ਦੀਪ ਸਿੰਘ ਗਿੱਲ**
**ਸਹਾਇਕ ਪ੍ਰੋਫੈਸਰ, ਸਰੀਰਕ ਸਿੱਖਿਆ ਵਿਭਾਗ**
**ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ, ਬਠਿੰਡਾ।**
**ਮੋਬਾਇਲ: 94175-80453**

# ਵਿਚਾਰ ਬਨਾਮ ਵਿਅਕਤੀਤਵ



ਸ਼ਿੰਗਾਰਾ ਸਿੰਘ ਢਿੱਲੋਂ (ਪ੍ਰੋ.)

ਪ੍ਰਸਿੱਧ ਵਿਦਵਾਨ ਐਮਰਸਨ ਕਹਿੰਦਾ ਹੈ ਕਿ, "ਕਿਸੇ ਮਨੁੱਖ ਦਾ ਵਿਅਕਤਿਤਵ ਉਸ ਦੇ ਦਿਨ ਭਰ ਦੇ ਵਿਚਾਰਾਂ ਤੋਂ ਜਾਣਿਆਂ ਜਾ ਸਕਦਾ ਹੈ ਕਿਉਂਕਿ ਦੁਨੀਆ ਦੇ ਕਿਸੇ ਵੀ ਵਿਅਕਤੀ ਦਾ ਵਿਅਕਤਿਤਵ ਉਸ ਦੇ ਵਿਚਾਰਾਂ ਤੋਂ ਵੱਖਰਾ ਹੋ ਹੀ ਨਹੀਂ ਸਕਦਾ।"

ਰੋਮਨ ਸਾਮਰਾਜ 'ਤੇ ਸ਼ਾਸ਼ਨ ਕਰਨ ਵਾਲਾ ਮਹਾਨ ਦਾਰਸ਼ਿਨਕ ਮਰਕਜ਼ ਉਰੇਲਿਅਸ ਕਹਿੰਦਾ ਹੈ ਕਿ, "ਸਾਡਾ ਜੀਵਨ ਵੈਸਾ ਹੀ ਹੁੰਦਾ ਹੈ ਜਿਸ ਤਰਾਂ ਦਾ ਸਾਡੇ ਵਿਚਾਰ ਉਸਨੂੰ ਬਣਾਉਂਦੇ ਹਨ ।"

ਉਕਤ ਵਿਚਾਰਾਂ ਦੀ ਪੁਸ਼ਟੀ ਚ ਪੰਜਾਬੀ ਚ ਇਕ ਬੜੀ ਢੁਕਵੀਂ ਅਖਾਣ ਪ੍ਰਚਲਿਤ ਹੈ ਕਿ 'ਚੋਰ ਨੂੰ ਸਾਰੀ ਦੁਨੀਆ ਚੋਰ ਤੇ ਸਾਧ ਨੂੰ ਸਾਰੀ ਦੁਨੀਆ ਸਾਧ ਹੀ ਨਜ਼ਰ ਆਉਦੀ ਹੈ ।'

ਮੁੱਕਦੀ ਗੱਲ ਇਹ ਹੈ ਕਿ ਜੇਕਰ ਸਾਡੀ ਸੋਚ ਦੀ ਦਿਸ਼ਾ ਸਕਾਰਾਕਮਕ ਹੈ ਤਾਂ ਦੇਰ ਸਵੇਰ ਨਤੀਜੇ ਵੀ ਸਕਾਰਾਤਮਕ ਹੀ ਮਿਲਦੇ ਰਹਿਣਗੇ । ਨਾਹਵਾਚਕ ਜਾਂ ਪਿਛਾਹਖਿਚੂ ਵਿਚਾਰਾਂ ਨਾਲ ਜੇਕਰ ਕੋਈ ਪ੍ਰਾਪਤੀ ਦੀ ਆਸ ਕਰਦਾ ਹੈ ਤਾਂ ਉਹ ਕੋਈ ਸਿਰੇ ਦਾ ਮੂਰਖ ਤੇ ਉਜੱਡ ਹੀ ਹੋ ਸਕਦਾ ਹੈ । ਦੁਖਦਾਈ ਵਿਚਾਰਾਂ ਨਾਲ ਦੁੱਖ ਹੀ ਮਿਲੇਗਾ । ਡਰਾਉਣੇ ਵਿਚਾਰ ਰੱਖਦੇ ਹਾਂ ਤਾਂ ਹਮੇਸ਼ਾ ਭੈਭੀਤ ਹੀ ਰਹਾਂਗੇ । ਜੇਕਰ ਆਤਮ ਗਿਲਾਨੀ ਵਿੱਚ ਰਹਾਂਗੇ ਤਾਂ ਕੋਈ ਵੀ ਸਾਡੇ ਨੇੜੇ ਨਹੀਂ ਆਏਗਾ, ਲੋਕ ਹਮੇਸ਼ਾ ਸਾਥੋਂ ਬਚਣ ਦੀ ਕੋਸ਼ਿਸ਼ ਕਰਨਗੇ ।

ਇਸ ਵਾਸਤੇ ਇਹ ਜ਼ਰੂਰੀ ਬਣ ਜਾਂਦਾ ਹੈ ਕਿ ਸਮੇਂ ਸਮੇਂ ਆਤਮ ਮੰਥਨ ਕਰੋ, ਆਪਣੇ ਵਿਚਾਰਾਂ ਬਾਰੇ ਸੋਚੋ ਤੇ ਜੇਕਰ ਸੋਚ ਦੀ ਦਿਸ਼ਾ ਬਦਲਣ ਦੀ ਲੋੜ ਹੈ ਤਾਂ ਇਸ ਪਾਸੇ ਧਿਆਨ ਦਿਓ । ਹਮੇਸ਼ਾ ਖਿਆਲ ਰੱਖੋ ਕਿ ਕਿਸੇ ਮਨੁੱਖ ਦੀ ਬਾਹਰੀ ਸਰੀਰਕ ਦਿੱਖ ਉਸਦੀ ਸੋਚ ਤੋਂ ਬਹੁਤ ਪ੍ਰਭਾਵਿਤ ਹੁੰਦੀ ਹੈ, ਜਿਸ ਦਾ ਅਰਥ ਇਹ ਹੈ ਕਿ ਜੋ ਗੱਲਾਂ ਅਸੀਂ ਆਮ ਲੋਕਾਈ ਤੋਂ ਲੁਕਾਉਣ ਦੀ ਕੋਸ਼ਿਸ਼ ਕਰਦੇ ਹਾਂ, ਉਹਨਾਂ ਗੱਲਾਂ ਨੂੰ ਚੇਹਰੇ ਅਤੇ ਸਰੀਰ ਦੇ ਹਾਵ ਭਾਵ ਦੂਸਰਿਆਂ ਨੂੰ ਸਹਿਜੇ ਹੀ ਬਿਆਨ ਕਰ ਜਾਂਦੇ ਹਨ ।

ਸਕਾਰਾਤਮਕ ਸੋਚ ਵਾਲੇ ਵਿਅਕਤੀ ਜਿੱਥੇ ਆਪਣੇ ਜੀਵਨ ਵਿੱਚ ਸਫਲ ਤੇ ਖੁਸ਼ ਰਹਿੰਦੇ ਹਨ, ਉਥੇ ਉਹਨਾਂ ਦੇ ਸੰਪਰਕ ਵਿੱਚ ਆਉਣ ਵਾਲੇ ਲੋਕਾਂ ਦੇ ਜੀਵਨ ਵਿੱਚ ਵੀ ਕਾਫ਼ੀ ਹਾਂ ਵਾਚੀ ਅਸਰ ਪੈਂਦਾ ਹੈ । ਉਹ ਲੋਕ ਚੰਦਨ ਦੀ ਲੱਕੜੀ ਦੀ ਤਰਾਂ ਹੁੰਦੇ ਹਨ ਜੋ ਹਰ ਪਾਸੇ ਖੁਸ਼ਬੂ ਬਿਖੇਰਦੇ ਹਨ, ਗੁਲਾਬ ਹੁੰਦੇ ਹਨ ਜੋ ਮਹਿਕਾਂ ਵੰਡਦੇ ਹਨ । ਉਹਨਾ ਦੀ ਲੋੜ ਹਰ ਥਾਂ ਮਹਿਸੂਸ ਕੀਤੀ ਜਾਂਦੀ ਹੈ । ਸ਼ਾਇਦ ਇਸੇ ਕਾਰਨ ਉਹਨਾਂ ਦਾ ਘੇਰਾ ਬਹੁਤ ਵੱਡਾ, ਸ਼ਖ਼ਸੀਅਤ ਵਿਲੱਖਣ ਹੁੰਦੀ ਹੈ ਤੇ ਵਿਸ਼ਾਲ ਵੀ ।

ਸਿਰੇ ਦੀ ਗੱਲ ਇਹ ਹੈ ਕਿ ਵਿਚਾਰ ਤੇ ਸ਼ਖਸ਼ੀਅਤ ਦਾ ਆਪਸ ਵਿੱਚ ਚੋਲੀ ਦਾਮਨ ਜਾਂ ਫਿਰ ਇੰਜ ਕਹਿ ਲਓ ਕਿ ਨਹੁੰ ਮਾਸ ਦਾ ਰਿਸ਼ਤਾ ਹੁੰਦਾ ਹੈ । ਇਹਨਾਂ ਦੋਹਾਂ ਨੂੰ ਕਦੇ ਵੀ ਨਿਖੇੜਕੇ ਨਹੀਂ ਦੇਖਿਆ ਜਾ ਸਕਦਾ । ਜਿਸ ਦੇ ਵਿਚਾਰ ਸੁਚੱਜੇ ਹਨ, ਉਸ ਦੀ ਸ਼ਖਸ਼ੀਅਤ ਵੀ ਉੱਚੀ ਹੋਵੇਗੀ ਤੇ ਜਿਸ ਦੀ ਸ਼ਖਸ਼ੀਅਤ ਉੱਚੀ ਹੋਵੇਗੀ, ਸਮਾਜ ਵਿੱਚ ਉਸਦਾ ਮਾਣ ਸਤਿਕਾਰ ਵੀ ਵੱਡਾ ਹੋਵੇਗਾ।

ਪਰ ਮਨੁੱਖੀ ਫ਼ਿਤਰਤ ਇਹ ਹੈ ਕਿ ਉਹ ਆਪਣੇ ਆਪ ਨੂੰ ਸੋਚ ਪੱਖੋਂ ਸਵਾਰਨ ਸੁਧਾਰਨ ਦੀ ਬਜਾਏ ਦੂਜਿਆ ਚ ਗਲਤੀਆਂ ਲੱਭਦਾ ਹੈ ਤੇ ਉਹਨਾਂ ਨੂੰ ਨਸੀਹਤਾਂ ਤੇ ਬਿਨ ਮੰਗੀਆਂ ਸਲਾਹਾਂ ਦੇਂਦਾ ਹੈ । ਅਜਿਹਾ ਕਰਕੇ ਅਸਲ ਵਿੱਚ ਉਹ ਆਪਣੀ ਹਓਂ ਨੂੰ ਪੱਠੇ ਪਾ ਰਿਹਾ ਹੁੰਦਾ ਹੈ ਜਦ ਕਿ ਅਸਲੋਂ ਅਚੇਤ ਰੂਪ ਚ ਉਹ ਆਪਣੀ ਸ਼ਖਸ਼ੀਅਤ ਨੂੰ ਬੌਨਾ ਕਰ ਰਿਹਾ ਹੁੰਦਾ ਹੈ।

ਸੋ ਸਮੇਂ ਸਮੇਂ ਆਪਣੇ ਵਿਚਾਰਾਂ ਦਾ ਆਤਮ ਮੰਥਨ ਤੇ ਲੋੜ ਮੁਤਾਬਿਕ ਉਹਨਾਂ ਦੀ ਸ਼ੁੱਧੀ ਜਾਂ ਸੋਧ ਕਰ ਲੈਣ ਨਾਲ ਜੀਵਨ ਵਿਚਲੇ ਟੇਢੇ ਮੇਢੇ ਰਾਹਾਂ 'ਤੇ ਚੱਲਣਾ ਅਸਾਨ ਹੋ ਜਾਂਦਾ ਤੇ ਕਈ ਵਾਰ ਬਹੁਤ ਸਾਰੀਆਂ ਸਮੱਸਿਆਵਾਂ ਦਾ ਹੱਲ ਵੀ ਸਹਿਜੇ ਹੀ ਮਿਲ ਜਾਂਦਾ ਹੈ ਤੇ ਇਸ ਦੇ ਨਾਲ ਹੀ ਸੋਚ ਵਿੱਚ ਪਕਿਆਈ ਵੀ ਆ ਜਾਂਦੀ ਹੈ, ਜੋ ਸਾਡੀ ਸ਼ਖਸ਼ੀਅਤ ਨੂੰ ਹੋਰ ਨਿਖਾਰਕੇ ਚਾਰ ਚੰਨ ਲਗਾ ਦਿੰਦੀ ਹੈ।

**ਆਖਿਰ ਚ ਇਹ ਕਹਿਕੇ ਆਪਣੀ ਗੱਲ ਸਮਾਪਤ ਕਰਾਂਗਾ ਕਿ :**

**ਨਜ਼ਰ ਕੋ ਬਦਲੋ ਨਜ਼ਾਰੇ ਬਦਲ ਜਾਏਗੇ**
**ਸੋਚ ਕੋ ਬਦਲੋ ਸਿਤਾਰੇ ਬਦਲ ਜਾਏਂਗੇ**
**ਕਿਸ਼ਤੀ ਤੋਂ ਬਦਲਨੇ ਕੀ ਜ਼ਰੂਰਤ ਨਹੀਂ,**
**ਦਿਸ਼ਾ ਕੋ ਬਦਲੋ, ਕਿਨਾਰੇ,**
**ਆਪਣੇ ਆਪ ਹੀ ਬਦਲ ਜਾਏਂਗੇ।**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਪਾਬੰਦੀਸ਼ੁਦਾ ਹਿੰਦੀ ਪੁਸਤਕ 'ਸਿੱਖ ਇਤਿਹਾਸ' ਦਾ ਮੁੱਦਾ ਵਾਰ ਵਾਰ ਉਠਾਉਣਾ ਸ਼ਰਾਰਤ ਭਰੀ ਕਾਰਵਾਈ-ਸ਼੍ਰੋਮਣੀ ਕਮੇਟੀ




**ਨਵੀਂ ਦਿੱਲੀ, 21 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੰਗਤਾਂ ਨੂੰ ਸੁਚੇਤ ਕਰਦਿਆਂ ਕਿਹਾ ਹੈ ਕਿ ਕੁਝ ਲੋਕਾਂ ਵੱਲੋਂ ਸਿੱਖਾਂ ਦੀ ਸਿਰਮੌਰ ਧਾਰਮਿਕ ਸੰਸਥਾ ਸ਼੍ਰੋਮਣੀ ਕਮੇਟੀ ਨੂੰ ਜਾਣਬੁੱਝ ਕੇ ਨਿਸ਼ਾਨੇ ਉਤੇ ਲੈਣ ਦੀਆਂ ਲਗਾਤਾਰ ਕੋਸ਼ਿਸ਼ਾਂ ਹੋ ਰਹੀਆਂ ਹਨ, ਜਿਨ੍ਹਾਂ ਤੋਂ ਸਿੱਖ ਪੰਥ ਨੂੰ ਸੁਚੇਤ ਰਹਿਣ ਦੀ ਲੋੜ ਹੈ। ਬੀਤੇ ਦਿਨ ਕੁਝ ਵਿਦਵਾਨਾਂ ਵੱਲੋਂ ਇਤਿਹਾਸ ਦੀ ਉਸ ਪੁਸਤਕ ਦੀ ਚਰਚਾ ਕਰਦਿਆਂ ਸ਼੍ਰੋਮਣੀ ਕਮੇਟੀ ਨੂੰ ਟਾਰਗੇਟ ਕੀਤਾ ਗਿਆ ਜਿਸ ਨੂੰ ਸ਼੍ਰੋਮਣੀ ਕਮੇਟੀ ਨੇ ਪਹਿਲਾਂ ਹੀ ਬੈਨ ਕੀਤਾ ਹੋਇਆ ਹੈ। ਇਸ ਸਬੰਧੀ ਗਲ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਅਜਿਹੇ ਲੋਕ ਸੋਚੀ ਸਮਝੀ ਸਾਜ਼ਿਸ਼ ਤਹਿਤ ਸਿੱਖ ਸੰਸਥਾ ਨੂੰ ਬਦਨਾਮ ਕਰ ਰਹੇ ਹਨ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ 1999 ਵਿਚ ਛਾਪੀ ਹਿੰਦੀ ਪੁਸਤਕ 'ਸਿੱਖ ਇਤਿਹਾਸ' ਦੇ ਮਾਮਲੇ ਨੂੰ ਬਿਨਾ ਵਜ੍ਹਾ ਤੂਲ ਦੇਣਾ ਕਿਸੇ ਵੀ ਤਰ੍ਹਾਂ ਠੀਕ ਨਹੀਂ। ਉਨ੍ਹਾਂ ਕਿਹਾ ਕਿ ਸੱਚਾਈ ਇਹ ਹੈ ਕਿ ਇਸ ਪੁਸਤਕ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਉਦੋਂ ਹੀ ਵਾਪਸ ਲੈ ਲਿਆ ਗਿਆ ਸੀ ਜਦੋਂ ਇਸ ਪੁਸਤਕ ਵਿਚ ਕੁਝ ਇਤਰਾਜ਼ਯੋਗ ਤੱਥਾਂ ਬਾਰੇ ਸੰਗਤਾਂ ਵੱਲੋਂ ਇਤਰਾਜ਼ ਕੀਤੇ ਗਏ ਸਨ। ਉਨ੍ਹਾਂ ਸਪੱਸ਼ਟ ਕੀਤਾ ਕਿ 23 ਨਵੰਬਰ 2007 ਨੂੰ ਜਨਰਲ ਇਜਲਾਸ ਦੌਰਾਨ ਇਕ ਵਿਸ਼ੇਸ਼ ਮਤਾ ਕਰਕੇ ਇਸ ਕਿਤਾਬ 'ਤੇ ਪਾਬੰਦੀ ਲਗਾਉਂਦਿਆਂ ਇਸ ਦੀਆਂ ਛਪੀਆਂ ਕਾਪੀਆਂ ਵਾਪਸ ਲੈ ਲਈਆਂ ਗਈਆਂ ਸਨ। ਉਨ੍ਹਾਂ ਕਿਹਾ ਕਿ ਇਹ ਪੁਸਤਕ ਜੇ. ਡੀ. ਕਨਿੰਘਮ ਦੀ ਅੰਗਰੇਜ਼ੀ ਪੁਸਤਕ 'ਦਾ ਹਿਸਟਰੀ ਆਫ ਸਿੱਖਜ਼' ਦਾ ਹਿੰਦੀ ਅਨੁਵਾਦ ਸੀ, ਜਿਸ ਨੂੰ ਖ਼ਾਲਸਾ ਸਾਜਨਾ ਦਿਵਸ ਦੀ ਤੀਜੀ ਸ਼ਤਾਬਦੀ ਮੌਕੇ ਕੇਵਲ 300 ਦੀ ਗਿਣਤੀ ਵਿਚ ਪ੍ਰਕਾਸ਼ਤ ਕੀਤਾ ਗਿਆ ਸੀ। ਇਸ 'ਤੇ ਇਤਰਾਜ਼ ਆਏ ਸਨ, ਜਿਸ ਦੇ ਮੱਦੇਨਜ਼ਰ ਪੁਸਤਕ 'ਤੇ ਪਾਬੰਦੀ ਲਗਾਈ ਗਈ ਸੀ ਅਤੇ ਇਸ ਸਬੰਧੀ 24 ਅਕਤੂਬਰ 2010 ਅਤੇ ਫਿਰ 11 ਅਗਸਤ 2018 ਨੂੰ ਅਖ਼ਬਾਰਾਂ ਵਿਚ ਇਸ਼ਿਤਹਾਰ ਵੀ ਛਪਾਏ ਗਏ ਸਨ। ਉਨ੍ਹਾਂ ਕਿਹਾ ਕਿ ਇਸ ਪੁਸਤਕ ਸਬੰਧੀ ਸ਼੍ਰੋਮਣੀ ਕਮੇਟੀ ਦੇ ਜਨਰਲ ਹਾਊਸ ਜੋ ਸਭ ਤੋਂ ਸੁਪਰੀਮ ਹੈ, ਵੱਲੋਂ ਮਤੇ ਰਾਹੀਂ ਜਨਤਕ ਤੌਰ 'ਤੇ ਗਲਤੀ ਪ੍ਰਵਾਨ ਕਰਦਿਆਂ ਕਿਤਾਬ ਰੱਦ ਕੀਤੀ ਸੀ, ਜਿਸ ਮਗਰੋਂ ਇਸ ਕਿਤਾਬ ਦਾ ਕੋਈ ਮਾਮਲਾ ਨਹੀਂ ਬਣਦਾ।

# ਭਾਰਤੀ ਜਨਤਾ ਪਾਰਟੀ ਵੱਲੋਂ ਸਰਕਲ ਜੰਡਿਆਲਾ ਦਿਹਾਤੀ ਦੇ ਅਹੁਦੇਦਾਰਾਂ ਦਾ ਐਲਾਨ, ਬੂਥ ਪੱਧਰ ਤੱਕ ਪਾਰਟੀ ਨੂੰ ਮਜਬੂਤ ਕੀਤਾ ਜਾਵੇਗਾ : ਵਡਾਲੀ



**ਜੰਡਿਆਲਾ ਗੁਰੂ ,21ਨਵੰਬਰ( ਕੁਲਵੰਤ ਸਿੰਘ ਵਿਰਦੀ )**-ਭਾਰਤੀ ਜਨਤਾ ਪਾਰਟੀ ਸਰਕਲ ਜੰਡਿਆਲਾ ਗੁਰੂ ਦਿਹਾਤੀ ਦੇ ਸਰਕਲ ਪ੍ਰਧਾਨ ਬੀਬੀ ਸੁਖਵਿੰਦਰ ਕੌਰ ਵਡਾਲੀ ਨੇ ਭਾਰਤੀ ਜਨਤਾ ਪਾਰਟੀ ਦੀ ਪ੍ਰਦੇਸ਼ ਲੀਡਰਸ਼ਿਪ ਅਤੇ ਭਾਰਤੀ ਜਨਤਾ ਪਾਰਟੀ ਜਿਲਾ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਹਰਦੀਪ ਸਿੰਘ ਗਿੱਲ ਨਾਲ ਮੀਟਿੰਗ ਦੌਰਾਨ ਸਲਾਹ ਮਸ਼ਵਰਾ ਕਰਨ ਤੋਂ ਬਾਅਦ ਆਪਣੀ ਟੀਮ ਦਾ ਵਿਸਥਾਰ ਕਰਦਿਆਂ ਸਰਕਲ ਦੇ ਅਹੁਦੇਦਾਰਾਂ ਦਾ ਐਲਾਨ ਕਰ ਦਿੱਤਾ ਹੈ। ਜਾਰੀ ਸੂਚੀ ਅਨੁਸਾਰ 4 ਮੀਤ ਪ੍ਰਧਾਨ, 2 ਜਰਨਲ ਸਕੱਤਰ, 4 ਸਕੱਤਰਾਂ ਤੇ ਵੱਖ- ਵੱਖ ਮੋਰਚਿਆਂ ਦੇ ਪ੍ਰਧਾਨਾਂ ਤੋਂ ਇਲਾਵਾ ਸਰਕਲ ਦੀ ਕਾਰਜਕਾਰਨੀ ਕਮੇਟੀ ਦਾ ਵੀ ਐਲਾਨ ਕੀਤਾ ਗਿਆ ਹੈ। ਐਲਾਨ ਕੀਤੇ ਅਹੁਦੇਦਾਰਾਂ ਵਿੱਚ ਸਾਹਿਬ ਸਿੰਘ, ਬਲਕਾਰ ਸਿੰਘ ਬੱਬੂ, ਸੁਰਜੀਤ ਸਿੰਘ, ਬਲਜਿੰਦਰ ਸਿੰਘ, ( ਸਾਰੇ ਮੀਤ ਪ੍ਰਧਾਨ), ਭਗਵੰਤ ਸਿੰਘ ਹੀਰਾ, ਰਮਨ ਕੁਮਾਰ ( ਜਨਰਲ ਸਕੱਤਰ ), ਬਲਦੇਵ ਸਿੰਘ, ਨੰਬਰਦਾਰ ਗੁਰਦਿਆਲ ਸਿੰਘ, ਬਲਵੰਤ ਸਿੰਘ , ਬਾਬਾ ਜਸਬੀਰ ਸਿੰਘ (ਸਾਰੇ ਸਕੱਤਰ) ਮੋਰਚਿਆਂ ਦੇ ਪ੍ਰਧਾਨਾਂ ਵਿੱਚ ਸਰਬਜੀਤ ਕੌਰ ਮਹਿਲਾ ਮੋਰਚਾ, ਪਰਮਜੀਤ ਸਿੰਘ ਯੁਵਾ ਮੋਰਚਾ, ਬਲਜਿੰਦਰ ਸਿੰਘ ਐਸ. ਸੀ. ਮੋਰਚਾ, ਗੁਰਬਖਸ਼ੀਸ਼ ਸਿੰਘ ਆਈ.ਟੀ ਕਨਵੀਨਰ, ਬਿੱਟੂ ਮੇਹਰਬਾਨਪੁਰਾ ਸੋਸ਼ਲ ਮੀਡੀਆ ਕਨਵੀਨਰ, ਗੁਰਪ੍ਰੀਤ ਸਿੰਘ ਮੀਡੀਆ ਕਨਵੀਨਰ, ਅਮਨਦੀਪ ਕੌਰ ਕਮਲ ਸੁਨੇਹਾ ਕਨਵੀਨਰ, ਨਾਨਕ ਸਿੰਘ, ਮਹਿੰਦਰ ਸਿੰਘ, ਚਰਨ ਸਿੰਘ, ਜੈਮਲ ਸਿੰਘ, ਜਗਤਾਰ ਸਿੰਘ,ਕਸ਼ਮੀਰ ਸਿੰਘ, ਨਿਸ਼ਾਨ ਸਿੰਘ, ਦਿਲਾਵਰ ਸਿੰਘ, ਸਿੰਘ ਸਾਰੇ ਕਾਰਜਕਰਨੀ ਮੈਂਬਰ ਨਿਯੁਕਤ ਕੀਤੇ ਗਏ ਹਨ। ਬੀਬੀ ਸੁਖਵਿੰਦਰ ਕੌਰ ਨੇ ਦੱਸਿਆ ਕਿ ਬਾਕੀ ਅਹੁਦੇਦਾਰਾਂ ਦਾ ਐਲਾਨ ਵੀ ਜਲਦ ਹੀ ਕਰ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਸੂਚੀ ਵਿੱਚ ਹਰ ਵਰਗ ਨੂੰ ਪ੍ਰਤੀਨਿਧਤਾ ਦਿੱਤੀ ਗਈ ਹੈ। ਸਰਕਲ ਕਮੇਟੀ ਤੋਂ ਬਾਅਦ ਮੋਰਚਿਆਂ ਦੇ ਅਹੁਦੇਦਾਰ ਅਤੇ ਬੂਥ ਵਾਈਜ਼ ਕਮੇਟੀਆਂ ਵੀ ਬਣਾਈਆਂ ਜਾਣਗੀਆਂਤਾਂ ਜੋ ਪਾਰਟੀ ਦੀਆਂ ਨੀਤੀਆਂ ਨੂੰ ਹੇਠਾਂ ਤੱਕ ਪ੍ਰਚਾਰ ਤੇ ਪ੍ਰਸਾਰ ਕੀਤਾ ਜਾ ਸਕੇ। ਉਹਨਾਂ ਕਿਹਾ ਕਿ ਬੂਥ ਪੱਧਰ ਤੱਕ ਪਾਰਟੀ ਨੇ ਮਜਬੂਤ ਕਰਕੇ ਕੇਂਦਰ ਦੀ ਮੋਦੀ ਸਰਕਾਰ ਦੀਆਂ ਨੀਤੀਆਂ ਘਰ ਘਰ ਪਹੁੰਚਾਈਆਂ ਜਾਣਗੀਆਂ। ਫੋਟੋ ਕੈਪਸ਼ਨ : ਸਰਕਲ ਜੰਡਿਆਲਾ ਗੁਰੂ ਦਿਹਾਤੀ ਦੇ ਨਵੇਂ ਬਣੇ ਅਹੁਦੇਦਾਰਾਂ ਦੀ ਸੂਚੀ ਜਾਰੀ ਕਰਦੇ ਹੋਏ ਸਰਕਲ ਪ੍ਰਧਾਨ ਸੁਖਵਿੰਦਰ ਕੌਰ ਵਡਾਲੀ, ਨਾਲ ਜ਼ਿਲਾ ਪ੍ਰਧਾਨ ਹਰਦੀਪ ਸਿੰਘ ਗਿੱਲ।

ਸ੍ਰੀ ਗੁਰੂ ਤੇਗ. ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ

# ਨਗਰ ਕੀਰਤਨ ਆਨੰਦਪੁਰ ਸਾਹਿਬ ਲਈ ਰਵਾਨਾ ਹੋਇਆ








**ਜੰਡਿਆਲਾ ਗੁਰੂ, 21 ਨਵੰਬਰ ( ਕੁਲਵੰਤ ਸਿੰਘ ਵਿਰਦੀ )**-ਸਰਿਸਟ ਦੀ ਚਾਦਰ, ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ. ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਅੱਜ ਅਲੌਕਿਕ ਨਗਰ ਕੀਰਤਨ ਖ਼ਾਲਸਾਈ ਪਰੰਪਰਾਵਾਂ ਅਨੁਸਾਰ ਜੈਕਾਰਿਆਂ ਦੀ ਗੂੰਜ ਵਿੱਚ ਡੇਰਾ ਬਾਬਾ ਭੂਰੀ ਵਾਲਾ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆ ਦੀ ਅਗਵਾਈ ਹੇਠ ਸ੍ਰੀ ਅਨੰਦਪੁਰ ਸਾਹਿਬ ਵਿਖੇ ਜਾਣ ਲਈ ਰਵਾਨਾ ਹੋਇਆ। ਦੱਸਣ ਯੋਗ ਹੈ ਕਿ ਇਹ ਨਗਰ ਕੀਰਤਨ ਕੱਲ ਗੁਰਦਾਸਪੁਰ ਤੋਂ ਸ਼ੁਰੂ ਹੋਇਆ ਸੀ ਅਤੇ ਬੀਤੀ ਰਾਤ ਕਰੀਬ 2 ਵਜੇ ਅੰਮ੍ਰਿਤਸਰ ਪੁੱਜਿਆ, ਜਿੱਥੇ ਡੇਰਾ ਬਾਬਾ ਭੂਰੀਵਾਲਾ ਵਿਖੇ ਸੰਗਤਾਂ ਨੇ ਰਿਹਾਇਸ਼ ਕੀਤੀ ਅਤੇ ਇੱਥੋਂ ਹੁਣ ਤਰਨਤਾਰਨ ਦੇ ਰਸਤੇ ਸ੍ਰੀ ਅਨੰਦਪੁਰ ਸਾਹਿਬ ਲਈ ਚਾਲੇ ਪਾਏ। ਇਸ ਮੌਕੇ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲੇ, ਬਾਬਾ ਅਵਤਾਰ ਸਿੰਘ ਜੀ ਸੁਰ ਸਿੰਘ ਵਾਲੇ, ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈਟੀਓ, ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ, ਡੀਸੀਪੀ ਸ ਜਗਜੀਤ ਸਿੰਘ ਵਾਲੀਆ, ਵਧੀਕ ਡਿਪਟੀ ਕਮਿਸ਼ਨਰ ਸ਼੍ਰੀਮਤੀ ਅਮਨਦੀਪ ਕੌਰ, ਐਸਡੀਐਮ ਸ ਗੁਰਸਿਮਰਨ ਸਿੰਘ ਢਿੱਲੋਂ ਤੇ ਸ ਅਮਨਪ੍ਰੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਨਿਹੰਗ ਸਿੰਘ ਤੇ ਧਾਰਮਿਕ ਜਥੇਬੰਦੀਆਂ ਅਤੇ ਸੰਗਤ ਹਾਜ਼ਰ ਸੀ। ਪੰਜਾਬ ਸਰਕਾਰ ਵਲੋਂ ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਗੁਰਦੁਆਰਾ ਪ੍ਰਬੰਧਕ ਕਮੇਟੀਆਂ ਤੇ ਸੰਗਤਾਂ ਦੇ ਸਹਿਯੋਗ ਨਾਲ ਸਜਾਏ ਗਏ ਨਗਰ ਕੀਰਤਨ ਦੀ ਸ਼ੁਰੂਆਤ ਡੇਰੇ ਤੋਂ ਅਰਦਾਸ ਕਰਨ ਉਪਰੰਤ ਕੀਤੀ ਗਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਸ੍ਰੀ ਗੁਰੂ ਤੇਗ. ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਗੁਰਦਾਸਪੁਰ ਦੀ ਧਰਤੀ ਤੋਂ ਸਜਾਇਆ ਗਿਆ ਇਹ ਨਗਰ ਕੀਰਤਨ ਵੱਖ-ਵੱਖ ਪੜਾਵਾਂ ਰਾਹੀਂ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਵਿਖੇ ਪਹੁੰਚੇਗਾ। ਉਨ੍ਹਾਂ ਅੱਗੇ ਕਿਹਾ ਕਿ ਸ. ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਤੇਗ. ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਵੱਖ-ਵੱਖ ਸਮਾਗਮ ਸ਼ਰਧਾ ਅਤੇ ਸਤਿਕਾਰ ਨਾਲ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ. ਬਹਾਦਰ ਸਾਹਿਬ ਜੀ ਮਨੁੱਖੀ ਅਧਿਕਾਰਾਂ ਦੇ ਅਲੰਬਰਦਾਰ ਸਨ ਅਤੇ ਆਪਣਾ ਬਲੀਦਾਨ ਦੇ ਕੇ ਹਿੰਦ ਦੀ ਰੱਖਿਆ ਕੀਤੀ। ਗੁਰੂ ਜੀ ਦੇ ਵਿਚਾਰ ਅਤੇ ਉਨ੍ਹਾਂ ਦੀ ਕੁਰਬਾਨੀ ਅੱਜ ਵੀ ਸਾਂਝੀਵਾਲਤਾ ਦਾ ਸੁਨੇਹਾ ਦਿੰਦੀ ਹੈ। ਉਨ੍ਹਾਂ ਕਿਹਾ ਕਿ ਅਸੀਂ ਵਡਭਾਗੇ ਹਾਂ ਕਿ ਗੁਰੂ ਜੀ ਦੇ ਸ਼ਹੀਦੀ ਸਮਾਗਮ ਮਨਾਏ ਰਹੇ ਹਾਂ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ 23, 24 ਅਤੇ 25 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਤੇ ਵੱਡੇ ਪੱਧਰ ਤੇ ਸਮਾਗਮ ਕਰਵਾਏ ਜਾ ਰਹੇ ਹਨ ਅਤੇ 24 ਨਵੰਬਰ ਨੂੰ ਵਿਸ਼ੇਸ਼ ਵਿਧਾਨ ਸਭਾ ਦਾ ਇਜਲਾਸ ਵੀ ਹੋਵੇਗਾ। ਉਨ੍ਹਾਂ ਸਮੂਹ ਸੰਗਤਾਂ ਨੂੰ ਪਰਿਵਾਰਾਂ ਸਮੇਤ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚਣ ਦੀ ਅਪੀਲ ਕੀਤੀ।


## ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ, ਡਿਪਟੀ ਕਮਿਸ਼ਨਰ ਸਮੇਤ ਵੱਡੀ ਗਿਣਤੀ ਚ ਸੰਗਤਾਂ ਹੋਈਆਂ ਨਤਮਸਤਕ

ਉਨ੍ਹਾਂ ਅੱਗੇ ਕਿਹਾ ਕਿ ਸ. ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਿੱਚ 23, 24 ਅਤੇ 25 ਨਵੰਬਰ ਨੂੰ ਸ੍ਰੀ ਆਨੰਦਪੁਰ ਸਾਹਿਬ ਵਿਖੇ ਵੱਡੇ ਪੱਧਰ 'ਤੇ ਸਮਾਗਮ ਕਰਵਾਏ ਜਾ ਰਹੇ ਹਨ, ਜਿਸ ਵਿੱਚ ਸੰਤ-ਮਹਾਂਪੁਰਸ਼, ਵੱਖ-ਵੱਖ ਸੂਬਿਆਂ ਦੇ ਮੁੱਖ ਮੰਤਰੀ ਅਤੇ ਉੱਚ ਸਖਸੀਅਤਾਂ ਸਮਾਗਮਾਂ ਵਿੱਚ ਪਹੁੰਚ ਕੇ ਨਤਮਸਤਕ ਹੋਣਗੀਆਂ। ਉਨ੍ਹਾਂ ਸਮੂਹ ਸੰਗਤਾਂ ਨੂੰ ਪਰਿਵਾਰਾਂ ਸਮੇਤ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਵੱਖ-ਵੱਖ ਸਮਾਗਮ ਕਰਵਾਏ ਜਾ ਰਹੇ ਹਨ, ਜਿਨ੍ਹਾਂ ਰਾਹੀਂ ਗੁਰੂ ਸਾਹਿਬ ਦੀ ਸ਼ਹਾਦਤ ਦੇ ਸੰਕਲਪ ਦਾ ਸੁਨੇਹਾ ਵਿਸ਼ਵ ਪੱਧਰ 'ਤੇ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨੌਵੇਂ ਪਾਤਸ਼ਾਹ ਵਲੋਂ ਦਿੱਤੇ ਗਏ ਬਲੀਦਾਨ ਕਰਕੇ ਹੀ ਅੱਜ ਲੋਕ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ ।ਦੱਸਣਯੋਗ ਹੈ ਕਿ ਨਗਰ ਕੀਰਤਨ ਦੇ ਰਾਤ ਸ੍ਰੀ ਬਾਬਾ ਬਕਾਲਾ ਸਾਹਿਬ ਵਿਖੇ ਪੁੱਜਿਆ ਜਿਥੇ ਹਲਕਾ ਵਿਧਾਇਕ ਸ: ਦਲਬੀਰ ਸਿੰਘ ਟੌਂਗ ਤੇ ਸੰਗਤਾਂ ਨੇ ਭਰਵਾਂ ਸਵਾਗਤ ਕੀਤਾ। ਇਸ ਉਪਰੰਤ ਨਗਰ ਕੀਰਤਨ ਰਈਆ, ਟਾਂਗਰਾ ਹੁੰਦੇ ਹੋਏ ਜੰਡਿਆਲਾ ਗੁਰੂ ਵਿਖੇ ਪੁੱਜਿਆ ਜਿੱਥੇ ਦੇਰ ਰਾਤ ਕੈਬਨਿਟ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ. ਨੇ ਵੱਡੀ ਗਿਣਤੀ ਵਿੱਚ ਸੰਗਤਾਂ ਸਮੇਤ ਨਗਰ ਕੀਰਤਨ ਦਾ ਸਵਾਗਤ ਕੀਤਾ ਗਿਆ। ਉਸ ਉਪਰੰਤ ਨਗਰ ਕੀਰਤਨ ਦੇਰ ਰਾਤ ਹੀ ਅੰਮ੍ਰਿਤਸਰ ਗੋਲਡਨ ਗੇਟ ਵਿਖੇ ਪੁੱਜਿਆ। ਜਿਥੇ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਜਰ, ਸ੍ਰੀਮਤੀ ਜੀਵਨਜੋਤ ਕੌਰ, ਪੁਲਿਸ ਕਮਿਸ਼ਨਰ ਸ: ਗੁਰਪ੍ਰੀਤ ਸਿੰਘ ਭੁੱਲਰ ਸਮੇਤ ਹੋਰ ਪ੍ਰਮੁੱਖ ਸ਼ਖਸ਼ੀਅਤਾਂ ਨੇ ਨਗਰ ਕੀਰਤਨ ਦਾ ਸਵਾਗਤ ਕੀਤਾ। ਇਸ ਮੌਕੇ ਪੰਜ ਪਿਆਰੇ ਸਾਹਿਬਾਨ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਪੁਲਿਸ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਹੀਦੀ ਦਿਵਸ ਨੂੰ ਸਮਰਪਿਤ ਸਜਾਏ ਨਗਰ ਕੀਰਤਨ ਵਿੱਚ ਗਾਰਡ ਆਫ ਆਨਰ ਦੇ ਕੇ ਗੁਰੂ ਘਰ ਦੀਆਂ ਅਸੀਸਾਂ ਲਈਆਂ।

# ਪਿੰਡ ਲੰਗੇਆਣਾ ਪੁਰਾਣਾ (ਮੋਗਾ) ਵਿਖੇ ਸੱਚਖੰਡ ਵਾਸੀ ਸੰਤ ਬਾਬਾ ਪ੍ਰਤਾਪ ਸਿੰਘ ਦੀ ਅੱਠਵੀਂ ਬਰਸੀ, ਭਾਈ ਵੀਰ ਸਿੰਘ ਦੀ 21ਵੀਂ ਬਰਸੀ ਦੇ ਸਬੰਧ ਵਿਚ ਸਲਾਨਾ ਗੁਰਮਤਿ ਸਮਾਗਮ 23 ਨਵੰਬਰ ਤੋਂ 30 ਨਵੰਬਰ ਤੱਕ ਕਰਵਾਏ ਜਾ ਰਹੇ ਹਨ—ਬਾਬਾ ਸਾਧੂ ਸਿੰਘ







**ਫ਼ਿਰੋਜ਼ਪੁਰ, 21 ਨਵੰਬਰ (ਮਨੋਹਰ ਲਾਲ)** :— ਗੁਰਦੁਆਰਾ ਪਿੰਡ ਲੰਗੇਆਣਾ ਪੁਰਾਣਾ (ਮੋਗਾ) ਵਿਖੇ ਧਰਮ ਦੀ ਚਾਂਦਰ ਧੰਨ—ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ, ਭਾਈ ਮਤੀ ਦਾਸ, ਭਾਈ ਸਤੀ ਦਾਸ, ਭਾਈ ਦਿਆਲਾ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਅਤੇ ਸੱਚਖੰਡ ਵਾਸੀ ਸੰਤ ਬਾਬਾ ਪ੍ਰਤਾਪ ਸਿੰਘ ਜੀ ਦੀ ਅੱਠਵੀਂ ਬਰਸੀ, ਭਾਈ ਵੀਰ ਸਿੰਘ ਜੀ ਦੀ 21ਵੀਂ ਬਰਸੀ ਦੇ ਸਬੰਧ ਵਿਚ ਸਲਾਨਾ ਗੁਰਮਤਿ ਸਮਾਗਮ 23 ਨਵੰਬਰ ਤੋਂ 30 ਨਵੰਬਰ ਤੱਕ ਕਰਵਾਏ ਜਾ ਰਹੇ ਹਨ। ਇਹ ਜਾਣਕਾਰੀ ਬਾਬਾ ਸਾਧੂ ਸਿੰਘ ਜੀ (ਦਮਦਮੀ ਟਕਸਾਲ) ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 23 ਨਵੰਬਰ ਤੋਂ 30 ਨਵੰਬਰ ਤੱਕ ਸਲਾਨਾ ਗੁਰਮਤਿ ਸਮਾਗਮ ਸਤਿਕਾਰਯੋਗ ਸੱਚਖੰਡ ਵਾਸੀ ਸੰਤ ਬਾਬਾ ਪ੍ਰਤਾਪ ਸਿੰਘ ਜੀ ਦੀ ਅੱਠਵੀਂ ਬਰਸੀ ਤੇ ਭਾਈ ਵੀਰ ਸਿੰਘ ਜੀ ਦੀ 21ਵੀਂ ਬਰਸੀ ਪਿੰਡ ਲੰਗੇਆਣਾ ਅਤੇ ਇਲਾਕੇ ਭਰ ਦੀਆਂ ਸਮੂਹ ਸੰਗਤ ਅਤੇ ਐਨ.ਆਰ.ਆਈ ਵੀਰਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ਬਾਬਾ ਸਾਧੂ ਸਿੰਘ ਜੀ ਨੇ ਅੱਗੇ ਕਿਹਾ ਕਿ ਰੋਜਾਨਾ ਦੀਵਾਨਾਂ ਦਾ ਸਮਾਂ 7 ਵਜੇ ਤੋਂ 8 ਵਜੇ ਸਵੇਰੇ ਅਤੇ ਸ਼ਾਮ ਨੂੰ 6:30 ਵਜੇ ਤੋਂ 8:30 ਵਜੇ ਤੱਕ ਕਰਵਾਏ ਜਾ ਰਹੇ ਹਨ, ਜਿਸ ਵਿਚ ਸਿੱਖ ਪੰਥ ਦੀਆਂ ਮਹਾਨ ਸਖਸ਼ੀਅਤਾਂ, ਰਾਗੀ, ਕਥਾਵਾਚਕ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰੂ ਜ਼ਸ ਸੁਣਾ ਕੇ ਨਿਹਾਲ ਕਰਨਗੇ ਅਤੇ ਸਲਾਨਾ ਗੁਰਮਤਿ ਸਮਾਗਮ 30 ਨਵੰਬਰ ਨੂੰ ਕਰਵਾਏ ਜਾ ਰਹੇ ਹਨ। ਇਹ ਸਮਾਗਮ 9 ਵਜੇ ਤੋਂ 10 ਵਜੇ ਤੱਕ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਅਤੇ 10 ਵਜੇ ਤੋਂ 2 ਵਜੇ ਤੱਕ ਕਥਾ ਕੀਰਤਨ ਅਤੇ ਸਮਾਗਮ ਕਰਵਾਏ ਜਾਣਗੇ, ਜਿਸ ਵਿਚ ਭਾਰੀ ਗਿਣਤੀ ਵਿਚ ਸੰਤ ਮਹਾਂਪੁਰਸ਼ ਹਾਜ਼ਰੀ ਭਰਨਗੇ। ਬਾਬਾ ਸਾਧੂ ਸਿੰਘ ਜੀ ਨੇ ਅੱਗੇ ਦੱਸਿਆ ਕਿ 30 ਨਵੰਬਰ ਨੂੰ ਹੀ ਬਹੁਤ ਭਾਰੀ ਅੰਮ੍ਰਿਤ ਸੰਚਾਰ ਕਰਵਾਏ ਜਾ ਰਹੇ ਹਨ। ਬਾਬਾ ਸਾਧੂ ਸਿੰਘ ਨੇ ਸਮੂਹ ਪੰਜਾਬ ਭਰ ਦੀਆਂ ਸੰਗਤਾਂ, ਇਲਾਕੇ ਭਰ ਦੀਆਂ ਸੰਗਤਾਂ ਅੱਗੇ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਓ। ਇਸ ਮੌਕੇ ਤੇ ਗੁਰੂ ਕਾ ਲੰਗਰ, ਮਿਠਾਈਆਂ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

# ਗੁਰੂ ਤੇਗ ਬਹਾਦਰ ਸਾਹਿਬ ਅਤੇ ਉਨ੍ਹਾਂ ਦੇ ਅਨਿੰਨ ਸਿੱਖਾਂ ਦੀ ਸ਼ਹਾਦਤ ਨੂੰ ਸਮਰਪਿਤ ਸ਼ਹੀਦੀ ਸਮਾਗਮ ਲਾਲ ਕਿੱਲੇ ਤੇ ਹੋਏ ਸ਼ੁਰੂ: ਬੀਬੀ ਰਣਜੀਤ ਕੌਰ



**ਨਵੀਂ ਦਿੱਲੀ 21 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**-ਧਰਮ ਦੀ ਰੱਖਿਆ ਲਈ ਸ਼ਹਾਦਤ ਦੇਣ ਵਾਲੇ ਪੰਥ ਦੇ ਨੌਵੇਂ ਗੁਰੂ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਦੇ ਅਨਿੰਨ ਸਿੱਖ ਭਾਈ ਮਤੀਦਾਸ ਜੀ, ਭਾਈ ਸਤੀਦਾਸ ਜੀ ਅਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹਾਦਤ ਸ਼ਤਾਬਦੀ ਨੂੰ ਸਮਰਪਿਤ ਦਿੱਲੀ ਸਿੱਖ ਗੁਰਦੁਆਰਾ ਕਮੇਟੀ ਵਲੋਂ ਦਿੱਲੀ ਸਰਕਾਰ ਦੇ ਸਹਿਯੋਗ ਨਾਲ ਲਾਲ ਕਿਲਾ ਅਤੇ ਹੋਰ ਵੱਖ ਵੱਖ ਗੁਰਦੁਆਰਾ ਸਾਹਿਬਾਨ ਵਿਖ਼ੇ ਸ਼ਰਧਾਂਜਲੀ ਸਮਾਗਮ ਕਰਵਾਏ ਜਾ ਰਹੇ ਹਨ । ਬੀਬੀ ਰਣਜੀਤ ਕੌਰ ਸੀਨੀਅਰ ਮੈਂਬਰ ਦਿੱਲੀ ਗੁਰਦੁਆਰਾ ਕਮੇਟੀ ਨੇ ਮੀਡੀਆ ਨੂੰ ਜਾਰੀ ਕੀਤੇ ਇਕ ਬਿਆਨ ਰਾਹੀਂ ਦਸਿਆ ਕਿ ਇਸ ਮੌਕੇ ਲਾਲ ਕਿਲਾ ਵਿਖ਼ੇ ਪ੍ਰੋਗਰਾਮ ਸ਼ੁਰੂ ਹੋ ਗਏ ਹਨ ਜਿਨ੍ਹਾਂ ਵਿਚ ਬੱਚਿਆਂ ਨੇ ਗੁਰਬਾਣੀ ਦਾ ਜਸ ਗਾਇਨ ਕੀਤਾ ਤੇ ਅਖਾੜੇ ਜਥੇਆਂ ਨੇ ਆਪਣੇ ਜੌਹਰ ਦਿਖਾਏ । 25 ਨਵੰਬਰ ਨੂੰ ਮਹਾਨ ਨਗਰ ਕੀਰਤਨ ਗੁਰਦੁਆਰਾ ਸੀਸ ਗੰਜ ਸਾਹਿਬ ਤੋਂ ਸਜਾਇਆ ਜਾਏਗਾ ਜਿਸ ਦੀ ਸਮਾਪਤੀ ਗੁਰਦੁਆਰਾ ਰਕਾਬ ਗੰਜ ਸਾਹਿਬ ਵਿਖ਼ੇ ਹੋਵੇਗੀ ਉਪਰੰਤ ਗੁਰਦੁਆਰਾ ਰਕਾਬ ਗੰਜ ਸਾਹਿਬ ਦੇ ਲੱਖੀ ਸ਼ਾਹ ਵਣਜਾਰਾ ਹਾਲ ਵਿਖ਼ੇ 26 ਤਰੀਕ ਨੂੰ ਵਿਸ਼ੇਸ਼ ਦੀਵਾਨ ਸਜਾਏ ਜਾਣਗੇ ਜਿਸ ਵਿਚ ਪੰਥ ਪ੍ਰਸਿੱਧ ਰਾਗੀ ਜੱਥੇ ਹਾਜ਼ਿਰੀਆਂ ਭਰ ਕੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨਗੇ । ਲਾਲ ਕਿੱਲੇ ਉਪਰ 23-24-25 ਨਵੰਬਰ ਨੂੰ ਸ਼ਾਮ ਵੇਲੇ ਵਿਸ਼ੇਸ਼ ਕੀਰਤਨ ਦਰਬਾਰ, ਕਵੀ ਦਰਬਾਰ ਅਤੇ ਗੱਤਕੇ ਦੇ ਅਖਾੜੇ ਸੱਜਣਗੇ ਤੇ ਇੰਨ੍ਹਾ ਪ੍ਰੋਗਰਾਮਾਂ ਵਿਚ ਦੇਸ਼ ਦੇ ਪ੍ਰਧਾਨਮੰਤਰੀ, ਗ੍ਰਿਹਮੰਤਰੀ ਦੇ ਨਾਲ ਹੋਰ ਵੱਖ ਵੱਖ ਨੇਤਾ ਅਤੇ ਪਤਵੰਤੇ ਸੱਜਣ ਹਾਜ਼ਿਰੀਆਂ ਭਰਣਗੇ । ਸੰਗਤਾਂ ਨੂੰ ਸਮੂਹ ਪ੍ਰੋਗਰਾਮਾਂ ਅੰਦਰ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ ਜਾਂਦੀ ਹੈ ।

# ਧੰਨ ਧੰਨ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਮਹਾਰਾਜ ਜੀ ਦੇ 350ਵੇਂ ਸ਼ਹੀਦੀ ਪੂਰਬ ਨੂੰ ਸਮਰਪਿਤ ਪਟਨਾ ਸਾਹਿਬ ਮਹਾਰਾਸ਼ਟਰ ਤੇ ਦਿੱਲੀ ਤੋਂ ਅਨੰਦਪੁਰ ਸਾਹਿਬ ਨੂੰ ਸੰਗਤਾਂ ਲਈ ਫਰੀ ਟਰੇਨ ਚਲਾਉਣ ਦੀ ਮੰਗ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਤੋਂ ਅਕਾਲ ਸੇਵਾ ਫਾਊਂਡੇਸ਼ਨ ਦੇ ਪ੍ਰਧਾਨ ਹਰਪਾਲ ਸਿੰਘ ਰੰਧਾਵਾ ਨੇ ਕੀਤੀ







**ਚੌਕ ਮਹਿਤਾ, 21 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸੰਗਤਾਂ ਦੀਆਂ ਭਾਵਨਾਵਾਂ ਨੂੰ ਮੁੱਖ ਰੱਖਦਿਆਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਮਹਾਰਾਜ ਜੀ ਦੇ 350ਵੇਂ ਸ਼ਹੀਦੀ ਪੂਰਬ ਨੂੰ ਸਮਰਪਿਤ ਹਜੂਰ ਸਾਹਿਬ ਪਟਨਾ ਸਾਹਿਬ ਤੇ ਦਿੱਲੀ ਤੋਂ ਅਨੰਦਪੁਰ ਸਾਹਿਬ ਨੂੰ ਸੰਗਤਾਂ ਲਈ ਫਰੀ ਟਰੇਨ ਚਲਾਉਣ ਦੀ ਮੰਗ ਕੇਂਦਰੀ ਰੇਲ ਮੰਤਰੀ ਰਵਨੀਤ ਸਿੰਘ ਬਿੱਟੂ ਤੋਂ ਅਕਾਲ ਸੇਵਾ ਫਾਊਂਡੇਸ਼ਨ ਦੇ ਪ੍ਰਧਾਨ ਹਰਪਾਲ ਸਿੰਘ ਰੰਧਾਵਾ ਨੇ ਕੀਤੀ ਮੰਗ ਗੱਲਬਾਤ ਕਰਦੇ ਹੋਏ ਹਰਪਾਲ ਸਿੰਘ ਰੰਧਾਵਾ ਨੇ ਕੇਂਦਰੀ ਰੇਲ ਮੰਤਰੀ ਰਵਨੀਤ ਬਿੱਟੂ ਤੋਂ ਏਸੀ ਟਰੇਨ ਸੰਗਤਾਂ ਲਈ ਫਰੀ ਚਲਾਉਣ ਦੀ ਮੰਗ ਕੀਤੀ ਤੇ ਕਿਹਾ ਕਿ ਰਵਨੀਤ ਬਿੱਟੂ ਜੀ ਪੰਜਾਬ ਦੇ ਨੇ ਤੇ ਅਸੀਂ ਆਸ ਕਰਦੇ ਹਾਂ ਕਿ ਉਹ ਸੰਤਾਂ ਦੀਆਂ ਭਾਵਨਾਵਾਂ ਨੂੰ ਮੁੱਖ ਰੱਖਦੇ ਹੋਏ ਵੱਡਾ ਦਿਲ ਵਿਖਾਉਣਗੇ ਤੇ ਅੱਜ ਉਹ ਦੇਸ਼ ਤੇ ਕੇਂਦਰੀ ਰੇਲ ਮੰਤਰੀ ਨੇ ਤੇ ਸੰਗਤਾਂ ਨੂੰ ਗੁਰੂ ਸਾਹਿਬ ਦੇ ਘਰ ਦਰਸ਼ਨ ਕਰਨ ਦੇ ਲਈ ਆਉਣ ਦੇ ਲਈ ਸਪੈਸ਼ਲ ਏਸੀ ਟਰੇਨਾਂ ਚਲਾਉਣਗੇ ਤੇ ਜੋ ਸੰਗਤਾਂ ਲਈ ਫਰੀ ਹੋਣਗੀਆਂ ਜਿਸ ਵਿੱਚ ਕੋਈ ਕਿਰਾਇਆ ਨਾ ਲੱਗੇ ਕਿਉਂਕਿ ਬਹੁਤ ਸਾਰੀਆਂ ਸੰਗਤਾਂ ਗੁਰੂ ਸਾਹਿਬ ਦੇ ਦਰਸ਼ਨਾਂ ਲਈ ਮਹਾਰਾਸ਼ਟਰ ਪਟਨਾ ਸਾਹਿਬ ਤੇ ਦਿੱਲੀ ਤੇ ਹੋਰ ਸਟੇਟਾਂ ਵਿੱਚੋਂ ਦਰਸ਼ਨਾਂ ਲਈ ਆਉਣਗੀਆਂ ਤੇ ਅਸੀਂ ਆਪ ਜੀ ਨੂੰ ਅਕਾਲ ਸੇਵਾ ਫਾਊਂਡੇਸ਼ਨ ਵੱਲੋਂ ਬੇਨਤੀ ਕਰਦੇ ਹਾਂ ਕਿ ਆਪ ਜੀ ਜੀਤੇ ਗੁਰੂ ਸਾਹਿਬ ਨੇ ਐਡੀ ਵੱਡੀ ਬਖਸ਼ਿਸ਼ ਕੀਤੀ ਹੈ ਤੇ ਆਪ ਜੀ ਦੇਸ਼ ਦੇ ਕੇਂਦਰੀ ਟਰੇਲ ਮੰਤਰੀ ਹੋਤੇ ਆਪ ਜੀ ਸੰਗਤਾਂ ਨੂੰ ਸ਼ਹੀਦੀ ਪੂਰਬ ਤੇ ਗੁਰੂ ਘਰਾਂ ਦੇ ਦਰਸ਼ਨਾਂ ਲਈ ਫਰੀ ਟ੍ਰੇਨਾਂ ਚਲਾ ਦਿਓ ਅਸੀਂ ਆਪ ਜੀ ਦੇ ਦਿਲੋਂ ਧੰਨਵਾਦੀ ਹੋਵਾਂਗੇ ਆਸ ਕਰਦੇ ਹਾਂ ਕਿ ਆਪ ਜੀ ਦੀ ਸਾਡੀ ਇਸ ਬੇਨਤੀ ਨੂੰ ਜਰੂਰ ਪ੍ਰਵਾਨ ਕਰੋਗੇ ਆਪ ਅਸੀਂ ਆਪ ਜੀ ਦੇ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦੀ ਹੋਵਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਭਾਰਤੀ ਏਅਰਟੈੱਲ ਫਾਊਂਡੇਸ਼ਨ ਦੇ ਸੱਤਿਆ ਐਲੀਮੈਂਟਰੀ ਸਕੂਲ ਹਠੂਰ ਵਿੱਚ

# ਕਲੱਸਟਰ ਲੇਬਲ ਦਾ ਰੰਗ ਤਿਰੰਗ ਪ੍ਰੋਗਰਾਮ ਮਿੱਠੀਆਂ ਯਾਦਾਂ ਛੱਡਦਾ ਸਮਾਪਤ ਹੋਇਆ





**ਹਠੂਰ / ਜਗਰਾਉਂ, (ਵਰਿਆਮ ਹਠੂਰ)**-ਇਤਿਹਾਸਕ ਕਸਬਾ ਹਠੂਰ ਵਿਖੇ ਸਥਿੱਤ ਭਾਰਤੀ ਏਅਰਟੈੱਲ ਫਾਊਂਡੇਸ਼ਨ ਦੇ ਸੱਤਿਆ ਐਲੀਮੈਂਟਰੀ ਸਕੂਲ ਵਿੱਚ ਕਲੱਸਟਰ ਲੇਬਲ ਦਾ ਰੰਗ ਤਿਰੰਗ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਵੱਖ ਵੱਖ ਥਾਵਾਂ ਤੋਂ 7 ਸਕੂਲਾਂ ਦੇ ਬੱਚਿਆਂ ਨੇ ਹਿੱਸਾ ਲਿਆ ਜਿੰਨ੍ਹਾਂ ਵਿੱਚ ਰਾਮਗੜ੍ਹ ਸਿਵੀਆਂ, ਤੁੰਗਾਹੇੜੀ, ਜਲਾਲਦੀਵਾਲ, ਜੱਟਪੁਰਾ, ਮਲਸੀਆਂ ਬਾਜਾਂ, ਪਿੰਡ ਬੁਜ਼ਰਗ, ਅਤੇ ਹਠੂਰ ਦੇ ਬੱਚੇ ਸ਼ਾਮਿਲ ਹੋਏ, ਸਵੇਰੇ ਹੈੱਡ ਟੀਚਰ ਮੈਡਮ ਸੀਮਾ ਰਾਣੀ ਅਤੇ ਸਮੂਹ ਸਕੂਲ ਸਟਾਫ ਨੇ ਪਹੁੰਚੇ ਹੋਏ ਮੁੱਖ ਮਹਿਮਾਨ ਸਟੇਟ ਬੈਂਕ ਬਰਾਂਚ ਹਠੂਰ ਦੇ ਮੈਨੇਜਰ ਸ਼ੁਭੁਮ ਰੋਇ, ਬਾਹਰਲੇ ਸਕੂਲਾਂ ਤੋਂ ਆਏ ਟੀਚਰਾਂ,





ਪਤਵੰਤੇ ਸੱਜਣਾਂ ਅਤੇ ਬੱਚਿਆਂ ਦੇ ਮਾਪਿਆਂ ਦਾ ਸਕੂਲ ਵਿੱਚ ਪਹੁੰਚਣ ਤੇ ਸਵਾਗਤ ਕੀਤਾ, ਤਾੜੀਆਂ ਦੀ ਗੂੰਜ ਵਿੱਚ ਰੰਗ ਤਿਰੰਗ ਪ੍ਰੋਗਰਾਮ ਦੀ ਸ਼ੁਰੂਆਤ ਹੋਈ, ਇਸ ਮੌਕੇ ਵੱਖ ਵੱਖ ਥਾਵਾਂ ਤੋਂ ਆਏ ਸਕੂਲਾਂ ਦੇ ਬੱਚਿਆਂ ਵਿਚਕਾਰ ਜਿੱਥੇ ਕਲੱਸਟਰ ਅਤੇ ਐਲੀਮੈਂਟਰੀ ਪੱਧਰੀ ਡਰਾਇੰਗ, ਅਤੇ ਇੰਗਲਿਸ਼ ਕੁਇਜ਼ ਮੁਕਾਬਲੇ, ਕਰਵਾਏ ਗਏ ਉੱਥੇ ਨਾਲ ਨਾਲ ਸਕੂਲ ਦੇ ਬੱਚਿਆਂ ਵੱਲੋਂ ਡਾਂਸ ਅਤੇ ਪੰਜਾਬੀ ਸੱਭਿਆਚਾਰ ਨਾਲ ਸਬੰਧਿਤ ਬੋਲੀਆਂ ਅਤੇ ਗਿੱਧੇ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ, ਇਸ ਤੋਂ ਇਲਾਵਾ ਸਕੂਲ ਸਟਾਫ ਵੱਲੋਂ ਬੱਚਿਆਂ ਅਤੇ ਬੱਚਿਆਂ ਦੇ ਮਾਪਿਆਂ ਨੂੰ ਪੰਜਾਬੀ ਵਿਰਸੇ ਨਾਲ ਸਬੰਧਿਤ ਪ੍ਰਸ਼ਨ ਪੁੱਛੇ ਗਏ, ਅਤੇ ਪੁਰਾਤਨ ਪ੍ਰਚੱਲਿਤ ਅਖਾਣ ਬਾਰੇ ਪੁੱਛਿਆ ਤੇ ਸਹੀ ਜਬਾਬ ਦੇਣ ਵਾਲੇ ਬੱਚਿਆਂ ਅਤੇ ਬੱਚਿਆਂ ਦੇ ਮਾਪਿਆਂ ਨੂੰ ਗਿਫ਼ਟ ਦਿੱਤੇ ਗਏ, ਮੁਕਾਬਲਿਆਂ ਵਿੱਚ ਜੇਤੂ ਰਹਿਣ ਵਾਲੇ ਬੱਚਿਆਂ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ, ਇਸ ਮੌਕੇ ਵੱਖ ਵੱਖ ਸਕੂਲਾਂ ਤੋਂ ਆਏ ਹੈੱਡ ਟੀਚਰਾਂ ਨੇ ਭਾਰਤੀ ਏਅਰਟੈੱਲ ਫਾਊਂਡੇਸ਼ਨ ਦੇ ਸੱਤਿਆ ਐਲੀਮੈਂਟਰੀ ਸਕੂਲਾਂ ਵਿੱਚ ਆਪਣੀਆਂ ਡਿਊਟੀਆਂ ਨਿਭਾਉਣ ਅਤੇ ਆਪਣੇ ਤਜਰਬੇ ਸਬੰਧੀ ਆਪਣੇ ਵਿਚਾਰਾਂ ਦੀ ਸਾਂਝ ਪਾਈ, ਮੁੱਖ ਮਹਿਮਾਨ ਵਜੋਂ ਪੁੱਜੇ ਸਟੇਟ ਬੈਂਕ ਦੀ ਹਠੂਰ ਬਰਾਂਚ ਤੋਂ ਮੈਨੇਜਰ ਸ਼ੁਭੁਮ ਰੋਇ ਨੇ ਜਿੱਥੇ ਸਟੇਜ ਤੋਂ ਸਪੀਜ ਦੇ ਕੇ ਬੱਚਿਆਂ ਦਾ ਹੌਂਸਲਾ ਵਧਾਇਆ ਉੱਥੇ ਜੇਤੂ ਬੱਚਿਆਂ ਨੂੰ ਮੁਬਾਰਕਾਂ ਦਿੱਤੀਆਂ, ਹੈੱਡ ਟੀਚਰ ਮੈਡਮ ਸੀਮਾ ਰਾਣੀ, ਜ਼ਿਲ੍ਹਾ ਕੋਆਰਡੀਨੇਟਰ ਵਨੀਤ ਛਾਬੜਾ, ਕਲੱਸਟਰ ਕੋਆਰਡੀਨੇਟਰ ਰਵਿੰਦਰਪਾਲ ਸਿੰਘ ਰੰਧਾਵਾ, ਅਤੇ ਸਮੂਹ ਸਕੂਲ ਸਟਾਫ ਨੇ ਉਤਸ਼ਾਹ ਨਾਲ ਮੁਕਾਬਲਿਆਂ ਵਿੱਚ ਹਿੱਸਾ ਲੈ ਕੇ ਜੇਤੂ ਰਹਿਣ ਵਾਲੇ ਬੱਚਿਆਂ ਨੂੰ ਮੁਬਾਰਕਾਂ ਦਿੱਤੀਆਂ, ਜ਼ਿਲ੍ਹਾ ਕੋਆਰਡੀਨੇਟਰ ਵਨੀਤ ਛਾਬੜਾ ਅਤੇ ਹੈੱਡ ਟੀਚਰ ਮੈਡਮ ਸੀਮਾ ਰਾਣੀ ਨੇ ਭਾਰਤੀ ਏਅਰਟੈੱਲ ਫਾਊਂਡੇਸ਼ਨ ਦੇ ਸੱਤਿਆ ਐਲੀਮੈਂਟਰੀ ਸਕੂਲਾਂ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ, ਮੈਡਮ ਸੀਮਾ ਰਾਣੀ ਨੇ ਕਿਹਾ ਕਿ ਸੱਤਿਆ ਐਲੀਮੈਂਟਰੀ ਸਕੂਲ ਵਿੱਚ ਬੱਚਿਆਂ ਤੋਂ ਕਿਸੇ ਵੀ ਕਿਸਮ ਦੀ ਫੀਸ ਨਹੀਂ ਲਈ ਜਾਂਦੀ ਤੇ ਬੱਚਿਆਂ ਨੂੰ ਜਿੱਥੇ ਮੁਫ਼ਤ ਵਿੱਦਿਆ ਹਾਸਲ ਕਰਵਾਈ ਜਾਂਦੀ ਹੈ ਉੱਥੇ ਬੱਚਿਆਂ ਨੂੰ ਭਾਰਤੀ ਏਅਰਟੈੱਲ ਫਾਊਂਡੇਸ਼ਨ ਦੇ ਸੱਤਿਆ ਐਲੀਮੈਂਟਰੀ ਸਕੂਲ ਵੱਲੋਂ ਬੈਗ, ਕਿਤਾਬਾਂ, ਕਾਪੀਆਂ, ਪਿੰਨ ਪੈਨਸਿਲਾਂ, ਬੂਟ ਜੁਰਾਬਾਂ, ਵਰਦੀਆਂ ਅਤੇ ਖਾਣਾ ਫ੍ਰੀ ਦਿੱਤਾ ਜਾਂਦਾ ਹੈ। ਮੈਡਮ ਸੀਮਾ ਰਾਣੀ ਨੇ ਅੱਗੇ ਕਿਹਾ ਕਿ ਸਕੂਲ ਵਿੱਚ ਬੱਚਿਆਂ ਨੂੰ ਚੰਗੀ ਵਿੱਦਿਆ ਹਾਸਲ ਕਰਵਾਉਣ ਦੇ ਨਾਲ ਨਾਲ ਬੱਚਿਆਂ ਨੂੰ ਸਭਿਆਚਾਰਕ ਗਤੀਵਿਧੀਆਂ, ਅਤੇ ਖੇਡਾਂ ਨਾਲ ਵੀ ਜੋੜਿਆ ਜਾਂਦਾ ਹੈ। ਅਤੇ ਸਕੂਲ ਵਿੱਚ ਸਮੇਂ ਸਮੇਂ ਤੇ ਵਿੱਦਿਆ ਨਾਲ ਸਬੰਧਿਤ ਮੁਕਾਬਲੇ ਕਰਵਾਏ ਜਾਂਦੇ ਹਨ। ਤੇ ਸਕੂਲ ਵਿੱਚ ਜਿੱਥੇ ਸਾਫ ਸਫਾਈ ਦਾ ਧਿਆਨ ਦਿੱਤਾ ਜਾਂਦਾ ਹੈ। ਉੱਥੇ ਬੱਚਿਆਂ ਨੂੰ ਅੱਛੇ ਸੰਸਕਾਰ ਵੀ ਦਿੱਤੇ ਜਾਂਦੇ ਹਨ। ਤੇ ਸਮੇਂ ਸਮੇਂ ਨਾਲ ਵਾਤਾਵਰਨ ਨੂੰ ਸ਼ੁੱਧ ਅਤੇ ਸਾਫ਼ ਸੁਥਰਾ ਰੱਖਣ ਲਈ ਬੂਟੇ ਵੀ ਲਗਾਏ ਜਾਂਦੇ ਹਨ। ਅੰਤ ਵਿੱਚ ਉਨ੍ਹਾਂ ਮੁੱਖ ਮਹਿਮਾਨ ਪਤਵੰਤੇ ਸੱਜਣਾਂ ਅਤੇ ਬੱਚਿਆਂ ਦੇ ਮਾਪਿਆਂ ਦਾ ਸਕੂਲ ਪਹੁੰਚਣ ਤੇ ਧੰਨਵਾਦ ਕੀਤਾ, ਅੰਤ ਵਿੱਚ ਕਲੱਸਟਰ ਲੈਬਲ ਦਾ ਰੰਗ ਤਿਰੰਗ ਪ੍ਰੋਗਰਾਮ ਮਿੱਠੀਆਂ ਯਾਦਾਂ ਛੱਡਦਾ ਸਮਾਪਤ ਹੋਇਆ, ਤੇ ਸਾਰਿਆਂ ਨੇ ਸਕੂਲ ਸਟਾਫ ਨੂੰ ਅੱਛਾ ਪ੍ਰੋਗਰਾਮ ਕਰਵਾਉਣ ਲਈ ਮੁਬਾਰਕਾਂ ਦਿੱਤੀਆਂ, ਇਸ ਮੌਕੇ ਜ਼ਿਲ੍ਹਾ ਕੋਆਰਡੀਨੇਟਰ ਵਨੀਤ ਛਾਬੜਾ, ਕਲੱਸਟਰ ਕੋਆਰਡੀਨੇਟਰ ਰਵਿੰਦਰਪਾਲ ਸਿੰਘ ਰੰਧਾਵਾ, ਮੁੱਖ ਮਹਿਮਾਨ ਸਟੇਟ ਬੈਂਕ ਬਰਾਂਚ ਹਠੂਰ ਦੇ ਮੈਨੇਜਰ ਸ਼ੁਭੁਮ ਰੋਇ, ਹੈੱਡ ਟੀਚਰ ਮੈਡਮ ਸੀਮਾ ਰਾਣੀ, ਮੈਡਮ ਮੋਨਿਕਾ ਜੈਨ, ਮਨਪ੍ਰੀਤ ਕੌਰ, ਜਸਦੀਪ ਕੌਰ, ਅਨੂ ਰਾਣੀ, ਗੁਰਪ੍ਰੀਤ ਕੌਰ, ਗੁਰਜੀਤ ਕੌਰ, ਜਸਪ੍ਰੀਤ ਕੌਰ, ਸੁਮਨਦੀਪ ਕੌਰ, ਰਾਜਦੀਪ ਕੌਰ, ਪ੍ਰੀਤ ਸਿੰਘ, ਗੁਰਵਿੰਦਰ ਸਿੰਘ ਟੀਚਰਾਂ ਸਮੇਤ ਬਾਬਾ ਜੀਵਨ ਸਿੰਘ ਪ੍ਰਬੰਧਕ ਕਮੇਟੀ ਪ੍ਰਧਾਨ ਇੰਦਰਜੀਤ ਸਿੰਘ ਕਾਲਾ, ਹਰਪਾਲ ਸਿੰਘ, ਰਵੀ ਮੈਡੀਕਲ ਸਟੋਰ ਤੋਂ ਲਾਲੀ, ਰਿੰਕੂ ਅਤੇ ਸਕੂਲ ਦੇ ਬੱਚੇ ਹਾਜ਼ਰ ਸਨ।

**ਜੇਤੂ ਬੱਚਿਆਂ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਅਤੇ ਸਰਟੀਫਿਕੇਟ ਦੇ ਕੇ ਕੀਤਾ ਸਨਮਾਨਿਤ**

### ਭਾਜਪਾ ਦੇ ਸਾਨੀਅਰ ਆਗੂ ਜੁਗਰਾਜ ਸਿੰਘ ਕਟੋਰਾ ਨੂੰ ਗਹਿਰਾ ਸਦਮਾ

# ਮਾਤਾ ਸਰਦਾਰਨੀ ਜ਼ਸਬੀਰ ਕੌਰ ਸਾਬਕਾ ਬਲਾਕ ਸੰਮਤੀ ਮੈਂਬਰ ਅਕਾਲ ਚਲਾਣਾ ਕਰ ਗਏ



**ਫ਼ਿਰੋਜ਼ਪੁਰ, 21 ਨਵੰਬਰ (ਮਨੋਹਰ ਲਾਲ) :—** ਸਾਬਕਾ ਚੇਅਰਮੈਨ ਜੁਗਰਾਜ ਸਿੰਘ ਕਟੋਰਾ ਪੰਜਾਬ ਪ੍ਰਧਾਨ ਕੋਆਪਰੇਟਿਵ ਸੁਸਾਇਟੀ ਬੀ.ਜੇ.ਪੀ, ਸਾਬਕਾ ਚੇਅਰਮੈਨ ਮਾਰਕੀਟ ਕਮੇਟੀ, ਸਾਬਕਾ ਜ਼ਿਲ੍ਹਾ ਪ੍ਰਧਾਨ ਭਾਜਪਾ ਫ਼ਿਰੋਜ਼ਪੁਰ ਨੂੰ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੀ ਸਤਿਕਾਰਯੋਗ ਮਾਤਾ ਸਰਦਾਰਨੀ ਜ਼ਸਬੀਰ ਕੌਰ ਸਾਬਕਾ ਬਲਾਕ ਸੰਮਤੀ ਮੈਂਬਰ ਮਿਤੀ 14 ਨਵੰਬਰ ਦਿਨ ਸ਼ੁਕਰਵਾਰ ਨੂੰ ਅਕਾਲ ਚਲਾਣਾ ਕਰ ਗਏ ਸੀ। ਸਰਦਾਰਨੀ ਜ਼ਸਬੀਰ ਕੌਰ ਪਤਨੀ ਸਵਰਗਵਾਸੀ ਸਰਦਾਰ ਅਜੀਤ ਸਿੰਘ ਸਰਪੰਚ ਆਪਣੀ ਜਿੰਦਗੀ ਦੀਆਂ 85 ਕੁ ਬਹਾਰਾਂ ਵੇਖ ਕੇ ਇਸ ਫਾਨੀ ਸੰਸਾਰ ਨੂੰ ਸਦਾ—ਸਦਾ ਲਈ ਅਲਵਿਦਾ ਕਹਿ ਗਏ ਹਨ ਅਤੇ ਪਿਛੇ ਤਿੰਨ ਲੜਕੇ ਜੁਗਰਾਜ ਸਿੰਘ ਕਟੋਰਾ, ਬਲਰਾਜ ਸਿੰਘ, ਗੁਰਮੀਤ ਸਿੰਘ ਅਤੇ ਦੋ ਲੜਕੀਆਂ ਹਰਜਿੰਦਰ ਸਿੰਘ ਅਤੇ ਹਰਮੀਤ ਕੌਰ ਅਤੇ ਤਿੰਨ ਨੂੰਹਾਂ ਪੋਤਰੇ, ਪੋਤਰੀਆਂ, ਦੋਹਤੇ ਦੋਹਤੀਆਂ ਅਤੇ ਪੂਰਾ ਪਰਿਵਾਰ ਵਾਹਿਗੁਰੂ ਆਸਰੇ ਛੱਡ ਗਏ। ਇਸ ਦੁੱਖ ਦੀ ਘੜੀ ਵਿਚ ਉਨ੍ਹਾਂ ਨਾਲ ਸਮੁੱਚੀ ਭਾਜਪਾ ਲੀਡਰ ਸਿੱਖ ਪੰਜਾਬ, ਭਾਜਪਾ ਕਾਰਜਕਾਰਨੀ ਪ੍ਰਧਾਨ ਅਸ਼ਵਨੀ ਸ਼ਰਮਾ, ਭਾਜਪਾ ਦੇ ਉਪ ਪ੍ਰਧਾਨ ਬਿਕਰਮਜੀਤ ਸਿੰਘ ਚੀਮਾ, ਪੰਜਾਬ ਭਾਜਪਾ ਜਨਰਲ ਸਕੱਤਰ ਰਜੇਸ਼ ਰਾਠੋਰ, ਰੋਪੜ ਜ਼ਿਲ੍ਹਾ ਭਾਜਪਾ ਦੇ ਇੰਚਾਰਜ ਭੈਣ ਸਸ਼ੀ ਸ਼ਰਮਾ, ਪੰਜਾਬ ਭਾਜਪਾ ਦੇ ਸਾਬਕਾ ਜਨਰਲ ਸਕੱਤਰ ਜੀਵਨ ਗੁਪਤਾ, ਸੀਨੀਅਰ ਆਗੂ ਜ਼ਸਵਿੰਦਰ ਕਿਲੀ, ਸੁਰਜੀਤ ਸਿੰਘ ਸਦਰਦੀਨ ਤੋਂ ਇਲਾਵਾ ਦੂਸਰੇ ਦਿਨ ਭਾਰਤੀ ਜਨਤਾ ਪਾਰਟੀ ਦੇ ਪੰਜਾਬ ਪ੍ਰਧਾਨ ਸੁਨੀਲ ਕੁਮਾਰ ਜਾਖੜ, ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਅੰਮ੍ਰਿਤਪਾਲ ਬੈਨੀ ਅਜਨਾਲਾ, ਤਰਨਤਾਰਨ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ, ਫ਼ਿਰੋਜ਼ਪੁਰ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਬਾਠ, ਸਾਬਕਾ ਜ਼ਿਲ੍ਹਾ ਪ੍ਰਧਾਨ ਦਵਿੰਦਰ ਬਜਾਜ, ਪੰਜਾਬ ਭਾਜਪਾ ਸੈਲ ਕਨਵੀਨਰ ਰੰਜਮ ਕਮਰਾ, ਲਖਵਿੰਦਰ ਸਿੰਘ ਮੋਮੀ, ਭਾਜਪਾ ਸੀਨੀਅਰ ਆਗੂ ਪ੍ਰਦੀਪ ਨੰਦਾ ਅਤੇ ਰਾਣਾ ਗੁਰਮੀਤ ਸਿੰਘ ਸੋਢੀ ਸੀਨੀਅਰ ਆਗੂ ਹੀਰਾ ਸੋਢੀ, ਅਸ਼ਵਨੀ ਗਰੋਵਰ ਸਾਬਕਾ ਪ੍ਰਧਾਨ ਨਗਰ ਕੌਂਸਲ ਫ਼ਿਰੋਜ਼ਪੁਰ, ਬਲਵੰਤ ਸਿੰਘ ਰੱਖੜੀ, ਬੌਬੀ ਬਾਠ, ਸੀਨੀਅਰ ਆਗੂ ਰਜੇਸ਼ ਨਿੰਦੀ ਐਮ.ਸੀ, ਗੁਰਪ੍ਰੀਤ ਸਿੰਘ, ਦਵਿੰਦਰ ਜੰਗ, ਗੁਰਜੀਤ ਸਿੰਘ ਆਰਿਫਕੇ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਰਾਜਨੀਤਕ ਆਗੂ, ਧਾਰਮਿਕ ਲੀਡਰ, ਪੱਤਰਕਾਰ ਭਾਈਚਾਰਾ ਨੇ ਸਮੂਹ ਪਰਿਵਾਰ ਅਤੇ ਸ: ਜੁਗਰਾਜ ਸਿੰਘ ਕਟੋਰਾ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ। ਸਰਦਾਰਨੀ ਮਾਤਾ ਜ਼ਸਬੀਰ ਕੌਰ ਦੀ ਅੰਤਿਮ ਅਰਦਾਸ ਅਤੇ ਪਾਠ ਦਾ ਭੋਗ ਪਿੰਡ ਕਟੋਰਾ ਦੇ ਗੁਰਦੁਆਰਾ ਸਾਹਿਬ ਵਿਖੇ 12 ਤੋਂ ਇਕ ਵਜੇ ਤੱਕ ਪਾਇਆ ਜਾਵੇਗਾ।

# ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਮਤ ਸਮਾਗਮ 23 ਨੂੰ ਨਵੰਬਰ ਨੂੰ ਹੋਣਗੇ



**ਫ਼ਿਰੋਜ਼ਪੁਰ, 21 ਨਵੰਬਰ (ਮਨੋਹਰ ਲਾਲ) :—** ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 23 ਨਵੰਬਰ ਦਿਨ ਐਤਵਾਰ ਨੂੰ ਭਾਈ ਮਰਦਾਨਾ ਜੀ ਯਾਦਗਾਰੀ ਹਾਲ ਨੇੜੇ ਸਿਵਲ ਹਸਪਤਾਲ ਫਿਰੋਜਪੁਰ ਸ਼ਹਿਰ ਵਿਖੇ ਮਨਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੋਸਾਇਟੀ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਆਖਿਆ ਕਿ 23 ਨਵੰਬਰ ਸਵੇਰੇ 10 ਵਜੇ ਤੋਂ ਲੈ ਕੇ ਦੁਪਹਿਰ 1 ਵਜੇ ਤੱਕ ਇਹ ਗੁਰਮਤ ਸਮਾਗਮ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਬੀਬੀ ਮਲਕੀਤ ਕੌਰ ਜੀ ਖਾਲਸਾ ਹਨੂਮਾਨਗੜ ਵਾਲੇ ਵਿਸ਼ੇਸ਼ ਤੌਰ ਤੇ ਪੁੱਜ ਰਹੇ ਹਨ ਇਹ ਸਮਾਗਮ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਨੂੰ ਸਮਰਪਿਤ ਹੈ। ਵਿਸ਼ਵ ਭਾਈ ਮਰਦਾਨਾ ਸੋਸਾਇਟੀ ਅਤੇ ਸ੍ਰੀ ਬਲਕਾਰ ਸਿੰਘ ਜੀ ਖਾਲਸਾ ਖਾਲਸਾ ਟੈਕਸਟਾਈਲ ਵਾਲਿਆਂ ਦੇ ਸਹਿਯੋਗ ਨਾਲ ਇਸ ਗੁਰਮਤ ਸਮਾਗਮ ਹੋਵੇਗਾ। ਬੀਬੀ ਜੀ ਕਥਾ ਵਿਚਾਰ ਨਾਲ ਸੰਗਤਾਂ ਨੂੰ ਸੰਬੋਧਿਤ ਕਰਨਗੇ। ਗੁਰੂ ਕਾ ਲੰਗਰ ਅਟੁੱਟ ਵਰਤੇਗਾ ਸਾਰੀ ਸੰਗਤ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਇਸ ਪ੍ਰੋਗਰਾਮ ਵਿੱਚ ਦਰਸ਼ਨ ਦੇਣ ਦੀ ਕਿਰਪਾਲਤਾ ਕਰਨੀ। ਇਸ ਮੌਕੇ ਸੁਸਾਇਟੀ ਦੇ ਪਰਮਜੀਤ ਸਿੰਘ ਔਲਖ ਰਘਵੀਰ ਸਿੰਘ ਰਾਣਾ ਹਰਜੀਤ ਸਿੰਘ ਧਾਲੀਵਾਲ ਰਾਜੇਸ਼ ਕੁਮਾਰ ਦਰਸ਼ਨ ਲਾਲ ਹੀਰਾ ਮਨੋਹਰ ਲਾਲ ਨਿਰਮਲ ਸਿੰਘ ਬਲਜਿੰਦਰ ਸਿੰਘ ਬੱਬੂ ਹੁਸੈਨ ਵਾਲਾ ਗੁਰਮੀਤ ਸਿੰਘ ਔਲਖ ਗੁਰਦਿਆਲ ਸਿੰਘ ਵਿਰਕ ਆਦੀ ਹਾਜ਼ਰ ਸਨ।

# ਹੜਾਂ ਦੇ ਪੱਕੇ ਪ੍ਰਬੰਧ ਕਰਵਾਉਣ ਅਤੇ ਮੁਆਵਜਾ ਲੈਣ ਸੰਘਰਸ਼ ਜਰੂਰੀ : ਜਗੀਰ ਸਿੰਘ ਖਹਿਰਾ



**ਫ਼ਿਰੋਜ਼ਪੁਰ, 21 ਨਵੰਬਰ (ਮਨੋਹਰ ਲਾਲ) :—** ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲਾ ਫਿਰੋਜ਼ਪੁਰ ਵੱਲੋਂ ਹੁਸੈਨੀਵਾਲਾ ਦੇ ਪਿੰਡ ਕਮਾਲ ਵਾਲਾ ਟੇਡੀ ਵਾਲਾ ਗੱਟੀ ਰਾਜੋਕੇ ਵਿਖੇ ਕਣਕ ਦਾ ਬੀਜ ਵੰਡਿਆ ਗਿਆ। ਇਸ ਬਾਰੇ ਜਥੇਬੰਦੀ ਦੀ ਜ਼ਿਲਾ ਟੀਮ ਵੱਲੋਂ ਪੰਜ ਏਕੜ ਤੋਂ ਘੱਟ ਵਾਲੇ ਕਿਸਾਨਾਂ ਦੀਆਂ ਲਿਸਟਾਂ ਬਣਾ ਲਈਆਂ ਸਨ ਮੌਕੇ ਤੇ ਕਿਸਾਨਾਂ ਨੂੰ ਇੱਤਤਰ ਕਰਕੇ ਬੀਜ ਵੰਡਿਆ ਗਿਆ। ਇਸ ਤੋਂ ਪਹਿਲਾ ਵੀ ਜਥੇਬੰਦੀ ਵੱਲੋਂ ਫਿਰੋਜ਼ਪੁਰ ਅਤੇ ਦੂਜੀ ਵਾਰ ਮੱਖੂ ਅਤੇ ਮੱਲਾਂਵਾਲਾ ਤੀਜੀ ਵਾਰ ਮਮਦੋਟ ਅਤੇ ਅੱਜ ਚੋਥੀ ਵਾਰ ਹੁਸੈਨੀਵਾਲਾ ਦੇ ਪਿੰਡਾਂ ਵਿਚ ਕਣਕ ਵੰਡੀ ਗਈ ਜੇਕਰ ਅੱਜ ਕਿਸਾਨ ਜਥੇਬੰਦੀਆਂ ਅਤੇ ਧਾਰਮਿਕ ਸੰਸਥਾਵਾਂ ਹੜ ਪੀੜਤਾਂ ਦੀ ਬਾਂਹ ਨਾ ਫੜਦੇ ਤਾਂ ਹਾਲਾਤ ਹੋਰ ਮਾੜੇ ਹੋਣੇ ਸੀ। ਇਸ ਮੌਕੇ ਆਗੂਆਂ ਨੇ ਬੋਲਦਿਆਂ ਹੋਇਆਂ ਕਿਹਾ ਕਿ ਵੱਧ ਤੋਂ ਵੱਧ ਲੋਕ ਕਿਸਾਨ ਜਥੇਬੰਦੀਆਂ ਨਾਲ ਜੁੜਨ ਅਤੇ ਸਰਕਾਰ ਦੀਆਂ ਮਾਰੂ ਨੀਤੀਆਂ ਦਾ ਡੱਟ ਕੇ ਵਿਰੋਧ ਕਰਨ ਇਸ ਮੌਕੇ ਜ਼ਿਲਾ ਪ੍ਰਧਾਨ ਜਗੀਰ ਸਿੰਘ ਖਹਿਰਾ ਜ਼ਿਲਾ ਕੈਸ਼ੀਅਰ ਜਤਿੰਦਰ ਸਿੰਘ ਰਿੰਕੂ ਬਲਾਕ ਮੀਤ ਪ੍ਰਧਾਨ ਮੇਜਰ ਸਿੰਘ ਚੰਦੀ ਬਲਾਕ ਸੀਨੀਅਰ ਮੀਤ ਪ੍ਰਧਾਨ ਹਰਜੀਤ ਸਿੰਘ ਗੱਟੀ ਆਦਿ ਹਾਜਰ ਸਨ।

# ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਨੂੰ ਸਮਰਪਿਤ ਨਗਰ ਕੀਰਤਨ ਅੱਜ



**ਫ਼ਿਰੋਜ਼ਪੁਰ, 21 ਨਵੰਬਰ (ਮਨੋਹਰ ਲਾਲ) :—** ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜਾ ਦੇਸ਼ਾਂ—ਵਿਦੇਸ਼ਾਂ ਵਿਚ ਬੜੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ, ਜਿਸ ਸਬੰਧ ਵਿਚ ਸ: ਸਤਿੰਦਰਜੀਤ ਸਿੰਘ ਪ੍ਰਧਾਨ ਖਾਲਸਾ ਗੁਰਦੁਆਰਾ ਫ਼ਿਰੋਜ਼ਪੁਰ ਛਾਉਣੀ ਦੀ ਅਗਵਾਈ ਹੇਠ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਫ਼ਿਰੋਜ਼ਪੁਰ ਛਾਉਣੀ ਦੀ ਮੀਟਿੰਗ ਖਾਲਸਾ ਗੁਰਦੁਆਰਾ ਫ਼ਿਰੋਜ਼ਪੁਰ ਛਾਉਣੀ ਵਿਖੇ ਕੀਤੀ ਗਈ। ਇਸ ਮੀਟਿੰਗ ਵਿਚ ਸਤਿੰਦਰਜੀਤ ਸਿੰਘ, ਤਰਲੋਕ ਸਿੰਘ, ਗੁਰਬਖਸ਼ੀਸ਼ ਸਿੰਘ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਤੇ ਭਾਈ ਮਤੀ ਦਾਸ ਜੀ, ਭਾਈ ਦਿਆਲਾ ਜੀ, ਭਾਈ ਸਤੀ ਦਾਸ ਜੀ ਦੀ 350 ਸਾਲਾ ਸ਼ਹੀਦੀ ਨੂੰ ਸਮਰਪਿਤ ਨਗਰ ਕੀਰਤਨ ਮਿਤੀ 22 ਅਕਤੂਬਰ ਨੂੰ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਜੀ ਫ਼ਿਰੋਜ਼ਪੁਰ ਛਾਉਣੀ ਤੋਂ ਸ਼ੁਰੂ ਹੋ ਕੇ ਜੀ.ਟੀ ਰੋਡ ਅਤੇ ਫ਼ਿਰੋਜ਼ਪੁਰ ਛਾਉਣੀ ਦੇ ਬਜ਼ਾਰਾਂ ਵਿਚੋਂ ਹੁੰਦਾ ਹੋਇਆ ਖਾਲਸਾ ਗੁਰਦੁਆਰਾ ਸਾਹਿਬ ਵਿਖੇ ਪਹੁੰਚੇਗਾ। ਆਗੂਆਂ ਨੇ ਦੱਸਿਆ ਕਿ ਪ੍ਰਭਾਤ ਫੇਰੀਆਂ 23 ਨਵੰਬਰ ਤੋਂ 27 ਨਵੰਬਰ ਤੱਕ ਖਾਲਸਾ ਗੁਰਦੁਆਰਾ ਸਾਹਿਬ ਤੋਂ ਸ਼ੁਰੂ ਕੀਤੀਆਂ ਜਾ ਰਹੀਆਂ ਹਨ ਅਤੇ ਮਿਤੀ 23 ਨਵੰਬਰ ਨੂੰ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਤ੍ਰਿਵੈਣੀ ਚੌਂਕ ਫ਼ਿਰੋਜ਼ਪੁਰ ਛਾਉਣੀ ਵਿਖੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਪਾਠ ਪ੍ਰਕਾਸ਼ ਕੀਤਾ ਜਾਵੇਗਾ, 25 ਨਵੰਬਰ ਨੂੰ ਸ਼ਹੀਦੀ ਸਮਾਗਮ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਵਿਖੇ ਮਨਾਇਆ ਜਾਵੇਗਾ ਅਤੇ ਮਿਤੀ 27 ਨਵੰਬਰ ਨੂੰ ਖਾਲਸਾ ਗੁਰਦੁਆਰਾ ਵਿਖੇ ਮਨਾਇਆ ਜਾਵੇਗਾ। ਇਸ ਮੌਕੇ ਤੇ ਸ੍ਰੀ ਜ਼ੋਰਾ ਸਿੰਘ, ਪਰਮਜੀਤ ਸਿੰਘ, ਅਮਰੀਕ ਸਿੰਘ, ਸੁਖਜਿੰਦਰ ਸਿੰਘ, ਗੁਰਨਾਮ ਸਿੰਘ, ਤਰਲੋਕ ਸਿੰਘ, ਗੁਰਚਰਨ ਸਿੰਘ, ਦਵਿੰਦਰ ਸਿੰਘ ਤੇਜੀ, ਹਰਪ੍ਰੀਤ ਸਿੰਘ, ਗੁਰਪ੍ਰੀਤ ਸਿਘ ਆਦਿ ਮੌਜੂਦ ਸਨ।

### ਸ੍ਰੀ ਆਨੰਦਪੁਰ ਸਾਹਿਬ ਤੋਂ ਆਰੰਭ ਹੋਈ ਧਰਮ ਰੱਖਿਅਕ ਯਾਤਰਾ ਦਿੱਲੀ ਦੇ ਵੱਖ-ਵੱਖ ਖੇਤਰਾਂ ਵਿਚੋਂ ਗੁਜ਼ਰਨ ਉਪਰੰਤ

# ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਹੋਈ ਸੰਪੰਨ



ਨਵੀਂ ਦਿੱਲੀ, 21 ਨਵੰਬਰ (ਮਨਪ੍ਰੀਤ ਸਿੰਘ ਖਾਲਸਾ): ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਹਨਾਂ ਦੇ ਅਨਿੰਨ ਸੇਵਕਾਂ ਭਾਈ ਮਤੀ ਦਾਸ, ਭਾਈ ਸਤੀ ਦਾਸ ਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸ੍ਰੀ ਆਨੰਦਪੁਰ ਸਾਹਿਬ ਦੀ ਪਾਵਨ ਧਰਤੀ ਤੋਂ ਆਰੰਭ ਹੋਈ ਧਰਮ ਰੱਖਿਅਕ ਯਾਤਰਾ ਕੌਮੀ ਰਾਜਧਾਨੀ ਦਿੱਲੀ ਦੇ ਵੱਖ-ਵੱਖ ਇਲਾਕਿਆਂ ਵਿਚੋਂ ਗੁਜ਼ਰਨ ਉਪਰੰਤ ਅੱਜ ਦੇਰ ਸ਼ਾਮ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਸੰਪੰਨ ਹੋ ਗਈ। ਇਹ ਯਾਤਰਾ 13 ਨਵੰਬਰ ਨੂੰ ਸ੍ਰੀ ਆਨੰਦਪੁਰ ਸਾਹਿਬ ਤੋਂ ਆਰੰਭ ਹੋਈ ਸੀ ਤੇ 14 ਨਵੰਬਰ ਨੂੰ ਦਿੱਲੀ ਵਿਚ ਦਾਖਲ ਹੋਈ ਸੀ। ਇਸ ਬਾਰੇ ਜਾਣਕਾਰੀ ਦਿੰਦਿਆਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਯਾਤਰਾ ਨੇ ਇਕ ਹਫਤੇ ਤੋਂ ਵੱਧ ਸਮੇਂ ਵਿਚ ਦਿੱਲੀ ਦੇ ਸੈਂਕੜੇ ਇਲਾਕਿਆਂ ਵਿਚੋਂ ਗੁਜ਼ਰਨ ਸਮੇਂ ਲੱਖਾਂ ਦਿੱਲੀ ਵਾਸੀਆਂ ਨੂੰ ਦਰਸ਼ਨ ਦਿੱਤੇ। ਉਹਨਾਂ ਦੱਸਿਆ ਕਿ ਅੱਜ ਆਖਰੀ ਦਿਨ ਯਾਤਰਾ ਡੇਰਾ ਬਾਬਾ ਕਰਮ ਸਿੰਘ ਤੋਂ ਸ਼ੁਰੂ ਹੋਈ ਤੇ ਈਸਟ ਅੰਗਦ ਨਗਰ, ਸ਼ੰਕਰ ਵਿਹਾਰ, ਵਿਕਾਸ ਮਾਰਗ ਤੋਂ ਯੂ ਟਰਨ ਆਈ ਟੀ ਵਾਲੇ ਪਾਸੇ ਨੂੰ ਲਕਸ਼ਮੀ ਨਗਰ ਮੈਟਰੋ ਸਟੇਸ਼ਨ ਤੋਂ ਖੱਬੇ, ਸ਼ੱਕਰਪੁਰ ਮੇਨ ਰੋਡ, ਪਾਂਡਵ ਨਗਰ, ਆਈ ਪੀ ਐਕਸਟੈਨਸ਼ਨ, ਮਯੂਰ ਵਿਹਾਰ ਫੇਜ਼-2, ਕਲਿਆਣਪੁਰੀ 20 ਬਲਾਕ, ਚਾਂਦ ਸਿਨੇਮਾ, ਮਯੂਰ ਵਿਹਾਰ ਫੇਜ਼ 1, ਅਕਸ਼ਰਧਾਮ ਮੈਟਰੋ ਸਟੇਸ਼ਨ, ਆਈ ਟੀ ਓ ਚੌਂਕ ਤੋਂ ਸੱਜੇ, ਦਿੱਲੀ ਗੇਟ, ਦਰਿਆ ਗੰਜ ਮੇਨ ਬਜ਼ਾਰ ਤੇ ਲਾਲ ਕਿਲ੍ਹੇ ਤੋਂ ਖੱਬੇ ਹੁੰਦੀ ਹੋਈ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਸੰਪੰਨ ਹੋਈ। ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਦੱਸਿਆ ਕਿ ਯਾਤਰਾ ਦੀ ਸਮਾਪਤੀ ਤੋਂ ਪਹਿਲਾਂ ਹੀ ਲਾਲ ਕਿਲ੍ਹੇ 'ਤੇ ਸਮਾਗਮ ਸ਼ੁਰੂ ਹੋ ਗਏ ਹਨ ਅਤੇ ਸਭ ਤੋਂ ਪਹਿਲਾਂ ਲਾਈਟ ਐਂਡ ਸਾਊਂਡ ਸ਼ੋਅ ਰੋਜ਼ਾਨਾ ਹੋ ਰਹੇ ਹਨ। ਉਹਨਾਂ ਦੱਸਿਆ ਕਿ 23 ਤੋਂ 25 ਨਵੰਬਰ ਤੱਕ ਮੁੱਖ ਸਮਾਗਮ ਹੋਣਗੇ ਤੇ 26 ਨਵੰਬਰ ਨੂੰ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਖੇ ਸਮਾਗਮ ਨਾਲ ਇਹ 350 ਸਾਲਾ ਸ਼ਹੀਦੀ ਸਮਾਗਮ ਸੰਪੰਨ ਹੋਣਗੇ।

### ਦਿੱਲੀ ਕਮੇਟੀ ਮੈਂਬਰ ਵਲੋਂ ਪਿਸ਼ਾਬਘਰ ਉਪਰ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ

# 350 ਸਾਲਾਂ ਸ਼ਹੀਦੀ ਸਮਾਗਮ ਦਾ ਬੋਰਡ ਲਗਾ ਕੇ ਸਿੱਖਾਂ ਦੇ ਵਲੂੰਧਰੇ ਹਿਰਦੇ: ਪਰਮਜੀਤ ਸਿੰਘ ਵੀਰਜੀ




**ਨਵੀਂ ਦਿੱਲੀ, 21 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**-ਸਿੱਖ ਪੰਥ ਨੌਂਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਦੇ ਅਨਿੰਨ ਸਿੱਖ ਭਾਈ ਸਤੀ ਦਾਸ ਜੀ, ਭਾਈ ਮਤੀਦਾਸ ਜੀ ਅਤੇ ਭਾਈ ਦਿਆਲਾ ਜੀ ਦਾ 350 ਸਾਲਾਂ ਸ਼ਹੀਦੀ ਦਿਹਾੜਾ ਬੜੇ ਉਤਸ਼ਾਹ ਨਾਲ ਮਨਾ ਰਹੀ ਹੈ। ਇਸ ਦੌਰਾਨ ਦੇਖਣ ਵਿਚ ਆਇਆ ਕਿ ਜੇਲ੍ਹ ਰੋਡ ਉਪਰ ਦਿੱਲੀ ਕਮੇਟੀ ਦੇ ਮੈਂਬਰ ਰਮਨਦੀਪ ਸਿੰਘ ਥਾਪਰ ਦੇ ਨਾਮ ਹੇਠ ਇਕ ਬੋਰਡ ਜੋ ਕਿ ਲਾਲ ਕਿੱਲੇ ਉਪਰ ਹੋਣ ਵਾਲੇ ਪ੍ਰੋਗਰਾਮ ਦਾ ਗੁਰਮੁੱਖੀ ਵਿਚ ਵੇਰਵਾ ਦੇਂਦਾ ਹੋਇਆ ਪਿਸ਼ਾਬਘਰ ਦੇ ਉਪਰ ਲਗਾ ਦਿੱਤਾ ਗਿਆ ਹੈ ਜਿਸ ਨੂੰ ਦੇਖ ਕੇ ਓਥੋਂ ਨਿਕਲ ਰਹੇ ਹਰ ਗੁਰਸਿੱਖ ਵੀਰ ਅਤੇ ਭੈਣ ਦਾ ਹਿਰਦਾ ਵਲੂੰਧਰਿਆ ਜਾ ਰਿਹਾ ਹੈ। ਇਸ ਬਾਰੇ ਓਥੋਂ ਦੀਆਂ ਸੰਗਤਾਂ ਨੇ ਇਸ ਮਾਮਲੇ ਲਈ ਸਰਦਾਰ ਪਰਮਜੀਤ ਸਿੰਘ ਵੀਰਜੀ ਨੂੰ ਮਿਲ਼ ਕੇ ਦਸਿਆ ਕਿ ਅਸੀਂ ਇਸ ਬੋਰਡ ਨੂੰ ਹਟਾਉਣ ਲਈ ਰਮਨਦੀਪ ਸਿੰਘ ਥਾਪਰ ਨੂੰ ਮੁੱਖਾਤਬਿਕ ਹੁੰਦਿਆਂ ਇਕ ਵੀਡੀਓ ਵੀਂ ਜਾਰੀ ਕੀਤੀ ਹੈ, ਕਮੇਟੀ ਮੈਂਬਰ ਸਿੱਖ ਰਹਿਤ ਮਰਿਆਦਾ ਦੇ ਜਾਣੂ ਨਹੀਂ ਹੋਣ ਦੇ ਨਾਲ ਦਰਦਮੰਦ ਸਿੱਖ ਨਹੀਂ ਲਗ ਰਹੇ ਹਨ ਜੋ ਉਨ੍ਹਾਂ ਨੇ ਗਲਤ ਥਾਂ ਉਪਰ ਬੋਰਡ ਲਗਵਾਇਆ ਹੈ ਇਸ ਲਈ ਇੰਨ੍ਹਾ ਵਿਰੁੱਧ ਤਖਤ ਸਾਹਿਬ ਤੋਂ ਕਾਰਵਾਈ ਕਰਵਾਈ ਜਾਏ। ਇਸ ਬਾਰੇ ਗੱਲਬਾਤ ਕਰਦਿਆਂ ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਮੁੱਖੀ ਅਤੇ ਦਿੱਲੀ ਕਮੇਟੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ ਚੇਅਰਮੈਨ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਦਸਿਆ ਕਿ ਸੰਗਤਾਂ ਵਲੋਂ ਸਾਨੂੰ ਵੀਡੀਓ ਅਤੇ ਫੋਟੋਆਂ ਦਿਖਾਈ ਗਈਆਂ ਹਨ ਕਿ ਇਕ ਬਹੁਤ ਗਲਤ ਥਾਂ ਉਪਰ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ ਪ੍ਰੋਗਰਾਮਾਂ ਦਾ ਵੇਰਵਾ ਦੇਂਦਾ ਬੋਰਡ ਲਗਾਇਆ ਗਿਆ ਹੈ। ਇਸ ਪਿੱਛੇ ਕਮੇਟੀ ਮੈਂਬਰ ਅਤੇ ਦਿੱਲੀ ਸਰਕਾਰ ਨੂੰ ਆਪਣਾ ਪੱਖ ਰੱਖਣਾ ਚਾਹੀਦਾ ਹੈ ਕਿ ਗੁਰਮੁੱਖੀ ਵਿਚ ਲਿਖਿਆ ਗਿਆ ਬੋਰਡ ਕਿਸ ਭਾਵਨਾਵਾਂ ਅਧੀਨ ਲਗਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਮੇਟੀ ਮੈਂਬਰ ਰਮਨਦੀਪ ਥਾਪਰ ਨੂੰ ਗੁਰਮੁੱਖੀ ਦਾ ਇਹ ਬੋਰਡ ਗਲਤ ਥਾਂ ਉਪਰ ਲਗਵਾਣ ਤੋਂ ਪਹਿਲਾਂ ਸੋਚਣਾ ਚਾਹੀਦਾ ਸੀ ਕਿ ਓਹ ਪੰਥ ਦੀ ਭਾਵਨਾਵਾਂ ਨਾਲ ਖਿਲਵਾੜ ਕਰ ਰਹੇ ਹਨ, ਜ਼ੇਕਰ ਇਹ ਦਿੱਲੀ ਸਰਕਾਰ ਵਲੋਂ ਲਗਵਾਇਆ ਗਿਆ ਹੈ ਤਾਂ ਵੀਂ ਉਨ੍ਹਾਂ ਦਾ ਫਰਜ਼ ਬਣਦਾ ਸੀ ਕਿ ਓਹ ਹਰ ਓਸ ਥਾਂ ਨੂੰ ਦੇਖਣ ਜਿੱਥੇ ਜਿੱਥੇ ਬੋਰਡ ਲਗਾਏ ਗਏ ਹਨ ਕਿ ਓਹ ਥਾਂ ਤੇ ਬੋਰਡ ਲਗਾਣਾ ਚਾਹੀਦਾ ਹੈ ਜਾ ਨਹੀਂ। ਉਨ੍ਹਾਂ ਦਸਿਆ ਕਿ ਸੰਗਤਾਂ ਵਲੋਂ ਦਿਖਾਈ ਗਈ ਵੀਡੀਓ ਵਿਚ ਦੇਖਣ ਨੂੰ ਮਿਲਿਆ ਕਿ ਬੋਰਡ ਦੇ ਬਿਲਕੁਲ ਨਾਲ ਦੇ ਪਾਸੇ ਤੇ ਬੰਦੇ ਪਿਸ਼ਾਬ ਵੀਂ ਕਰਦੇ ਹੋਏ ਨਜਰੀ ਪੈ ਰਹੇ ਹਨ। ਉਨ੍ਹਾਂ ਕਿਹਾ ਕਿ ਇਕ ਆਮ ਸਿੱਖ ਵੀਂ ਇਤਨੀ ਗਲਤ ਹਰਕਤ ਨਹੀਂ ਕਰ ਸਕਦਾ ਫਿਰ ਇਹ ਤਾਂ ਦਿੱਲੀ ਕਮੇਟੀ ਦੇ ਮੈਂਬਰ ਹਨ ਤੇ ਗਲਤ ਥਾਂ ਤੇ ਬੋਰਡ ਲਗਵਾਦਿਆਂ ਉਨ੍ਹਾਂ ਕੁਝ ਵੀਂ ਸ਼ਰਮਿੰਦਾ ਨਹੀਂ ਹੋਏ। ਉਨ੍ਹਾਂ ਕਿਹਾ ਕਿ ਅਸੀਂ ਕਾਰਜਕਾਰੀ ਜੱਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੂੰ ਅਪੀਲ ਕਰਦੇ ਹੋਏ ਇਕ ਪੱਤਰ ਲਿਖ ਰਹੇ ਹਾਂ ਕਿ ਇਸ ਅਤਿ ਗੰਭੀਰ ਮਾਮਲੇ ਨੂੰ ਪਹਿਲ ਦੇ ਆਧਾਰ ਤੇ ਲੈ ਕੇ ਕਮੇਟੀ ਮੈਂਬਰ ਅਤੇ ਦਿੱਲੀ ਸਰਕਾਰ ਨੂੰ ਕਾਰਣ ਦਸੋ ਨੋਟਿਸ ਜਾਰੀ ਕੀਤਾ ਜਾਏ ਅਤੇ ਦੋਸ਼ ਸਾਬਿਤ ਹੋਣ ਤੇ ਕਮੇਟੀ ਮੈਂਬਰ ਉਪਰ ਬਣਦੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਦਸਿਆ ਕਿ ਇਸ ਬੋਰਡ ਨੂੰ ਹਟਾਉਣ ਲਈ ਰਮਨਦੀਪ ਸਿੰਘ ਥਾਪਰ ਨੂੰ ਮੁੱਖਾਤਬਿਕ ਹੁੰਦਿਆਂ ਸੰਗਤਾਂ ਵਲੋਂ ਵੀਡੀਓ ਵੀਂ ਜਾਰੀ ਕੀਤੀ ਹੈ ਜੋ ਕਿ ਬਹੁਤ ਵਾਇਰਲ ਵੀਂ ਹੋ ਰਹੀ ਹੈ ਪਰ ਬੋਰਡ ਨੂੰ ਨਹੀਂ ਹਟਾਇਆ ਗਿਆ ਹੈ। ਵੀਰ ਜੀ ਨੇ ਕਿਹਾ ਕਿ ਦਿੱਲੀ ਸਰਕਾਰ ਅਤੇ ਕਮੇਟੀ ਦਾ ਮੈਂਬਰ ਦਾ ਆਪਣਾ ਨਿੱਜੀ ਫਰਜ਼ ਬਣਦਾ ਹੈ ਕਿ ਓਹ ਹਰ ਬੋਰਡ ਨੂੰ ਸੁਚੱਜੀ ਥਾਂ ਉਪਰ ਲਗਵਾਣਾ ਚਾਹੀਦਾ ਹੈ ਜਿਸ ਨਾਲ ਕਿਸੇ ਦਾ ਵੀਂ ਹਿਰਦਾ ਦੁੱਖੀ ਨਾ ਹੋਏ।

### ਜੱਥੇਦਾਰ ਅਕਾਲ ਤਖਤ ਸਾਹਿਬ ਨੂੰ ਦਿੱਲੀ ਕਮੇਟੀ ਮੈਂਬਰ ਰਮਨਦੀਪ ਸਿੰਘ ਥਾਪਰ ਉਪਰ ਤੁਰੰਤ ਕਾਰਵਾਈ ਕਰਨ ਦੀ ਅਪੀਲ

# ਸਿੱਖਾਂ ਨਾਲ ਬਦਲੇ ਦੀ ਰਾਜਨੀਤੀ ਦਾ ਨਵਾਂ ਚਿਹਰਾ, ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਮਾਤਾ ਨੂੰ ਵਿਦੇਸ਼ ਜਾਣ ਤੋਂ ਰੋਕਿਆ : ਸ਼ਮਸ਼ੇਰ ਸਿੰਘ ਪੱਧਰੀ

## ਬੇਦੋਸ਼ ਮਾਤਾ ਬਲਵਿੰਦਰ ਕੌਰ ਨੂੰ ਦਿੱਲੀ ਏਅਰਪੋਰਟ 'ਤੇ ਅਚਾਨਕ ਰੋਕਣਾਂ ਸਿੱਖ ਵਿਰੋਧੀ ਸੋਚ ਦੀ ਖੁੱਲ੍ਹੀ ਨਿਸ਼ਾਨਦੇਹੀ

**ਅੰਮ੍ਰਿਤਸਰ, 21 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੀ



ਮਾਤਾ ਬਲਵਿੰਦਰ ਕੌਰ ਜੀ, ਜੋ ਆਪਣੇ ਨਵ-ਜਨਮੇ ਦੋਹਤੇ ਨੂੰ ਮਿਲਣ ਲਈ ਕੈਨੇਡਾ ਜਾ ਰਹੇ ਸਨ, ਨੂੰ ਅੱਜ ਦਿੱਲੀ ਏਅਰਪੋਰਟ 'ਤੇ ਬਿਨਾਂ ਕਿਸੇ ਕਾਨੂੰਨੀ ਆਧਾਰ ਦੇ ਰੋਕ ਲਿਆ ਗਿਆ। ਇਹ ਕਿਰਿਆ ਕਿਸੇ ਪ੍ਰਵਾਸੀ ਪ੍ਰਕਿਰਿਆ ਦੀ ਨਹੀਂ, ਬਲਕਿ ਪੂਰੀ ਤਰ੍ਹਾਂ ਮਨੁੱਖੀ ਅਧਿਕਾਰਾਂ ਅਤੇ ਨਿੱਜੀ ਆਜ਼ਾਦੀ 'ਤੇ ਸਿੱਧਾ ਹਮਲਾ ਹੈ। ਅਕਾਲੀ ਦਲ ਵਾਰਿਸ ਪੰਜਾਬ ਦੇ ਅੰਮ੍ਰਿਤਸਰ ਤੋਂ ਕਾਰਜਕਾਰੀ ਕਮੇਟੀ ਮੈਂਬਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਇਸ ਇਨਸਾਨੀਅਤ-ਵਿਰੋਧੀ ਕਾਰਵਾਈ ਦੀ ਸਖ਼ਤ ਨਿਖੇਧੀ ਕੀਤੀ ਹੈ। ਇੱਕ ਮਾਂ ਨੂੰ, ਜਿਸ ਉੱਪਰ ਨਾਂ ਕੋਈ ਕੇਸ, ਨਾਂ ਕੋਈ ਵਾਰੰਟ, ਨਾਂ ਕੋਈ ਪਾਬੰਦੀ ਹੋਣ ਬਾਵਜੂਦ ਰੋਕਣਾਂ, ਇਹ ਦਰਸਾਉਂਦਾ ਹੈ ਕਿ ਸਰਕਾਰ ਦਾ ਮੰਤਵ ਸਿਰਫ਼ ਡਰ ਪੈਦਾ ਕਰਨਾ ਅਤੇ ਸਿੱਖ ਕੌਮ ਨੂੰ ਅਧੀਨ ਰੱਖਣਾ ਹੈ। ਇਹ ਘਟਨਾ ਸਿਰਫ਼ ਇੱਕ ਯਾਤਰਾ ਰੋਕਣ ਦੀ ਨਹੀਂ, ਬਲਕਿ ਸਿੱਖ ਵਿਰੋਧੀ ਬਦਲੇ ਦੀ ਕਾਰਵਾਈ ਅਤੇ ਲੋਕਤੰਤਰਿਕ ਅਧਿਕਾਰਾਂ ਦੀ ਖੁੱਲ੍ਹੀ ਉਲੰਘਣਾ ਹੈ। ਤੀਹ-ਚਾਲੀ ਸਾਲ ਤੋਂ ਸਿੱਖ ਪਰਿਵਾਰਾਂ ਨੂੰ ਨਿਸ਼ਾਨਾ ਬਣਾਉਣ ਦਾ ਸਿਲਸਿਲਾ ਅਜੇ ਵੀ ਨਹੀਂ ਰੁਕਿਆ। ਨਵੀਆਂ ਸਰਕਾਰਾਂ ਦੇ ਰੰਗ, ਤਰੀਕੇ ਅਤੇ ਚਿਹਰੇ ਬਦਲਦੇ ਰਹਿੰਦੇ ਹਨ, ਪਰ ਨਿਸ਼ਾਨਾ ਅੱਜ ਵੀ ਸਿੱਖਾਂ 'ਤੇ ਹੀ ਹੈ। ਮਾਤਾ ਬਲਵਿੰਦਰ ਕੌਰ ਜੀ ਨੂੰ ਕੇਵਲ ਇਸ ਲਈ ਰੋਕਿਆ ਗਿਆ ਕਿਉਂਕਿ ਉਹ ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਮਾਂ ਹਨ। ਇਹ ਕਾਨੂੰਨੀ ਕਾਰਵਾਈ ਨਹੀਂ, ਇਹ ਰਾਜਨੀਤਿਕ ਬਦਲੇ ਦੀ ਸਭ ਤੋਂ ਨੀਚ ਸ਼ਕਲ ਹੈ। ਇੱਕ ਨਵਜਨਮੇਂ ਬੱਚੇ ਨੂੰ ਉਸਦੀ ਨਾਨੀ ਤੋਂ ਵੱਖ ਰੱਖਣਾ ਕਿਸੇ ਵੀ ਸੰਸਕਾਰ, ਕਾਨੂੰਨ ਜਾਂ ਨੈਤਿਕਤਾ ਵਿੱਚ ਬਰਦਾਸ਼ਤਯੋਗ ਨਹੀਂ। ਅਜਿਹੇ ਕਦਮ ਕੇਂਦਰ ਅਤੇ ਪੰਜਾਬ ਸਰਕਾਰ ਦੀ ਉਸ ਗੁ.ਲਾਮੀ ਭਰੀ ਸੋਚ ਨੂੰ ਜਾਹਿਰ ਕਰਦੇ ਹਨ ਜਿਹੜੀ ਸਿੱਖ ਕੌਮ ਦੇ ਹੱਕਾਂ ਨੂੰ ਦਬਾਉਣਾ ਚਾਹੁੰਦੀ ਹੈ। ਇਹ ਸਪੱਸ਼ਟ ਸੰਦੇਸ਼ ਹੈ ਕਿ ਜੋ ਵੀ ਸਿੱਖ ਆਪਣੀ ਕੌਮੀ ਆਵਾਜ਼ ਬੁਲੰਦ ਕਰੇਗਾ ਉਸਦੇ ਪਰਿਵਾਰ ਨੂੰ ਤੰਗ ਕਰਨਾ ਵੀ ਹਕੂਮਤ ਲਈ ਕੋਈ ਔਖਾ ਕੰਮ ਨਹੀਂ। ਉਹਨਾਂ ਕਿਹਾ ਕਿ ਮੈਂ ਸਪੱਸ਼ਟ ਕਰਦਾ ਹਾਂ ਕਿ ਇਹ ਜ਼ਬਰ, ਧੌਂਸ ਅਤੇ ਗੈਰ-ਲੋਕਤੰਤਰਿਕ ਤਰੀਕੇ ਸਿੱਖ ਕੌਮ ਨੂੰ ਡਰਾ ਨਹੀਂ ਸਕਦੇ।

## ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਮਾਤਾ ਜੀ ਨੂੰ ਕੈਨੇਡਾ ਜਾਣ ਤੋਂ ਰੋਕਣਾਂ ਘਟੀਆ ਤੇ ਗੈਰ-ਲੋਕਤੰਤਰਿਕ ਕਾਰਵਾਈ : ਅਕਾਲੀ ਦਲ ਵਾਰਿਸ ਪੰਜਾਬ ਦੇ

**ਅੰਮ੍ਰਿਤਸਰ, 21 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਮਾਤਾ ਬਲਵਿੰਦਰ ਕੌਰ ਜੀ, ਜੋ ਆਪਣੇ ਨਵ-ਜਨਮੇ ਦੋਹਤੇ ਨੂੰ ਮਿਲਣ ਲਈ ਕੈਨੇਡਾ ਜਾ ਰਹੇ ਸਨ, ਨੂੰ ਦਿੱਲੀ ਏਅਰਪੋਰਟ 'ਤੇ ਰੋਕ ਲਿਆ ਗਿਆ। ਇਹ ਕਿਸੇ ਆਮ ਯਾਤਰਾ ਜਾਂ ਪ੍ਰਵਾਸੀ ਮੁੱਦੇ ਦਾ ਮਾਮਲਾ ਨਹੀਂ ਹੈ। ਇਹ ਇੱਕ ਮਾਨਵ ਅਧਿਕਾਰ ਅਤੇ ਇਨਸਾਨੀ ਜਜ਼ਬੇ 'ਤੇ ਡੂੰਘਾ ਸਵਾਲ ਹੈ। ਸਰਕਾਰ ਇਸ ਤਰ੍ਹਾਂ ਦੀ ਕਾਰਵਾਈ ਨਾਲ ਇਹ ਦਰਸਾ ਰਹੀ ਹੈ ਕਿ ਉਹ ਕਾਨੂੰਨੀ ਪ੍ਰਕਿਰਿਆ ਦੀ ਇੱਜ਼ਤ ਨਹੀਂ ਕਰਦੀ ਅਤੇ ਇੱਕ ਨਵਜਨਮੀ ਬੱਚੀ ਅਤੇ ਉਸਦੀ ਨਾਨੀ ਵਿਚਕਾਰ ਮਿਲਾਪ ਵਰਗੀਆਂ ਨਾਜ਼ੁਕ ਪਰਿਵਾਰਕ ਹਾਲਾਤਾਂ 'ਤੇ ਵੀ ਜਬਰਦਸਤ ਦਖ਼ਲਅੰਦਾਜ਼ੀ ਕਰਨ ਲਈ ਤਿਆਰ ਹੈ। ਅੱਜ ਮੁੱਖ ਦਫਤਰ ਤੋਂ ਜਾਰੀ ਇਕ ਪ੍ਰੈਸ ਨੋਟ ਰਾਹੀਂ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਇਸ ਗੈਰ-ਇਨਸਾਨੀ ਕਾਰਵਾਈ ਦੀ ਸਖ਼ਤ ਨਿਖੇਧੀ ਕੀਤੀ ਗਈ। ਇਹ ਘਟਨਾ ਸਿਰਫ਼ ਇੱਕ ਮਾਂ ਦੀ ਯਾਤਰਾ ਰੋਕਣ ਦੀ ਨਹੀਂ, ਬਲਕਿ ਸਪੱਸ਼ਟ ਤੌਰ 'ਤੇ ਸਿੱਖ ਵਿਰੋਧੀ ਨੀਤੀਆਂ ਅਤੇ ਦਬਾਉ ਵਾਲੀ ਹਕੂਮਤੀ ਸੋਚ ਦੀ ਤਾਜ਼ਾ ਉਦਾਹਰਨ ਹੈ। ਮਾਤਾ ਬਲਵਿੰਦਰ ਕੌਰ ਜੀ ਉੱਪਰ ਨਾਂ ਕੋਈ ਦੋਸ਼, ਨਾਂ ਕੋਈ ਮਾਮਲਾ, ਨਾਂ ਕੋਈ ਕਾਨੂੰਨੀ ਪਾਬੰਦੀ ਹੋਣ ਦੇ ਬਾਵਜੂਦ ਉਨ੍ਹਾਂ ਨੂੰ ਰੋਕਣਾ ਕੇਂਦਰ ਅਤੇ ਪੰਜਾਬ ਸਰਕਾਰ ਦੀ ਉਸ ਗੁਲਾਮੀ ਭਰੀ ਬਦਲੇ ਦੀ ਕਾਰਵਾਈ ਵਾਲੀ ਅਤੇ ਤਨਾਸ਼ਾਹੀ ਸੋਚ ਨੂੰ ਬੇਨਕਾਬ ਕਰਦਾ ਹੈ, ਜਿਹੜੀ ਸਿੱਖਾਂ ਨਾਲ ਧੱਕੇਸ਼ਾਹੀ ਲਈ ਹਮੇਸ਼ਾਂ ਨਵੀਆਂ ਰਾਹਾਂ ਲੱਭਦੀ ਰਹੀ ਹੈ। ਇਹ ਇਨਸਾਨੀ ਹੱਕਾਂ, ਆਜ਼ਾਦੀ ਅਤੇ ਲੋਕਤੰਤਰ 'ਤੇ ਸਿੱਧਾ ਹਮਲਾ ਹੈ। ਤੀਹ-ਚਾਲੀ ਸਾਲਾਂ ਤੋਂ ਸਿੱਖ ਪਰਿਵਾਰਾਂ ਨੂੰ ਨਿਸ਼ਾਨਾ ਬਣਾਉਣ ਵਾਲੀ ਇਹ ਰਾਜਨੀਤੀ ਅੱਜ ਵੀ ਬਦਲੀਆਂ ਸ਼ਕਲਾਂ ਵਿੱਚ ਜਾਰੀ ਹੈ। ਮਾਤਾ ਬਲਵਿੰਦਰ ਕੌਰ ਜੀ ਨੂੰ ਕੇਵਲ ਇਸ ਲਈ ਰੋਕਿਆ ਗਿਆ ਕਿਉਂਕਿ ਉਹ ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਮਾਂ ਹਨ, ਇਹ ਨਾਂ ਸਿਰਫ਼ ਬਦਲੇ ਦੀ ਕਾਰਵਾਈ ਹੈ, ਬਲਕਿ ਇਹ ਧੌਂਸ, ਡਰ ਅਤੇ ਦਬਾਉ ਰਾਹੀਂ ਸਿੱਖ ਸਮਾਜ ਨੂੰ ਦਬਾਉਣ ਦੀ ਨਾਕਾਮ ਕੋਸ਼ਿਸ਼ ਵੀ ਹੈ। ਅਕਾਲੀ ਦਲ ਵਾਰਿਸ ਪੰਜਾਬ ਦੇ ਸਪਸ਼ਟ ਕਰਦਾ ਹੈ ਕਿ ਅਸੀਂ ਇਸ ਗੈਰ-ਲੋਕਤੰਤਰਿਕ, ਸਿੱਖ ਵਿਰੋਧੀ ਅਤੇ ਜ਼ਬਰਦਸਤੀ ਵਾਲੀ ਸਰਕਾਰੀ ਸੋਚ ਦਾ ਡੱਟ ਕੇ ਵਿਰੋਧ ਕਰਾਂਗੇ ਅਤੇ ਇਸ ਮਾਮਲੇ ਨੂੰ ਹਰ ਪੱਧਰ 'ਤੇ ਉਠਾਇਆ ਜਾਵੇਗਾ ਤਾਂ ਜੋ ਇਨਸਾਫ਼ ਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਹੋ ਸਕੇ।

## ਕੈਬਨਿਟ ਮੰਤਰੀ ਹਰਪਾਲ ਚੀਮਾ ਨੇ 11 ਪਿੰਡਾਂ ਦੇ 308 ਹੜ੍ਹ ਪੀੜਤਾਂ ਨੂੰ ਮੁਆਵਜ਼ਾ ਰਾਸ਼ੀ ਦੇ ਮਨਜ਼ੂਰੀ ਪੱਤਰ ਸੌਂਪੇ


**ਸੰਗਰੂਰ, 21 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸੀਬਾ ਸਕੂਲ, ਲਹਿਰਾਗਾਗਾ ਵਿਖੇ ਵਿੱਤ ਅਤੇ ਯੋਜਨਾ ਮੰਤਰੀ ਸ੍ਰ. ਹਰਪਾਲ ਸਿੰਘ ਚੀਮਾ ਨੇ ਭਾਰੀ ਮੀਂਹ ਨਾਲ ਹੋਏ ਨੁਕਸਾਨ ਸਬੰਧੀ ਹਲਕਾ ਦਿੜ੍ਹਬਾ ਦੇ 11 ਪਿੰਡਾਂ ਦੇ 308 ਹੜ੍ਹ ਪੀੜਤਾਂ ਨੂੰ ਨੁਕਸਾਨੀਆਂ ਫਸਲਾਂ ਸਬੰਧੀ 01 ਕਰੋੜ 16 ਲੱਖ 58 ਹਜ਼ਾਰ 938 ਰੁਪਏ ਦੀ ਮੁਆਵਜ਼ਾ ਰਾਸ਼ੀ ਦੇ ਮਨਜ਼ੂਰੀ ਪੱਤਰ ਸੌਂਪੇ। ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਕੀਤੇ ਐਲਾਨ ਮੁਤਾਬਕ ਮੁਆਵਜ਼ਾ ਦਿੱਤਾ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਹੜ੍ਹ ਪ੍ਰਭਾਵਿਤ ਲੋਕਾਂ ਦੀ ਹਰ ਸੰਭਵ ਸਹਾਇਤਾ ਕੀਤੀ ਅਤੇ ਹੁਣ ਉਹਨਾਂ ਦੀ ਜ਼ਿੰਦਗੀ ਮੁੜ ਲੀਹ 'ਤੇ ਲੈ ਕੇ ਆਉਣ ਲਈ ਮੁਆਵਜ਼ਾ ਰਾਸ਼ੀ ਵੰਡੀ ਜਾ ਰਹੀ ਹੈ। ਪਿਛਲੀਆਂ ਸਰਕਾਰਾਂ ਵੇਲੇ ਲੋਕਾਂ ਨੂੰ ਮੁਆਵਜ਼ਾ ਲੈਣ ਲਈ ਕਈ ਕਈ ਸਾਲ ਸਰਕਾਰੀ ਦਫ਼ਤਰਾਂ ਦੇ ਚੱਕਰ ਲਾਉਣੇ ਪੈਂਦੇ ਸਨ। ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਇਹ ਫੈਸਲਾ ਕੀਤਾ ਸੀ ਕਿ ਤੈਅ ਸਮੇਂ ਵਿੱਚ ਗਰਦੌਰੀਆਂ ਕਰਵਾ ਕੇ ਮੁਆਵਜ਼ਾ ਰਾਸ਼ੀ ਹੜ੍ਹ ਪੀੜਤਾਂ ਦੇ ਖਾਤਿਆਂ ਵਿੱਚ ਪਾਈ ਜਾਵੇ। ਪੰਜਾਬ ਸਰਕਾਰ ਨੇ ਜੋ ਵੀ ਐਲਾਨ ਕੀਤਾ ਸੀ, ਉਹ ਤੈਅ ਸਮੇਂ ਵਿੱਚ ਪੂਰਾ ਕਰ ਕੇ ਦਿਖਾਇਆ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਵਿਕਾਸ ਲਈ ਦਿਨ ਰਾਤ ਇੱਕ ਕਰ ਕੇ ਕੰਮ ਕਰ ਰਹੀ ਹੈ ਤੇ ਹਰ ਕਿਸਮ ਦੇ ਹਾਲਾਤ ਵਿੱਚ ਸੂਬੇ ਦੇ ਲੋਕਾਂ ਨਾਲ ਖੜ੍ਹੀ ਹੈ। ਉਹਨਾਂ ਕਿਹਾ ਕਿ ਜੇਕਰ ਮੁਆਵਜ਼ੇ ਸਬੰਧੀ ਕਿਸੇ ਨੂੰ ਕੋਈ ਦਿੱਕਤ ਦਰਪੇਸ਼ ਹੈ ਤਾਂ ਉਹ ਫੌਰੀ ਉਹਨਾਂ ਦੇ ਧਿਆਨ ਵਿੱਚ ਲੈਂਦੀ ਜਾਵੇ, ਉਹ ਫੌਰੀ ਉਸ ਦਾ ਹਰ ਸੰਭਵ ਹੱਲ ਕੀਤਾ ਜਾਵੇਗਾ। ਇਸ ਮੌਕੇ ਐਸ.ਡੀ.ਐਮ. ਸੂਬਾ ਸਿੰਘ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ ਅਤੇ ਵੱਡੀ ਗਿਣਤੀ ਪਿੰਡਾਂ ਦੇ ਲੋਕ ਹਾਜ਼ਰ ਸਨ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਸ਼ਹੀਦੀ ਦਿਹਾੜੇ 22/23 ਨਵੰਬਰ 25 ਮੰਗਲਵਾਰ 28/29/30 ਨਵੰਬਰ 2025 ਨੂੰ ਸਮਰਪਿਤ ਦੀਵਾਨ ਸਜਣਗੇ।

**ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ**

ਸ਼ਨਿੱਚਰਵਾਰ 22 ਨਵੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।

ਐਤਵਾਰ 23 ਨਵੰਬਰ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 12:30 ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਗੀ ਭਾਈ ਇੰਦਰਜੀਤ ਸਿੰਘ ਬੁੱਟਰ ਸਰਸੇ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778